ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਮਾਘ ਨਾਨਕਸ਼ਾਹੀ ਸੰਮਤ ੫੪੮
ਅੰਕ ੧ ਜਿਲਦ ੯੪
ਜਨਵਰੀ ੨੦੧੭

ਸੰਪਾਦਕ ਦਿਲਜੀਤ ਸਿੰਘ 'ਬੇਦੀ'

**ਸਹਾਇਤਾ**

| ਦੇਸ਼ | ਵਿਦੇਸ਼ |
| --- | --- |
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |

*Website : www.sgpc.net*
*E-mail : gurdwaragazette@gmail.com*
*info@sgpc.net*
*Phone: 0183-255 3956-60, Ext. 254*

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***

## ਲੇਖ ਸੂਚੀ

| *ਲੇਖ* | *ਪੰਨਾ* |
| --- | --- |
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੬ |
| ਸੰਪਾਦਕੀ | ੭ |
| ਵਹ ਪ੍ਰਗਟਿਓ ਮਰਦ ਅਗੰਮੜਾ ਵਰੀਆਮ ਇਕੇਲਾ *-ਪ੍ਰੋ. ਕਿਰਪਾਲ ਸਿੰਘ ਬਡੂੰਗਰ* | ੯ |
| ਧਰਮ ਅਤੇ ਨੈਤਿਕਤਾ ਦਾ ਮਾਰਗ ਦਰਸ਼ਕ-ਜ਼ਫ਼ਰਨਾਮਾ *-ਡਾ. ਪਰਮਵੀਰ ਸਿੰਘ* | ੧੨ |
| ਟੁੱਟੀ ਗੰਢਣ ਦਾ ਸੰਦੇਸ਼... *-ਸ. ਗੁਰਮੀਤ ਸਿੰਘ* | ੧੬ |
| ਛੋਟੀ ਉਮਰ ਦੇ ਸ਼ਹੀਦ ਯੋਧੇ *-ਡਾ. ਜਰਨੈਲ ਸਿੰਘ* | ੧੮ |
| ਯੁੱਧ ਕਲਾ ਦਾ ਮੁੱਢਲਾ ਸਬਕ : ਗਤਕਾ *-ਸ. ਹਰਭਜਨ ਸਿੰਘ 'ਵਕਤਾ'* | ੨੮ |
| *ਕਵਿਤਾ* | *੩੦* |
| ਖ਼ਬਰਨਾਮਾ | ੩੨ |
| ਧਰਮ ਪ੍ਰਚਾਰ ਸਰਗਰਮੀਆਂ | ੭੯ |
| ਹਿਸਾਬ-ਕਿਤਾਬ | ੮੭ |
| ***English Section*** | |
| Historical Events | *103* |
| Sri Guru Tegh Bahadur Sahib Ji *- S. Surjit Singh 'Gandhi'* | 104 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਮਾਘ)

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੩-੦੦ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੩-੦੦ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੪-੦੦ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੫-੦੦ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੩੦ ਵਜੇ ਸਵੇਰੇ |
| * ਪਹਿਲੀ ਅਰਦਾਸ | ੬-੦੦ ਵਜੇ ਸਵੇਰੇ |
| * ਸ੍ਰੀ ਆਸਾ ਜੀ ਦੀ ਵਾਰ ਦੀ ਸਮਾਪਤੀ | ੭-੦੦ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੭-੧੫ ਵਜੇ ਸਵੇਰੇ |
| * ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ। | |
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੩੦ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੯-੪੫ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਜਨਵਰੀ ਤੋਂ ੧੫ ਫਰਵਰੀ ਵਿਚਲੇ ਇਤਿਹਾਸਕ ਦਿਹਾੜੇ

| | |
|---|---|
| ੧੬ ਜਨਵਰੀ | ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ। (੧੬-੧-੧੬੩੦) |
| ੧੭ ਜਨਵਰੀ | ਸਰਕਾਰ ਨੇ ਗੁਰਦੁਆਰਾ ਸੈਂਟਰਲ ਬੋਰਡ ਦਾ ਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਜੋਂ ਪ੍ਰਵਾਨ ਕਰ ਲਿਆ। (੧੭-੧-੧੯੨੭) |
| ੧੮ ਜਨਵਰੀ | ਮਹਾਰਾਜਾ ਰਣਜੀਤ ਸਿੰਘ ਦਾ ਛੋਟਾ ਸਪੁੱਤਰ ਸ. ਸ਼ੇਰ ਸਿੰਘ ਰਾਜ ਗੱਦੀ 'ਤੇ ਬੈਠਾ। (੧੮-੧-੧੮੪੧) |
| ੧੯ ਜਨਵਰੀ | ਸਿੱਖਾਂ ਨੇ ਚਾਬੀਆਂ ਦਾ ਮੋਰਚਾ ਜਿੱਤਿਆ ਤੇ ਸਰਕਾਰ ਨੇ ਚਾਬੀਆਂ ਸਿੱਖਾਂ ਨੂੰ ਸੌਂਪੀਆਂ। (੧੯-੧-੧੯੨੨) |
| ੨੨ ਜਨਵਰੀ | ਅਦਾਲਤ ਨੇ ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਬਲਬੀਰ ਸਿੰਘ ਨੂੰ ਇੰਦਰਾ ਗਾਂਧੀ ਕਤਲ ਕੇਸ 'ਚ ਮੌਤ ਦੀ ਸਜ਼ਾ ਸੁਣਾਈ। (੨੨-੧-੧੯੮੬) |
| ੨੪ ਜਨਵਰੀ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ੧੨੯ ਮੈਂਬਰਾਂ ਅਤੇ ਇਕ ਲੱਖ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜਾਬੀ ਸੂਬੇ ਦੀ ਪ੍ਰਾਪਤੀ ਲਈ ਜਾਨਾਂ ਵਾਰਨ ਦਾ ਪ੍ਰਣ ਕੀਤਾ। (੨੪-੧-੧੯੬੦) |
| ੨੫ ਜਨਵਰੀ | ਸਿੱਖਾਂ ਦਾ ਇਕ ਜਥਾ ਤਰਨ ਤਾਰਨ ਵਿਖੇ ਪੁੱਜਾ ਅਤੇ ਮਹੰਤ ਦੇ ਕਿਰਾਏ ਦੇ ਬੰਦਿਆਂ ਨੇ ਸਿੱਖਾਂ 'ਤੇ ਹਮਲਾ ਕਰ ਦਿੱਤਾ ਅਤੇ ਜਿਸ ਨਾਲ ਭਾਈ ਹਜ਼ਾਰਾ ਸਿੰਘ,ਭਾਈ ਹੁਕਮ ਸਿੰਘ ਅਤੇ ਕਈ ਹੋਰ ਸਿੰਘ ਸਖ਼ਤ ਜ਼ਖ਼ਮੀ ਹੋਏ। (੨੫-੧-੧੯੨੧) |
| ੨੬ ਜਨਵਰੀ | ਬਾਬਾ ਦੀਪ ਸਿੰਘ ਜੀ ਦਾ ਜਨਮ ਭਾਈ ਭਗਤ ਸਿੰਘ ਦੇ ਗ੍ਰਹਿ ਮਾਤਾ ਜਿਊਣੀ ਜੀ ਦੀ ਕੁੱਖੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਪਹੂਵਿੰਡ ਵਿਖੇ ਹੋਇਆ। (੨੬-੧-੧੬੮੨) |
| ੩੦ ਜਨਵਰੀ | ਭਾਈ ਹਕੀਕਤ ਰਾਏ ਨੂੰ ਸ਼ਹੀਦ ਕੀਤਾ ਗਿਆ। (੩੦-੧-੧੭੪੨) |
| ੩੧ ਜਨਵਰੀ | ਸਿੱਖਾਂ ਦੇ ਧਾਰਮਿਕ ਚਿੰਨ੍ਹ ਕ੍ਰਿਪਾਨ 'ਤੇ ਲੱਗੀ ਪਾਬੰਦੀ ਵਾਪਸ ਲਈ ਗਈ ਅਤੇ ਇਕ ਨੋਟੀਫਿਕੇਸ਼ਨ ਰਾਹੀਂ ਐਲਾਨ ਕੀਤਾ ਗਿਆ ਕਿ ਕ੍ਰਿਪਾਨ ਹਥਿਆਰ ਨਹੀਂ ਹੈ। (੩੧-੧-੧੯੩੬) |
| ੪ ਫਰਵਰੀ | ਵਜਾਊਕੋਟ (ਗੁਰਦਾਸਪੁਰ) ਦਾ ਭਾਈ ਹੁਕਮ ਸਿੰਘ ਜੋ ੨੫ ਜਨਵਰੀ ੧੯੨੧ ਨੂੰ ਤਰਨਤਾਰਨ ਵਿਖੇ ਜ਼ਖ਼ਮੀ ਹੋ ਗਿਆ ਸੀ, ਚਲਾਣਾ ਕਰ ਗਿਆ। (੪-੨-੧੯੨੧) |
| ੧੦ ਫਰਵਰੀ | ਅੰਗਰੇਜ਼ਾਂ ਤੇ ਸਿੱਖਾਂ ਵਿਚ ਸਭਰਾਵਾਂ ਦੀ ਲੜਾਈ ਵਿਚ ਲਾਲ ਸਿਹੁੰ, ਤੇਜ ਸਿਹੁੰ ਅਤੇ ਗੁਲਾਬ ਸਿਹੁੰ ਡੋਗਰੇ ਦੀ ਗ਼ਦਾਰੀ ਦੇ ਕਾਰਨ ਸਿੱਖਾਂ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਅਤੇ ਮਹਾਨ ਜਰਨੈਲ ਸ. ਸ਼ਾਮ ਸਿੰਘ ਅਟਾਰੀਵਾਲਾ ਸ਼ਹੀਦ ਹੋ ਗਏ। (੧੦-੨-੧੮੪੬) |
| ੧੫ ਫਰਵਰੀ | 'ਸ਼੍ਰੋਮਣੀ ਅਕਾਲੀ ਦਲ' ਨੇ ੧੯੩੯ ਨੂੰ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿਚ ਹੂੰਝਾ-ਫੇਰ ਜਿੱਤ ਪ੍ਰਾਪਤ ਕੀਤੀ। (੧੫-੨-੧੯੩੯) |

■

**ਗੁਰਬਾਣੀ ਵਿਚਾਰ:**

# ਮਾਘਿ ਮਜਨੁ ਸੰਗਿ ਸਾਧੂਆ...

**ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ ॥**
**ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ ॥**
**ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ ॥**
**ਕਾਮਿ ਕਰੋਧਿ ਨ ਮੋਹੀਐ ਬਿਨਸੈ ਲੋਭੁ ਸੁਆਨੁ ॥**
**ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥**
**ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ ॥**
**ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ ॥**
**ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ ॥**
**ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥**

*(ਪੰਨਾ ੧੩੫)*

ਮਾਘ ਵਿਚ (ਮਾਘੀ ਵਾਲੇ ਦਿਨ) ਲੋਕ ਪ੍ਰਯਾਗ ਆਦਿਕ ਤੀਰਥਾਂ 'ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਹੇ ਭਾਈ! ਤੂੰ ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਨ੍ਹਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰ (ਨਿਮਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤ ਵੰਡ, (ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ਼ (ਤੇਰੇ ਮਨ ਤੋਂ) ਲਹਿ ਜਾਏਗੀ, ਤੇਰੇ ਮਨ ਵਿੱਚੋਂ ਅਹੰਕਾਰ ਦੂਰ ਹੋ ਜਾਏਗਾ।

(ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ, ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ-ਦਰ 'ਤੇ ਭਟਕਦਾ ਹੈ)। ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਵੀ ਸ਼ੋਭਾ ਕਰਦਾ ਹੈ। ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ)।

ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤ) ਦਿੰਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ।

ਹੇ ਨਾਨਕ! ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਨ੍ਹਾਂ ਤੋਂ ਸਦਕੇ ਹਾਂ। ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤ ਦਿੰਦਾ ਹੈ) ॥੧੨॥

■

*ਸੰਪਾਦਕੀ...*

# ਕੁਰਬਾਣੀ ਤਿਨ੍ਹਾਂ ਗੁਰਸਿਖਾਂ ਭਾਇ ਭਗਤਿ ਗੁਰਪੁਰਬ ਕਰੰਦੇ

*ਸਿੱਖ ਧਰਮ ਵਿਚ ਵਿਸ਼ੇਸ ਮਹੱਤਵ ਰਖਦੇ ਹਨ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ। ਆਪਣੇ ਪੁਰਖਿਆਂ ਨੂੰ ਸਦਾ ਯਾਦ ਰੱਖਣਾ, ਉਨ੍ਹਾਂ ਵੱਲੋਂ ਦਰਸਾਏ ਮਾਰਗ ਤੇ ਚਲਣਾ ਕੌਮ ਦੀ ਸੁਚੇਤਤਾ ਦਾ ਪ੍ਰਮਾਣ ਹੁੰਦਾ ਹੈ। ਭਾਈ ਗੁਰਦਾਸ ਜੀ ਦਾ ਬੜਾ ਅਨਮੋਲ ਬਚਨ ਹੈ:*

***ਕੁਰਬਾਣੀ ਤਿਨ੍ਹਾਂ ਗੁਰਸਿਖਾਂ ਭਾਇ ਭਗਤਿ ਗੁਰਪੁਰਬ ਕਰੰਦੇ॥***

*ਸਿੱਖ ਕੌਮ ਗੁਰੂ ਸਾਹਿਬਾਨ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਅਹਿਮ ਦਿਹਾੜਿਆਂ ਨੂੰ ਵਿਸ਼ੇਸ ਰੂਪ ਵਿਚ ਮਨਾਉਂਦੀ ਆਈ ਹੈ। ਕੁਝ ਖਾਸ ਸਮਿਆਂ 'ਤੇ ਇਨ੍ਹਾਂ ਦਿਹਾੜਿਆਂ ਨੂੰ ਸ਼ਤਾਬਦੀ ਦੇ ਰੂਪ ਵਿਚ ਮਨਾਇਆ ਗਿਆ। ਸਿੱਖ ਕੌਮ ਵਲੋਂ ੧੯੬੬ ਈ: ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੦੦ ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਰੂਪ ਵਿਚ ਮਨਾਏ ਗਏ। ਇਸ ਤੋਂ ਪਿਛੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੦੦ ਸਾਲਾ ਪ੍ਰਕਾਸ਼ ਪੁਰਬ (੧੯੬੯), ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ੩੦੦ ਸਾਲਾ ਸ਼ਹੀਦੀ ਪੁਰਬ (੧੯੭੫), ਅੰਮ੍ਰਿਤਸਰ ਨਗਰੀ ਦਾ ੪੦੦ ਸਾਲਾ ਸਥਾਪਨਾ ਦਿਹਾੜਾ (੧੯੭੭), ਸ੍ਰੀ ਗੁਰੂ ਅਮਰਦਾਸ ਜੀ ਦਾ ੫੦੦ ਸਾਲਾ ਪ੍ਰਕਾਸ਼ ਦਿਹਾੜਾ (੧੯੭੯), ਖ਼ਾਲਸਾ ਸਾਜਨਾ ਦਾ ੩੦੦ ਸਾਲਾ ਦਿਵਸ (੧੯੯੯), ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦੀ ਚੌਥੀ ਸ਼ਤਾਬਦੀ (੨੦੦੪), ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਪੰਜਵੀਂ ਸ਼ਤਾਬਦੀ (੨੦੦੫), ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਦੀ ਪੰਜਵੀਂ ਸ਼ਤਾਬਦੀ (੨੦੦੫), ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਦੀ ਚੌਥੀ ਸ਼ਤਾਬਦੀ (੨੦੦੬), ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ੩੦੦ ਸਾਲਾ ਸੰਪੂਰਨਤਾ ਦਿਵਸ (੨੦੦੭), ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦਾ ੪੦੦ ਸਾਲਾ ਸਥਾਪਨਾ ਦਿਵਸ (੨੦੦੯), ਸਰਹੰਦ ਫ਼ਤਹਿ ਦਿਵਸ ਦੀ ਤੀਸਰੀ ਸ਼ਤਾਬਦੀ ੨੦੧੦, ਅਤੇ ਸ੍ਰੀ ਅਨੰਦਪੁਰ ਸਾਹਿਬ ਦਾ ੩੫੦ ਸਾਲਾ ਸਥਾਪਨਾ ਦਿਵਸ ਸਿੱਖ ਕੌਮ ਵਲੋਂ ਪੂਰੇ ਜਾਹੋਜਲਾਲ ਨਾਲ ਮਨਾਏ ਗਏ। ਇਹ ਦਿਹਾੜੇ ਮਨਾਉਣ ਦਾ ਮਕਸਦ ਸੰਗਤਾਂ ਨੂੰ ਆਪਣੇ ਧਰਮ, ਵਿਰਸੇ ਅਤੇ ਇਤਿਹਾਸ ਤੋਂ ਜਾਣੂ ਕਰਵਾਉਣਾ ਹੈ।*

*ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ ਸਾਲਾ ਆਗਮਨ ਪੁਰਬ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਹੈ। ਗੁਰੂ ਸਾਹਿਬ ਦੇ ਜਨਮ ਅਸਥਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਵਿਖੇ ਉੱਥੋਂ ਦੀ ਪ੍ਰਬੰਧਕ ਕਮੇਟੀ, ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਿਹਾਰ ਸਰਕਾਰ, ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੇ ਸਹਿਯੋਗ ਨਾਲ ਵਿਸ਼ੇਸ ਤੌਰ ਤੇ ਸਮਾਗਮ ਕੀਤੇ ਗਏ। ਬਿਹਾਰ ਸਰਕਾਰ ਵੱਲੋਂ ਸੰਗਤਾਂ ਲਈ ਕੀਤੇ ਗਏ ਪ੍ਰਬੰਧ ਬਾ-ਕਮਾਲ ਸਨ। ਅਜਿਹੇ ਉਪਰਾਲਿਆਂ ਦੀ ਪ੍ਰਸੰਸਾ ਕਰਨੀ ਬਣਦੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਦਾ ਪ੍ਰਬੰਧ ਕੀਤਾ ਗਿਆ। ਪਾਉਂਟਾ ਸਾਹਿਬ ਦੀ ਧਰਤੀ ਤੋਂ ਕਵੀ ਦਰਬਾਰ ਨਾਲ ਅਰੰਭ ਹੋਏ ਇਨ੍ਹਾਂ ਸਮਾਗਮਾਂ ਦੀ ਲੜੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਗੁਰਦੁਆਰਾ ਸਾਹਿਬਾਨ ਵਿਚ ਗੁਰਮਤਿ ਸਮਾਗਮਾਂ ਦੇ ਰੂਪ ਵਿਚ ਚਲਦੀ ਰਹੀ। ਇਨ੍ਹਾਂ ਸਮਾਗਮਾਂ ਦੋਰਾਨ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਦਸਵੇਂ ਪਾਤਸ਼ਾਹ ਜੀ ਦੇ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਸੰਗਤਾਂ ਦੇ ਸਹਿਯੋਗ ਨਾਲ ਬੱਚਿਆਂ ਨੂੰ ਜਪੁਜੀ ਸਾਹਿਬ ਦੇ ਪਾਠ ਕਰਨ ਲਈ ਪ੍ਰੇਰਿਆ ਗਿਆ। ੨੨ ਦਸੰਬਰ ਨੂੰ ਵੱਖ-ਵੱਖ ਥਾਵਾਂ ਤੇ ਹੋਏ ਸਮਾਗਮਾਂ ਵਿਚ ਦੋ ਲੱਖ ਤੋਂ ਵੱਧ ਬੱਚਿਆਂ ਨੇ*

ਭਾਗ ਲਿਆ। ਇਸੇ ਤਰ੍ਹਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਵਿਸ਼ੇਸ ਨਗਰ ਕੀਰਤਨ ਆਰੰਭ ਕਰ ਕੇ ਪਟਨਾ ਸਾਹਿਬ ਵਿਖੇ ਸਮਾਪਤੀ ਕੀਤੀ ਗਈ। ਇਨ੍ਹਾਂ ਸਮਾਗਮਾਂ ਅੰਦਰ ਗੁਰੂ ਸਾਹਿਬ ਜੀ ਦੇ ਇਤਿਹਾਸ ਅਤੇ ਉਨ੍ਹਾਂ ਦੀ ਸਖ਼ਸ਼ੀਅਤ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ੧੬੬੬ ਈ: ਨੂੰ ਮਾਤਾ ਗੁਜਰੀ ਜੀ ਤੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਘਰ ਪਟਨਾ ਸਾਹਿਬ (ਬਿਹਾਰ) ਦੀ ਧਰਤੀ 'ਤੇ ਹੋਇਆ। ਉਨ੍ਹਾਂ ਦੇ ਪ੍ਰਕਾਸ਼ ਸਮੇਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇਸ਼ ਦੇ ਪੂਰਬੀ ਭਾਗ ਦੇ ਪ੍ਰਚਾਰ ਦੌਰੇ 'ਤੇ ਸਨ। ਨੌਵੇਂ ਪਾਤਸ਼ਾਹ ਨੇ ਸਾਹਿਬਜ਼ਾਦੇ ਦਾ ਨਾਮ 'ਗੋਬਿੰਦ ਰਾਏ' ਰੱਖਣ ਦਾ ਹੁਕਮ ਕੀਤਾ। ਬਾਲ 'ਗੋਬਿੰਦ ਰਾਏ' ਜੀ ਦੀ ਦੈਵੀ ਸ਼ਖ਼ਸੀਅਤ ਦਾ ਅਨੁਭਵ ਕਰਦਿਆਂ ਮੁਸਲਮਾਨ ਪੀਰ ਭੀਖਨ ਸ਼ਾਹ ਪਟਨਾ ਪਹੁੰਚੇ। ਜਦ ਪੀਰ ਨੇ ਸਤਿਗੁਰਾਂ ਦੇ ਦਰਸ਼ਨ ਕੀਤੇ ਤਾਂ ਵਿਸਮਾਦ ਵਿਚ ਪੁਕਾਰ ਉਠੇ ਕਿ ਇਹ ਬਾਲ ਸਾਰੀ ਮਨੁੱਖਤਾ ਨੂੰ ਪਿਆਰ ਕਰੇਗਾ। ਆਪ ਜੀ ਦੇ ਬਚਪਨ ਦੇ ਪਹਿਲੇ ਛੇ ਸਾਲ ਪਟਨਾ ਸ਼ਹਿਰ ਵਿਚ ਹੀ ਬੀਤੇ। ਕੁਝ ਸਮਾਂ ਪਿਛੋਂ ਨੌਵੇਂ ਪਾਤਸ਼ਾਹ ਜੀ ਨੇ ਆਪ ਜੀ ਨੂੰ ਪਰਿਵਾਰ ਸਮੇਤ ਅਨੰਦਪੁਰ ਸਾਹਿਬ ਵਿਖੇ ਬੁਲਾ ਲਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ੪੨ ਸਾਲ ਦੀ ਆਪਣੀ ਸੰਸਾਰਕ ਯਾਤਰਾ ਦੌਰਾਨ ਅਜਿਹੇ ਕਾਰਜ਼ ਕੀਤੇ ਜਿਨ੍ਹਾਂ ਨੇ ਇਤਿਹਾਸ ਨੂੰ ਨਵਾਂ ਮੋੜ ਦਿੱਤਾ। ਛੋਟੀ ਉਮਰ ਵਿਚ ਆਪਣੇ ਪਿਤਾ ਨੂੰ ਦੂਜਿਆਂ ਦਾ ਧਰਮ ਬਚਾਉਣ ਲਈ ਬਲੀਦਾਨ ਦੇਣ ਦੀ ਸਲਾਹ ਦੇਣੀ, ਖ਼ਾਲਸਾ ਪੰਥ ਦੀ ਸਾਜਣਾ ਕਰਨਾ, ਅਨੇਕਾਂ ਧਰਮ ਯੁੱਧ, ਕਰਤੱਵ ਤੇ ਬਖਸ਼ਿਸ਼ਾਂ ਕਰ ਮੁਰਦਾ ਹੋ ਚੁੱਕੀ ਕੌਮ ਵਿਚ ਨਵੀਂ ਰੂਹ ਫੂਕ ਜਾਗ੍ਰਿਤੀ ਪੈਦਾ ਕਰਨੀ, ਨੀਵੀਆਂ ਜਾਤਾਂ ਵਿਚ ਯੋਧੇ ਪੈਦਾ ਕਰਨਾ, ਪਠਾਣਾਂ ਤੇ ਔਰੰਗਜ਼ੇਬ ਦੇ ਵਿਸ਼ਾਲ ਰਾਜ ਨਾਲ ਟੱਕਰ ਲੈਣਾ ਆਦਿ ਕਾਰਜ ਆਪ ਜੀ ਦੀ ਸ਼ਖ਼ਸੀਅਤ ਨੂੰ ਉਭਾਰਦੇ ਹਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ੧੬੯੯ ਈ: ਵਿਚ ਖ਼ਾਲਸਾ ਪੰਥ ਦੀ ਸਿਰਜਨਾ ਕਰ ਕੇ ਸਾਹ ਸਤ ਹੀਨ ਹੋ ਚੁੱਕੇ ਲੋਕ ਮਨਾਂ ਅੰਦਰ ਏਕਤਾ, ਕੁਰਬਾਨੀ, ਦਲੇਰੀ ਤੇ ਜ਼ੁਲਮ ਵਿਰੁੱਧ ਡਟਣ ਦੀ ਭਾਵਨਾ ਪੈਦਾ ਕਰ ਦਿੱਤੀ। ਗੁਰੂ ਸਾਹਿਬ ਨੇ '**ਮਾਨਸ ਕੀ ਜਾਤਿ ਸਬੈ ਏਕੈ ਪਹਿਚਾਨਬੋ**' ਦੇ ਸਿਧਾਂਤ ਨੂੰ ਅਮਲ ਵਿਚ ਲਿਆ ਕੇ ਪੰਜਾਂ ਪਿਆਰਿਆਂ ਨੂੰ ਇੱਕੋ ਹੀ ਬਾਟੇ 'ਚੋਂ ਅੰਮ੍ਰਿਤ ਛਕਾਇਆ ਅਤੇ ਉਚ-ਨੀਚ ਤੇ ਇਲਾਕਿਆਂ ਦਾ ਭੇਦ-ਭਾਵ ਮਿਟਾ ਕੇ ਲਿਤਾੜੇ ਤੇ ਨਿਮਾਣੇ ਲੋਕਾਂ ਵਿਚ ਅਜਿਹੀ ਸ਼ਕਤੀ ਦਾ ਸੰਚਾਰ ਕੀਤਾ ਕਿ ਉਹ ਗਿੱਦੜਾਂ ਤੋਂ ਸ਼ੇਰ ਬਣ ਸਵਾ-ਸਵਾ ਲੱਖ ਅਤਿਆਚਾਰੀਆਂ ਨਾਲ ਟੱਕਰ ਲੈਣ ਦੇ ਸਮਰੱਥ ਬਣ ਗਏ। ਦਸਮ ਪਾਤਸ਼ਾਹ ਨੇ '**ਭੈ ਕਾਹੂ ਕੋ ਦੇਤ ਨਹਿ, ਨਹਿ ਭੈ ਮਾਨਤ ਆਨ**' ਦੇ ਮਹਾਨ ਸਿਧਾਂਤ ਨੂੰ ਸਨਮੁੱਖ ਰੱਖਦਿਆਂ ਇਹੀ ਜਜ਼ਬਾ ਪੂਰੇ ਖ਼ਾਲਸਾ ਪੰਥ ਵਿਚ ਭਰ ਦਿੱਤਾ। ਆਪ ਨੇ ਖ਼ਾਲਸਾ ਪੰਥ ਦੀ ਸ਼ਕਤੀ ਦੇ ਸਹਾਰੇ ਸ਼ਕਤੀਸ਼ਾਲੀ, ਅੱਤਿਆਚਾਰੀ ਤੇ ਅਨਿਆਈ ਮੁਗ਼ਲ ਸ਼ਾਸਨ ਦੀਆਂ ਜੜ੍ਹਾਂ ਹਿਲਾ ਕੇ ਰੱਖ ਦਿੱਤੀਆਂ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕੇਵਲ ਜੰਗ ਵਿਚ ਸਿੰਘਾਂ ਨੂੰ ਹੀ ਸ਼ਹੀਦ ਨਹੀਂ ਕਰਵਾਇਆ ਬਲਕਿ ਆਪਣੇ ਸਾਹਿਬਜ਼ਾਦਿਆਂ ਤੇ ਪਿਤਾ ਜੀ ਦੀ ਸ਼ਹੀਦੀ ਦੇ ਕੇ ਸਰਬੰਸਦਾਨੀ ਦਾ ਰੁਤਬਾ ਪ੍ਰਾਪਤ ਕੀਤਾ। ਕਲਗੀਧਰ ਪਿਤਾ ਨੇ ਆਪਣੇ ਚਾਰੇ ਲਾਲ ਧਰਮ ਦੀ ਰੱਖਿਆ ਲਈ ਸ਼ਹੀਦ ਕਰਵਾ ਦਿੱਤੇ। ਆਪ ਜੀ ਦੇ ਵੱਡੇ ਸਾਹਿਬਜ਼ਾਦੇ ਚਮਕੌਰ ਸਾਹਿਬ ਦੇ ਯੁੱਧ ਵਿਚ ਤੇ ਛੋਟੇ ਸਾਹਿਬਜ਼ਾਦੇ ਸਰਹਿੰਦ ਵਿਖੇ ਦੀਵਾਰ ਵਿਚ ਚਿਣ ਕੇ ਸ਼ਹੀਦ ਕੀਤੇ ਗਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਨਿਆਂ, ਅੱਤਿਆਚਾਰ ਤੇ ਅਮਾਨਵੀ ਪ੍ਰਵਿਰਤੀਆਂ ਦੇ ਖਿਲਾਫ਼ ਲੜਦਿਆਂ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ। ਸਭ ਕੁਝ ਲੁਟਾਉਣ ਤੋਂ ਬਾਅਦ ਵੀ ਕੋਈ ਸ਼ਿਕਵਾ, ਸ਼ਿਕਾਇਤ ਨਹੀਂ ਕੀਤੀ ਬਸ ਕੀਤਾ ਤਾਂ ਕੇਵਲ ਪਰਮਾਤਮਾ ਦਾ ਸ਼ੁਕਰਾਨਾ। ਉਨ੍ਹਾਂ ਨੇ ਜੋਤੀ-ਜੋਤ ਸਮਾਉਣ ਤੋਂ ਪਹਿਲਾਂ ਸ੍ਰੀ ਹਜ਼ੂਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾ-ਗੱਦੀ ਦੇ ਕੇ ਸਿੱਖ ਕੌਮ ਨੂੰ ਸ਼ਬਦ ਗੁਰੂ ਦੇ ਲੜ੍ਹ ਲਾ ਦਿੱਤਾ। ਗੁਰੂ ਸਾਹਿਬ ਜੀ ਨੇ ਆਪਣਾ ਸਾਰਾ ਪਰਿਵਾਰ ਹੱਕ-ਸੱਚ ਲਈ ਵਾਰ ਦਿੱਤਾ, ਜੋ ਸੰਸਾਰ ਦੇ ਇਤਿਹਾਸ ਵਿਚ ਅਸਲੋਂ ਨਿਵੇਕਲੀ ਗਾਥਾ ਹੈ। ਆਪ ਜੀ ਦਾ ਸਮੁੱਚਾ ਜੀਵਨ ਸਾਡੇ ਲਈ ਪ੍ਰੇਰਨਾ-ਸਰੋਤ ਹੈ, ਜਿਸ ਤੋਂ ਅਸੀਂ ਸੇਧ ਪ੍ਰਾਪਤ ਕਰਨੀ ਹੈ।

-ਦਿਲਜੀਤ ਸਿੰਘ 'ਬੇਦੀ'

# ਵਹ ਪ੍ਰਗਟਿਓ ਮਰਦ ਅਗੰਮੜਾ ਵਰੀਆਮ ਇਕੇਲਾ

-ਪ੍ਰੋ. ਕਿਰਪਾਲ ਸਿੰਘ ਬਡੂੰਗਰ*

ਜਿਸ ਤਰ੍ਹਾਂ ਅਥਾਹ ਸਮੁੰਦਰ ਵਿਚ ਹਰ ਘੜੀ ਬੇਅੰਤ ਲਹਿਰਾਂ ਉਠਦੀਆਂ ਅਤੇ ਮਿਟ ਜਾਂਦੀਆਂ ਹਨ, ਇਸੇ ਤਰ੍ਹਾਂ ਇਸ ਵਿਸ਼ਾਲ ਜਗਤ ਵਿਚ ਅਨੰਤ ਕਾਲ ਤੋਂ ਅਨਗਿਣਤ ਮਨੁੱਖ ਪੈਦਾ ਹੋਏ ਤੇ ਮਿਟ ਗਏ। ਸੰਸਾਰ ਦੀ ਇਹ ਚਾਲ ਇਕ-ਰਸ ਚਲ ਰਹੀ ਹੈ। ਇਸ ਸੰਸਾਰ ਵਿਚ ਜਨਮ ਲੈਣ ਵਾਲਿਆਂ ਵਿਚ ਕੁਝ ਲੋਕ ਨਿਜ-ਸਵਾਰਥ ਹਿਤ ਜਿਉਂਦੇ ਹਨ, ਕੁਝ ਲੋਕਾਂ ਦੀ ਸਥਿਤੀ "ਕਰਤੂਤਿ ਪਸੂ ਕੀ ਮਾਨਸ ਜਾਤਿ" ਵਾਲੀ ਹੁੰਦੀ ਹੈ ਜਦੋਂ ਕਿ ਕੁਝ ਲੋਕ ਬਲ ਬੁਧੀ ਅਤੇ ਹੁਨਰ ਕਾਰਨ ਹੰਕਾਰੀ ਹੋ ਜਾਂਦੇ ਹਨ। ਸੰਸਾਰ 'ਤੇ ਕੁਝ ਰੂਹਾਂ ਅਜਿਹੀਆਂ ਵੀ ਪੈਦਾ ਹੋਈਆਂ ਜਿਨ੍ਹਾਂ ਨੇ ਭਟਕੀ ਹੋਈ ਲੁਕਾਈ ਨੂੰ ਗਿਆਨ ਦਾ ਰਸਤਾ ਦਰਸਾਇਆ। ਅਜਿਹੀਆਂ ਸ਼ਖ਼ਸੀਅਤਾਂ ਵਿਚੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਸੰਸਾਰ ਲਈ ਚਾਨਣ ਮੁਨਾਰਾ ਹੈ। ਆਪ ਜੀ ਨੇ ਜਿਥੇ ਕਰਮਕਾਡਾਂ ਅਤੇ ਪਾਖੰਡਵਾਦ ਦਾ ਖੰਡਨ ਕੀਤਾ ਉਥੇ ਸਦੀਆਂ ਤੋਂ ਦਬੀ ਕੁਚਲੀ ਲੁਕਾਈ ਅੰਦਰ ਜ਼ੁਲਮ ਨਾਲ ਟੱਕਰ ਲੈਣ ਦਾ ਸਾਹਸ ਪੈਦਾ ਕੀਤਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਇਕ ਸ਼ਹਿਜ਼ਾਦੇ (ਗੋਬਿੰਦ ਰਾਇ) ਦੇ ਰੂਪ ਵਿਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਗ੍ਰਿਹਿ ਮਾਤਾ ਗੁਜਰੀ ਜੀ ਦੀ ਕੁਖੋਂ ੧੬੬੬ ਈ. ਨੂੰ ਪਟਨਾ ਸਾਹਿਬ ਵਿਖੇ ਹੋਇਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਛੋਟੀ ਉਮਰ ਵਿਚ ਹੀ ਵਿਦਿਆ ਵਿਚ ਪ੍ਰਬੀਨਤਾ ਪ੍ਰਾਪਤ ਕਰ ਲਈ ਸੀ। ਆਪ ਅਨੁਭਵ-ਸਿੱਧ ਪਰਮ ਮਨੁੱਖ ਸਨ, ਜਿਨ੍ਹਾਂ ਨੂੰ ਸ਼ਾਸਤ੍ਰ ਤੇ ਸ਼ਸਤ੍ਰ ਦਾ ਪੂਰਨ ਗਿਆਨ ਸੀ। ਉਹ ਇਕੋ ਵੇਲੇ ਗਹਿਰ ਗੰਭੀਰ ਧਾਰਮਿਕ ਆਗੂ, ਤੀਰ-ਤਲਵਾਰ ਨਾਲ ਰਣ-ਭੂਮੀ ਵਿਚ ਉਤਰਨ ਵਾਲੇ ਯੋਧੇ ਸਨ। ਸਮਕਾਲੀਨ ਪ੍ਰਸਥਿਤੀਆਂ ਨੇ ਯੁੱਧ ਅਤੇ ਕ੍ਰਾਂਤੀ ਲਈ ਆਪ ਨੂੰ ਮਜਬੂਰ ਕੀਤਾ ਪਰ ਆਪ ਆਪਣੀ ਧੁਰ-ਆਤਮਾ ਵਿਚ ਸਦਾ ਇਕ ਪ੍ਰਭੂ-ਭਗਤ ਹੀ ਰਹੇ। ਦਸਮੇਸ਼ ਪਾਤਸ਼ਾਹ ਜੀ ਨੇ ਸੰਤ ਦੇ ਨਾਲ-ਨਾਲ ਸਿਪਾਹੀ ਬਣਨ ਲਈ ਸ਼ਸਤਰ ਧਾਰਨ ਕਰਨ ਅਤੇ ਧਰਮ-ਯੁੱਧ ਕਰਨ ਦਾ ਪਵਿੱਤਰ ਉਦੇਸ਼ ਦਿੱਤਾ। ਲੋਕਾਈ ਨੂੰ 'ਧਰਮ ਜੁਧੁ ਕੈ ਚਾਇ' ਦਾ ਪਾਠ ਪੜ੍ਹਾਉਂਦਿਆਂ ਇਹ ਸਮਝਾਇਆ ਕਿ ਨੇਕੀ ਖਾਤਰ ਧਰਮ-ਯੁੱਧ ਕਰਨਾ ਜੀਵਨ ਦਾ ਪਰਮ ਕਰਤੱਵ ਹੈ। ਕਲਗੀਧਰ ਪਾਤਸ਼ਾਹ ਨੇ ਬੇਨਤੀ ਕਰਕੇ ਅਕਾਲ ਪੁਰਖ ਤੋਂ ਵੀ ਇਹੋ ਵਰ ਮੰਗਿਆ ਕਿ ਨੇਕੀ ਲਈ ਲੜਨੋਂ ਕਦੇ ਝਿਜਕੀਏ ਨਾ ਤੇ ਇਸ ਖਾਤਰ ਖੂਨ ਦਾ ਆਖਰੀ ਕਤਰਾ ਵਹਾਉਣੋਂ ਸੰਕੋਚ ਨਾ ਕਰੀਏ:

**ਦੇਹ ਸਿਵਾ ਬਰ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ॥**
**ਨ ਡਰੋਂ ਅਰਿ ਸੋ ਜਬ ਜਾਇ ਲਰੋਂ ਨਿਸਚੈ ਕਰ ਅਪਨੀ ਜੀਤ ਕਰੋਂ॥**
**ਅਰੁ ਸਿਖ ਹੋਂ ਆਪਨੇ ਹੀ ਮਨ ਕੌ ਇਹ ਲਾਲਚ ਹਉ ਗੁਨ ਤਉ ਉਚਰੋਂ॥**
**ਜਬ ਆਵ ਕੀ ਅਉਧ ਨਿਦਾਨ ਬਨੈ ਅਤ ਹੀ ਰਨ ਮੈ ਤਬ ਜੂਝ ਮਰੋਂ॥੨੩੧॥**

*(ਸ੍ਰੀ ਦਸਮ ਗ੍ਰੰਥ)*

ਆਪ ਨੇ ਕ੍ਰਿਪਾਨ ਦੀ ਵਰਤੋਂ ਰਾਜਸੱਤਾ ਪ੍ਰਾਪਤ ਕਰਨ, ਕਿਸੇ ਨੂੰ ਡਰਾਉਣ ਜਾਂ ਦਬਾਉਣ ਲਈ ਨਹੀਂ ਕੀਤੀ। ਪਹਿਲਾਂ ਕਿਸੇ ਉੱਤੇ ਧਾਵਾ ਨਹੀਂ ਬੋਲਿਆ ਅਤੇ ਨਾ ਹੀ ਜੰਗ ਵਿਚ ਕਿਸੇ ਨਿਹੱਥੇ ਉੱਤੇ ਵਾਰ ਕੀਤਾ। ਆਪ ਨੇ ਸ੍ਵੈ-ਰੱਖਿਆ, ਧਰਮ ਦੀ ਅਜ਼ਾਦੀ, ਸਰਬ ਲੋਕਾਈ ਦੇ ਭਲੇ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਹਿਤ ਕਈ ਯੁੱਧ ਲੜੇ ਤੇ ਜਿੱਤੇ। ਗੁਰੂ ਜੀ ਨੇ ਆਪਣੇ ਸਮੇਂ ਦੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਮਾਹੌਲ ਵਿਚ ਇੱਕ ਅਹਿਮ ਪਰਿਵਰਤਨ ਲਿਆਂਦਾ। ਵਹਿਮਾਂ-ਭਰਮਾਂ, ਪਾਪ ਤੇ ਅਧਰਮ ਵਿਚ ਗ੍ਰਸੇ ਲੋਕਾਂ ਨੂੰ ਨਵੀਂ, ਉੱਚੀ ਤੇ ਸੁੱਚੀ ਜੀਵਨ-ਜਾਚ ਸਿਖਾਈ।

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਆਦਰਸ਼-ਹੀਨ ਤੇ ਹਨੇਰੇ ਵਿਚ ਭਟਕ ਰਹੇ ਲੋਕਾਂ ਦੀ ਕੌਮੀ ਭਾਵਨਾ ਬਣਾਉਣ ਹਿਤ ਸ੍ਰੀ ਅਨੰਦਪੁਰ ਸਾਹਿਬ ਵਿਚ ੧੬੯੯ ਈ. ਨੂੰ ਅੰਮ੍ਰਿਤ ਦੀ ਦਾਤ ਬਖ਼ਸ਼ ਕੇ ਖ਼ਾਲਸਾ ਪੰਥ ਦੀ ਸਾਜਣਾ ਕੀਤੀ। ਆਪ ਜੀ ਨੇ ਖਾਲਸੇ ਨੂੰ ਨਵਾਂ ਬਲ, ਨਵੀਂ ਸੂਰਤ ਤੇ ਨਵਾਂ ਆਦਰਸ਼ ਪ੍ਰਦਾਨ ਕਰ ਕੇ ਹਮੇਸ਼ਾਂ ਆਸ਼ਾਵਾਦੀ ਮੰਡਲ ਵਿਚ ਵਿਚਰਨ ਦਾ ਆਦੇਸ਼ ਦਿੱਤਾ। ਉਨ੍ਹਾਂ ਨੇ ਆਪਣੇ ਉਪਦੇਸ਼ ਦੁਆਰਾ ਅਜਿਹਾ ਸ੍ਵੈ-ਵਿਸ਼ਵਾਸ ਤੇ ਸ੍ਵੈ-ਮਾਨ ਭਰਿਆ ਕਿ ਖ਼ਾਲਸੇ ਵਿਚ ਭਰਪੂਰ ਜਜ਼ਬੇ ਵਾਲਾ ਇਕ ਨਵਾਂ ਜੀਵਨ ਠਾਠਾਂ ਮਾਰਨ ਲਗ ਪਿਆ।

ਚਾਰੇ ਵਰਗਾਂ (ਬ੍ਰਾਹਮਣ, ਕਸ਼ੱਤ੍ਰੀ, ਵੈਸ਼ ਤੇ ਸ਼ੂਦਰ) ਦੇ ਲੋਕਾਂ ਦੇ ਕੰਮਾਂ ਨੂੰ ਇਕ ਨਵੇਂ ਮਨੁੱਖ (ਖ਼ਾਲਸਾ ਪੰਥ) ਦੇ ਹੱਥਾਂ ਵਿਚ ਪੱਕੇ ਤੌਰ 'ਤੇ ਦੇ ਦਿੱਤਾ। ਜਿਵੇਂ ਬ੍ਰਾਹਮਣ ਦਾ ਕੰਮ ਸੀ ਵਿੱਦਿਆ ਪ੍ਰਾਪਤੀ, ਪੂਜਾ-ਪਾਠ ਕਰਨਾ। ਇਹ ਕੰਮ ਖ਼ਾਲਸਾ ਕਰੇਗਾ, ਵਿਦਿਆ ਪ੍ਰਾਪਤੀ ਤੇ ਪੂਜਾ-ਪਾਠ ਵੀ। ਕਸ਼ੱਤ੍ਰੀ ਦਾ ਕੰਮ ਸੀ ਕੇਵਲ ਯੁੱਧ ਤੇ ਰਾਜੇ ਦੀ ਪਰਜਾ ਦੀ ਇਫ਼ਾਜ਼ਤ ਕਰਨਾ, ਇਹ ਕੰਮ ਵੀ ਖ਼ਾਲਸਾ ਤਿਆਰ-ਬਰ-ਤਿਆਰ (ਸ਼ਸਤਰਧਾਰੀ) ਹੋ ਕੇ ਕਰੇਗਾ। ਇਹ ਕਿਸੇ ਰਾਜੇ ਦੀ ਪਰਜਾ ਦੀ ਹੀ ਨਹੀਂ ਬਲਕਿ ਹਰੇਕ ਲੋੜਵੰਦ ਦੀ ਹਿਫ਼ਾਜ਼ਤ ਕਰੇਗਾ। ਵੈਸ਼ ਦਾ ਕੰਮ ਸੀ ਅਨਾਜ (ਭੋਜਨ ਪਦਾਰਥ) ਪੈਦਾ ਕਰਨਾ, ਇਹ ਕੰਮ ਖ਼ਾਲਸਾ (ਕਿਰਤ) ਖੇਤੀ-ਬਾੜੀ ਕਰਕੇ ਕਰੇਗਾ। ਸ਼ੂਦਰ ਦਾ ਕੰਮ ਸੀ ਅਖਾਉਤੀ ਉੱਚ ਜਾਤੀਆਂ ਦੀ ਸੇਵਾ ਕਰਨਾ, ਪਰ ਗੁਰੂ ਦਾ ਖ਼ਾਲਸਾ ਇਹ ਕੰਮ ਵੀ ਆਪ ਹੀ ਕਰੇਗਾ। ਜਿਵੇਂ ਸੰਗਤ ਵਿਚ ਝਾੜੂ ਦੀ ਸੇਵਾ, ਭਾਂਡਿਆਂ ਦੀ ਸੇਵਾ, ਜੋੜਿਆਂ ਦੀ ਸੇਵਾ ਆਦਿ। ਇਹ ਚਾਰੇ ਕੰਮਾਂ ਦੀ ਵੰਡ ਦਾ ਵਿਰੋਧ ਭਾਵੇਂ ਸ੍ਰੀ ਗੁਰੂ ਨਾਨਕ ਸਾਹਿਬ ਤੋਂ ਸ਼ੁਰੂ ਹੋ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤੱਕ ਹੁੰਦਾ ਰਿਹਾ ਪਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸੇ ਦੀ ਸਿਰਜਣਾ ਕਰਨ (ਅੰਮ੍ਰਿਤ ਛਕਾਉਣ) ਸਮੇਂ ਪੱਕੇ ਤੌਰ 'ਤੇ ਇਨਾਂ ਕੰਮਾਂ ਨੂੰ ਇਕ ਸਮਾਨ ਰੂਪ ਵਿਚ ਕਰਨ ਦੀ ਤਾਕੀਦ ਕੀਤੀ। ਭਾਈ ਸੰਤੋਖ ਸਿੰਘ ਜੀ ਲਿਖਦੇ ਹਨ:

**ਕਿਰਤ ਕਰਤਿ ਚਾਰਹੁ ਬਰਨ ਬਨਿ ਤੁਰਕਨ ਕੇ ਦੀਨ।**
**ਤਿਨ ਕੋ ਪਾਹੁਲ ਦੇਹਿਂ ਹਮ ਛਿਤਪਤਿ ਕਰਹਿਂ ਪ੍ਰਬੀਨ।**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪੰਥ ਦੀ ਸਥਾਪਨਾ ਕਰਦਿਆਂ ਆਪਣੇ ਸਿਧਾਂਤਾਂ ਦੇ ਮੁਤਾਬਿਕ 'ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥' ਅਤੇ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਦੋ ਨਾਹਰੇ ਵੀ ਦਿੱਤੇ। ਕਿਸੇ ਵੀ ਅੰਦੋਲਨ ਦੇ ਲਈ ਦਰਸ਼ਨ ਅਤੇ ਸਿਧਾਂਤ ਵਾਂਗ ਨਾਹਰੇ ਵੀ ਜ਼ਰੂਰੀ ਹਨ। ਨਾਹਰੇ ਲੋਕ-ਮਨ ਵਿਚ ਚੇਤਨਾ ਅਤੇ ਜੋਸ਼ ਦਾ ਸੰਚਾਰ ਕਰਦੇ ਹਨ ਅਤੇ ਅਵਾਮ ਨੂੰ ਜਥੇਬੰਦ ਕਰਨ ਵਿਚ ਮਦਦ ਦਿੰਦੇ ਹਨ। ਇਸ ਲਈ ਅੰਦੋਲਨ ਦਾ ਆਗੂ ਆਪਣੇ ਸਿਧਾਂਤ ਨੂੰ ਹਰਮਨ ਪਿਆਰਾ ਬਣਾਉਣ ਲਈ ਅਤੇ ਵੱਧ ਤੋਂ ਵੱਧ ਲੋਕਾਂ ਦਾ ਸਹਿਯੋਗ ਪ੍ਰਾਪਤ ਕਰਨ ਲਈ, ਜਿਨ੍ਹਾਂ ਨਾਹਰਿਆਂ ਦੀ ਵਰਤੋਂ ਕਰਦਾ ਹੈ ਉਹ, ਉਸ ਦੀ ਸਮਝਦਾਰੀ ਦੇ ਸਬੂਤ ਹੁੰਦੇ ਹਨ। ਅਸਲ ਵਿਚ ਲੱਛਮੀ ਤੇ ਸੋਨੇ ਦੇ ਪੁਜਾਰੀਆਂ ਨੂੰ ਸਰਬਲੋਹ ਦੇ ਪੁਜਾਰੀ ਬਣਾਇਆ ਗਿਆ, ਖੰਡੇ ਦੀ ਪਾਹੁਲ ਨੇ ਉਨ੍ਹਾਂ ਦੇ ਇਰਾਦੇ ਲੋਹੇ ਵਾਂਙ ਮਜ਼ਬੂਤ ਕਰ ਦਿੱਤੇ। ਧਰਮ ਲਈ ਆਪਣੀ ਜਾਨ ਦੇਣੀ ਤੇ ਨਿਰਦਈ ਜ਼ਾਬਰ ਦੀ ਜਾਨ ਲੈਣੀ ਉਨ੍ਹਾਂ ਲਈ ਸਾਧਾਰਨ ਗੱਲ ਸੀ। ਇਹ ਕਰਾਮਾਤ ਸੀ, ਜੋ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਵਰਤਾਈ ਤੇ ਪੰਜਾਬ ਵਿਚ ਆਜ਼ਾਦੀ ਦੀ ਜੋਤਿ ਜਗਾਈ। ਇਸ ਜੋਤਿ ਨੂੰ ਬੁਝਾਉਣ ਲਈ ਕਈ ਹਨ੍ਹੇਰੀਆਂ ਆਈਆਂ ਤੇ ਕਈ ਝੱਖੜ ਝੁਲੇ ਪਰ ਇਹ ਜੋਤਿ ਸਿਦਕ ਤੇ ਸ਼ਹੀਦੀਆਂ ਆਸਰੇ ਸਦਾ ਜਗਮਗਾਉਂਦੀ ਤੇ ਲੋਕਾਈ ਨੂੰ ਸਹੀ ਰਸਤਾ ਵਿਖਆਉਂਦੀ ਰਹੀ। ਜਨਤਾ ਵਿਚ ਸਦੀਆਂ ਤੋਂ ਪੈਰਾਂ ਹੇਠ ਮਿੱਧੇ ਹੋਏ ਰੰਕ ਚੁਣ ਕੇ ਉਨ੍ਹਾਂ ਨੂੰ ਅਜਿਹੇ ਸੂਰਬੀਰ ਯੋਧੇ ਬਣਾਇਆ ਕਿ ਵਿਰੋਧੀ ਧਿਰ ਦੇ ਲੇਖਕ ਵੀ ਸਿੱਖਾਂ ਦੀ ਤਾਰੀਫ਼ ਕਰਨੋਂ ਨਹੀਂ ਰਹਿ ਸਕੇ। ਕਾਜ਼ੀ ਨੂਰ ਮੁਹੰਮਦ ਜਿਹੜਾ ਅਹਿਮਦ ਸ਼ਾਹ ਦੁਰਾਨੀ ਦੇ ਸੱਤਵੇਂ ਹਮਲੇ ਸਮੇਂ ਫ਼ੌਜ ਨਾਲ ਆਇਆ ਸੀ। ਇਸ ਨੇ ਅੱਖੀਂ ਡਿਠੇ ਹਾਲ ਨੂੰ ਕਲਮਬੰਦ ਕੀਤਾ। ਇਸ ਦੇ ਮਨ ਵਿਚ ਸਿੱਖਾਂ ਪ੍ਰਤੀ ਬਹੁਤ ਨਫ਼ਰਤ ਸੀ ਤੇ ਇਹ ਆਪਣੀ ਰਚਨਾ ਵਿਚ ਸਿੱਖਾਂ ਲਈ ਸਗ (ਕੁੱਤਾ) ਸ਼ਬਦ ਵਰਤਦਾ ਹੈ, ਪਰ ਉਸ ਨੂੰ ਮਜ਼ਬੂਰ ਹੋ ਕੇ ਸਿੰਘਾਂ ਦੀ ਬਹਾਦਰੀ ਅਤੇ ਆਚਰਣ ਦੀ ਉਸਤਤਿ ਕਰਨੀ ਪਈ।

ਇਸ ਤਰ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਕ ਅਜਿਹੇ ਮਨੁੱਖ ਦਾ ਨਿਰਮਾਣ ਕੀਤਾ ਜੋ ਕਿ ਸਾਰੇ ਪੱਖਾਂ ਤੋਂ

ਸੰਪੂਰਨ ਅਤੇ ਮਾਨਵੀ ਅਜ਼ਾਦੀ ਲਈ ਮਰ ਮਿਟਣ ਵਾਲਾ ਸੀ। ਆਪ ਨੇ ਕ੍ਰਿਪਾਨ ਦੀ ਵਰਤੋਂ ਜ਼ਰੂਰ ਕੀਤੀ ਪਰ ਅਖੀਰ ਵਿਚ ਜ਼ੁਲਮ ਦੀ ਹਾਰ ਸ਼ਾਂਤਮਈ ਦਰਵੇਸ਼ ਦੇ ਰੂਪ ਵਿਚ ਕਲਮ ਨਾਲ ਹੀ ਜ਼ਫ਼ਰਨਾਮਾ ਲਿਖ ਕੇ ਕਰਵਾਈ। ਔਰੰਗਜ਼ੇਬ ਬਾਦਸ਼ਾਹ ਨੂੰ ਇਸ ਚਿੱਠੀ ਨੇ ਅੰਦਰੋਂ ਹਿਲਾ ਕੇ ਰੱਖ ਦਿੱਤਾ ਤੇ ਉਹ ਪਸਚਾਤਾਪ ਕਰਦਾ ਪ੍ਰਾਣ ਤਿਆਗ ਗਿਆ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਖ਼ਸੀਅਤ ਇਕ ਅਜਿਹੇ ਮਹਾਂ-ਸਾਗਰ ਦੀ ਤਰ੍ਹਾਂ ਹੈ, ਜਿਸ ਦਾ ਅੰਤ ਪਾਉਣਾ, ਕਿਸੇ ਮਨੁੱਖ ਦੇ ਵਸ ਦੀ ਗੱਲ ਨਹੀਂ। ਆਪ ਜੀ ਧਰਮ ਗੁਰੂਆਂ, ਪੈਗੰਬਰਾਂ ਦੀ ਲੜੀ ਵਿਚੋਂ ਇਕ ਜਾਹੋ-ਜਲਾਲ ਵਾਲੇ ਮਹਾਂਪੁਰਸ਼ ਹੋਏ ਸਨ। ਦਸਮੇਸ਼ ਜੀ ਸਿੱਖ ਪੰਥ ਦੇ ਮਨੁੱਖੀ ਜਾਮੇ ਵਿਚ ਦਸਵੇਂ ਅਤੇ ਅਖੀਰਲੇ ਗੁਰੂ ਸਨ। ਇਸ ਸੰਸਾਰ ਵਿਚ ਆਪ ੪੨ ਸਾਲ ਦੇ ਕਰੀਬ ਵਿਚਰੇ ਅਤੇ ੧੭੦੮ ਈ. ਨੂੰ ਜੋਤੀ-ਜੋਤਿ ਸਮਾ ਗਏ। ਆਪ ਨੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਵਿਅਕਤੀ ਗੁਰੂ ਪ੍ਰੰਪਰਾ ਨੂੰ ਖਤਮ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੁਰਤਾਗੱਦੀ ਬਖ਼ਸ਼ਿਸ਼ ਕੀਤੀ। ਇਸ ਫ਼ਾਨੀ (ਨਾਸ ਹੋਣ ਵਾਲੀ) ਦੁਨੀਆਂ ਵਿਚ ਗੁਰੂ ਦਸਮੇਸ਼ ਵਰਗਾ ਸਰਬੰਸਦਾਨੀ ਹੋਰ ਕੌਣ ਹੋਵੇਗਾ, ਜਿਸ ਦਾ ਪੜ-ਦਾਦਾ ਸ਼ਹੀਦ, ਪਿਤਾ ਸ਼ਹੀਦ, ਮਾਤਾ ਸ਼ਹੀਦ ਅਤੇ ਚਾਰੇ ਦੇ ਚਾਰੇ ਪੁੱਤਰ ਵੀ ਸ਼ਹੀਦ ਹੋ ਗਏ ਸਨ। ਅਜਿਹੇ ਗੁਣਾਂ ਕਰਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਤਿਭਾਸ਼ੀਲ ਸ਼ਖ਼ਸੀਅਤ ਦਾ ਉਨ੍ਹਾਂ ਦੇ ਦਰਸ਼ਨ ਕਰਨ ਵਾਲਿਆਂ 'ਤੇ ਕਾਇਆ-ਕਲਪ ਕਰ ਦੇਣ ਵਾਲਾ ਗਹਿਰਾ ਪ੍ਰਭਾਵ ਪਿਆ ਤੇ ਉਹ ਗੁਰੂ ਦੇ ਮਰਜੀਵੜੇ ਸਿੱਖ ਹੋ ਨਿਤਰੇ। ਦਸਮੇਸ਼ ਜੀ ਨੇ ਜਿਹੜੀਆਂ ਕੀਮਤਾਂ ਦੀ ਸਥਾਪਨਾ ਕੀਤੀ, ਉਹ ਚਿਰ-ਜੀਵੀ, ਲੋਕ-ਹਿਤਕਾਰੀ ਅਤੇ ਕਲਿਆਣਕਾਰੀ ਹਨ।

ਅਜਿਹੀ ਸ਼ਖ਼ਸੀਅਤ ਦੀ ਪ੍ਰਤਿਭਾ ਦੇ ਗੁਣਾਂ ਨੂੰ ਬਿਆਨ ਕਰਨਾ ਕਠਿਨ ਹੀ ਨਹੀਂ ਬਲਕਿ ਨਾ-ਮੁਮਕਿਨ ਹੈ। ਆਪ ਦੇ ਗੁਣਾਂ ਨੂੰ ਦੇਸੀ ਵਿਦੇਸ਼ੀ, ਸਿੱਖ ਅਤੇ ਗੈਰ-ਸਿੱਖ ਕਵੀਆਂ ਨੇ ਆਪਣੇ-ਆਪਣੇ ਮਨ ਦੇ ਵਲਵਲਿਆਂ ਅਨੁਸਾਰ ਬਿਆਨ ਕਰਨ ਦੇ ਯਤਨ ਕੀਤੇ। ਸੰਸਾਰ ਵਿਚ ਸ਼ਾਇਦ ਹੀ ਕੋਈ ਅਜਿਹਾ ਮਹਾਂਪੁਰਸ਼ ਹੋਵੇਗਾ ਜਿਸ ਨੂੰ ਇੰਨੇ ਖਿਤਾਬਾਂ ਨਾਲ ਨਿਵਾਜ਼ਿਆ ਗਿਆ ਹੋਵੇ। ਜਿਵੇਂ ਸਾਹਿਬ-ਏ-ਕਮਾਲ, ਕਲਗੀਧਰ ਪਿਤਾ, ਨੀਲੇ ਦਾ ਅਸਵਾਰ, ਬਾਜ਼ਾਂ ਵਾਲਾ, ਅੰਮ੍ਰਿਤ ਦਾ ਦਾਤਾ, ਧਰਮ ਰਖਸ਼ਕ, ਪੰਥ ਦਾ ਵਾਲੀ, ਸਰਬੰਸ ਦਾਨੀ ਆਦਿ। ■

## ਮਾਘ ਮਹੀਨੇ ਦੇ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ

*ਗੁਰਪੁਰਬ:*

| | |
|---|---|
| * ਪ੍ਰਕਾਸ਼ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ | ੨੭ ਮਾਘ |

*ਇਤਿਹਾਸਕ ਦਿਹਾੜੇ:*

| | |
|---|---|
| * ਜੋੜ-ਮੇਲਾ ਮੁਕਤਸਰ (ਮਾਘੀ) | ੧ ਮਾਘ |
| * ਨੀਂਹ-ਪੱਥਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ | ੧ ਮਾਘ |
| * ਚਾਬੀਆਂ ਦਾ ਮੋਰਚਾ | ੭ ਮਾਘ |
| * ਜਨਮ ਬਾਬਾ ਦੀਪ ਸਿੰਘ ਜੀ ਸ਼ਹੀਦ | ੧੪ ਮਾਘ |
| * ਬਸੰਤ ਪੰਚਮੀ | ੧੯ ਮਾਘ |
| * ਵੱਡਾ ਘੱਲੂਘਾਰਾ (ਕੁੱਪ-ਰੋਹੀੜਾ) | ੨੭ ਮਾਘ |
| * ਜਨਮ ਭਗਤ ਰਵੀਦਾਸ ਜੀ | ੨੮ ਮਾਘ |

# ਧਰਮ ਅਤੇ ਨੈਤਿਕਤਾ ਦਾ ਮਾਰਗ ਦਰਸ਼ਕ-ਜ਼ਫ਼ਰਨਾਮਾ

*-ਡਾ. ਪਰਮਵੀਰ ਸਿੰਘ**

ਜ਼ਫ਼ਰਨਾਮਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਉਹ ਅਨਮੋਲ ਰਚਨਾ ਹੈ ਜੋ ਕਿ ਸਾਨੂੰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਦੀ ਹਕੂਮਤ ਨਾਲ ਪੈਦਾ ਹੋਏ ਟਕਰਾਅ ਦੀ ਯਾਦ ਤਾਜ਼ਾ ਕਰਵਾਉਂਦੀ ਹੈ। ਦਸਮ ਗ੍ਰੰਥ ਦੀ ਰਚਨਾ ਬਣਨ ਤੋਂ ਪਹਿਲਾਂ ਇਸ ਇਤਿਹਾਸਕ ਦਸਤਾਵੇਜ਼ ਨੂੰ ਉਸ ਚਿੱਠੀ ਦੇ ਰੂਪ ਵਿਚ ਵੇਖਿਆ ਜਾਂਦਾ ਸੀ ਜੋ ਕਿ ਗੁਰੂ ਸਾਹਿਬ ਨੇ ਖਿਦਰਾਣੇ ਦੀ ਲੜਾਈ ਤੋਂ ਪਹਿਲਾਂ ਔਰੰਗਜ਼ੇਬ ਨੂੰ ਲਿਖੀ ਅਤੇ ਜਿਸ ਰਾਹੀਂ ਦਸਮੇਸ਼ ਪਿਤਾ ਨੇ ਛੇਵੇਂ ਮੁਗ਼ਲ ਸਮਰਾਟ ਦੀ ਆਤਮਾ ਨੂੰ ਜ਼ੋਰਦਾਰ ਹਲੂਣਾ ਦਿੱਤਾ। ਇਸ ਚਿੱਠੀ ਰਾਹੀਂ ਗੁਰੂ ਸਾਹਿਬ ਨੇ ਔਰੰਗਜ਼ੇਬ ਨੂੰ ਅਧਰਮ ਅਤੇ ਅਨੈਤਿਕਤਾ ਦਾ ਰਾਹ ਛੱਡ ਕੇ ਧਰਮ ਅਤੇ ਨੈਤਿਕਤਾ ਦਾ ਪੱਲਾ ਫੜ ਕੇ ਆਮ ਲੋਕਾਂ ਨੂੰ ਦੁੱਖਾਂ ਅਤੇ ਕਸ਼ਟਾਂ ਤੋਂ ਰਾਹਤ ਦੇਣ ਦਾ ਉਪਦੇਸ਼ ਅਤੇ ਸੱਦਾ ਦਿੱਤਾ। ਇਸ ਚਿੱਠੀ ਨੂੰ 'ਫ਼ਤਿਹ ਦੀ ਚਿੱਠੀ' ਵੀ ਕਿਹਾ ਜਾਂਦਾ ਹੈ। ਇਸ ਵਿਚ ਸਿੱਧੇ ਤੌਰ 'ਤੇ ਜਿਨ੍ਹਾਂ ਗੱਲਾਂ ਦਾ ਜ਼ਿਕਰ ਆਇਆ ਹੈ ਉਨ੍ਹਾਂ ਵਿਚ ਗੁਰੂ ਸਾਹਿਬ ਦੀ ਸਾਫ਼ ਅਤੇ ਸਪਸ਼ੱਟ ਨੀਤੀ ਅਤੇ ਧਰਮ ਅਤੇ ਨੈਤਿਕਤਾ ਦੇ ਪੱਖ ਨੂੰ ਉਜਾਗਰ ਕਰਨਾ ਪ੍ਰਮੁੱਖ ਹਨ। ਧਰਮ ਕਿਸੇ ਵੀ ਵਿਅਕਤੀ ਦੇ ਜੀਵਨ ਦਾ ਜ਼ਰੂਰੀ ਅੰਗ ਮੰਨਿਆ ਜਾਂਦਾ ਹੈ ਜੋ ਕਿ ਉਸ ਦੇ ਵਿਸ਼ਵਾਸ 'ਤੇ ਆਧਾਰਿਤ ਹੁੰਦਾ ਹੈ। ਇਹ ਵਿਸ਼ਵਾਸ ਵਿਅਕਤੀ ਦੇ ਆਪਣੇ ਧਾਰਮਿਕ ਆਗੂ ਜਾਂ ਧਰਮ-ਗ੍ਰੰਥ ਉੱਤੇ ਆਧਾਰਿਤ ਹੁੰਦਾ ਹੈ। ਇਸ ਲਈ ਜਦੋਂ ਕੋਈ ਵਿਅਕਤੀ ਆਪਣੇ ਧਾਰਮਿਕ ਆਗੂ ਜਾਂ ਧਰਮ-ਗ੍ਰੰਥ ਦਾ ਸਹਾਰਾ ਲੈ ਕੇ ਕੋਈ ਗੱਲ ਕਰਦਾ ਹੈ ਤਾਂ ਉਸ ਦੀ ਗੱਲ ਨੂੰ ਪ੍ਰਮਾਣਿਕ ਅਤੇ ਮੰਨਣਯੋਗ ਸਮਝਿਆ ਜਾਂਦਾ ਹੈ। ਜ਼ਫ਼ਰਨਾਮੇ ਵਿਚ ਵੀ ਇਹੋ ਜਿਹੀਆਂ ਗੱਲਾਂ ਦਾ ਜ਼ਿਕਰ ਆਇਆ ਹੈ ਜਦੋਂ ਔਰੰਗਜ਼ੇਬ ਦੀ ਫੌਜ ਦੇ ਉੱਚ-ਅਧਿਕਾਰੀ ਗੁਰੂ ਸਾਹਿਬ ਨੂੰ ਸ੍ਰੀ ਅਨੰਦਪੁਰ ਸਾਹਿਬ ਦੇ ਕਿਲ੍ਹੇ ਵਿੱਚੋਂ ਬਿਨਾਂ ਕਿਸੇ ਨੁਕਸਾਨ ਦੇ ਬਾਹਰ ਜਾਣ ਲਈ ਕੁਰਾਨ ਦੀਆਂ ਕਸਮਾਂ ਖਾਂਦੇ ਹਨ। ਗੁਰੂ ਸਾਹਿਬ ਦਾ ਉਨ੍ਹਾਂ ਉੱਤੇ ਯਕੀਨ ਕਰਕੇ ਕਿਲ੍ਹੇ ਵਿੱਚੋਂ ਬਾਹਰ ਆ ਜਾਣਾ, ਪਰ ਮੁਗ਼ਲ ਫੌਜਾਂ ਦੁਆਰਾ ਕਸਮਾਂ ਤੋੜ ਕੇ ਗੁਰੂ ਸਾਹਿਬ ਉੱਤੇ ਹਮਲਾ ਕਰਨਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਮੁਗ਼ਲ ਫੌਜਾਂ ਧਰਮ ਦੇ ਰਾਹ ਤੋਂ ਭਟਕ ਕੇ ਕੇਵਲ ਧਰਮ ਦੇ ਬਾਹਰੀ ਰੂਪ ਦਾ ਹੀ ਵਿਖਾਵਾ ਕਰ ਰਹੀਆਂ ਸਨ ਪਰ ਅਸਲ ਵਿਚ ਉਹ ਧਰਮ ਦੀ ਸਹੀ ਸਪਿਰਟ ਤੋਂ ਪਰ੍ਹੇ ਜਾ ਰਹੀਆਂ ਸਨ। ਜ਼ਫ਼ਰਨਾਮੇ ਰਾਹੀਂ ਗੁਰੂ ਸਾਹਿਬ ਔਰੰਗਜ਼ੇਬ ਨੂੰ ਇਨ੍ਹਾਂ ਸਭ ਗੱਲਾਂ ਬਾਰੇ ਚਾਨਣ ਪਾ ਕੇ ਉਸ ਨੂੰ ਮੁੜ ਧਰਮ ਦੇ ਰਸਤੇ 'ਤੇ ਪਰਤਣ ਲਈ ਕਹਿੰਦੇ ਹਨ:

**ਕਿ ਬਰ ਸਰ ਤੁਰਾ ਫ਼ਰਜ਼ ਕਸਮਿ ਕੁਰਾਂ॥**
**ਬ ਗੁਫ਼ਤਹ ਸ਼ੁਮਹ ਕਾਰ ਖ਼ੂਬੀ ਰਸਾਂ॥੭੯॥**

ਗੁਰੂ ਸਾਹਿਬ ਇਹ ਮੰਨਦੇ ਹਨ ਕਿ ਧਰਮ-ਗ੍ਰੰਥ ਕਿਸੇ ਵੀ ਧਰਮ ਦਾ ਕੇਂਦਰੀ ਧੁਰਾ ਹੁੰਦਾ ਹੈ ਅਤੇ ਆਪਣੇ ਧਰਮ-ਗ੍ਰੰਥ ਦੇ ਦੱਸੇ ਹੋਏ ਰਾਹ 'ਤੇ ਚੱਲਣਾ ਧਰਮ ਦੇ ਪੈਰੋਕਾਰਾਂ ਦਾ ਪ੍ਰਮੁੱਖ ਫ਼ਰਜ਼ ਹੈ। ਜੋ ਲੋਕ ਆਪਣੇ ਧਰਮ-ਗ੍ਰੰਥ ਨੂੰ ਲੋੜ ਪੈਣ 'ਤੇ ਰਾਜਨੀਤਿਕ ਅਤੇ ਯੁੱਧਨੀਤਿਕ ਦਾਉ-ਪੇਚਾਂ ਲਈ ਇਸਤੇਮਾਲ ਕਰਦੇ ਹਨ ਉਹ ਲੋਕ ਜਿੱਥੇ ਸਮਾਜ ਲਈ ਘਾਤਕ ਸਿੱਧ ਹੁੰਦੇ ਹਨ, ਉੱਥੇ ਨਾਲ ਹੀ ਧਰਮ-ਗ੍ਰੰਥ ਨੂੰ ਵੀ ਅਪਮਾਨਿਤ ਕਰ ਰਹੇ ਹੁੰਦੇ ਹਨ ਕਿਉਂਕਿ ਕੋਈ ਵਿਅਕਤੀ ਦੂਜੀ ਵਾਰ ਉਨ੍ਹਾਂ ਲੋਕਾਂ ਦੁਆਰਾ ਧਰਮ-ਗ੍ਰੰਥ ਦੀ ਕਸਮ 'ਤੇ ਵਿਸ਼ਵਾਸ ਨਹੀਂ ਕਰਦਾ। ਜ਼ਫ਼ਰਨਾਮੇ ਵਿਚ ਗੁਰੂ ਸਾਹਿਬ ਸਪਸ਼ੱਟ ਕਰਦੇ ਹਨ ਕਿ ਜੇਕਰ ਇਹ ਸ਼ੱਕ ਹੁੰਦਾ ਕਿ ਧਰਮ-ਗ੍ਰੰਥ 'ਤੇ ਈਮਾਨ ਰੱਖਣ ਵਾਲਿਆਂ ਦੇ ਮਨ ਵਿਚ ਰਤੀ ਭਰ ਵੀ ਖੋਟ ਹੈ ਤਾਂ ਮੈਂ ਆਪਣੀ ਪਿਆਰੀ ਖਾਲਸਾ ਫੌਜ ਨੂੰ ਅਜਾਈਂ ਸ਼ਹੀਦ ਨਾ ਹੋਣ ਦਿੰਦਾ:

---

**ਮੁਖੀ, ਸਿੱਖ ਵਿਸ਼ਵਕੋਸ਼ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ।*

**ਕਸਮ ਮੁਸਹਫੇ ਖ਼ੁਫ਼ੀਯਹ ਗਰ ਈਂ ਸ਼ਰਮ॥**
**ਨ ਫ਼ਉਜੇ ਅਜ਼ੀਂ ਜ਼ੇਰਿ ਸੁਮ ਅਫ਼ਗਨਮ॥੧੯॥**

ਧਰਮ-ਗ੍ਰੰਥ ਦੀਆਂ ਝੂਠੀਆਂ ਕਸਮਾਂ ਧਰਮ-ਗ੍ਰੰਥ ਅਤੇ ਸਮਾਜ ਦੀ ਹੋਂਦ ਲਈ ਵੀ ਖਤਰਾ ਸਾਬਿਤ ਹੁੰਦੀਆਂ ਹਨ ਕਿਉਂਕਿ ਧਰਮ-ਗ੍ਰੰਥ ਦਾ ਪ੍ਰਮੁੱਖ ਕੰਮ ਮਾਨਵਤਾ ਦੀ ਅਗਵਾਈ ਅਤੇ ਧਾਰਮਿਕ ਕਦਰਾਂ-ਕੀਮਤਾਂ ਦੀ ਸਥਾਪਨਾ ਹੁੰਦਾ ਹੈ। ਜੇਕਰ ਧਰਮ-ਗ੍ਰੰਥ ਦੀਆਂ ਕਸਮਾਂ ਖਾ ਕੇ ਇਨ੍ਹਾਂ ਨੂੰ ਤੋੜਿਆ ਜਾਵੇ ਤਾਂ ਧਰਮ-ਗ੍ਰੰਥ ਦਾ ਮਾਣ ਅਤੇ ਸਤਿਕਾਰ ਲੋਕਾਂ ਵਿੱਚੋਂ ਘਟ ਜਾਂਦਾ ਹੈ ਇੱਥੋਂ ਤਕ ਕਿ ਸੰਬੰਧਿਤ ਧਰਮ-ਗ੍ਰੰਥ ਦੇ ਪੈਗੰਬਰ ਉੱਤੇ ਵੀ ਪ੍ਰਸ਼ਨ-ਚਿੰਨ੍ਹ ਲੱਗ ਸਕਦਾ ਹੈ। ਗੁਰੂ ਸਾਹਿਬ ਕਹਿੰਦੇ ਹਨ ਕਿ ਮੈਂ ਕੁਰਾਨ ਨੂੰ ਇਸਲਾਮ ਦਾ ਇਕ ਪਵਿੱਤਰ ਧਰਮ-ਗ੍ਰੰਥ ਮੰਨਦਾ ਹਾਂ ਪਰ ਜਦੋਂ ਇਸ ਦੇ ਪੈਰੋਕਾਰ ਇਸ ਦੀ ਝੂਠੀ ਕਸਮ ਖਾਂਦੇ ਹਨ ਤਾਂ ਉਹ ਕੁਰਾਨ ਦੀਆਂ ਸਿੱਖਿਆਵਾਂ ਦੇ ਉਲਟ ਚੱਲਦੇ ਹਨ। ਚਾਹੀਦਾ ਤਾਂ ਇਹ ਸੀ ਕਿ ਕੁਰਾਨ ਦੀ ਕਸਮ ਖਾ ਕੇ ਕੀਤਾ ਬਚਨ ਨਿਭਾਉਣ ਲਈ ਉਹ ਆਪਣੀ ਜਾਨ ਵੀ ਦੇ ਦਿੰਦੇ ਤਾਂ ਵੀ ਘੱਟ ਸੀ ਪਰ ਆਪਣੇ ਧਰਮ-ਗ੍ਰੰਥ ਦੁਆਰਾ ਦਰਸਾਏ ਧਰਮ ਅਤੇ ਨੀਤੀ ਦਾ ਰਾਹ ਨਾ ਛੱਡਦੇ:

**ਹਰ ਆਂ ਕਸ ਕਿ ਕਉਲੇ ਕੁਰਆਂ ਆਯਦਸ਼॥**
**ਨਜ਼ੋ ਬਸਤਨੋ ਕੁਸ਼ਤਨੀ ਬਾਯਦਸ਼॥੨੫॥**

ਜ਼ਫ਼ਰਨਾਮੇ ਰਾਹੀਂ ਗੁਰੂ ਸਾਹਿਬ ਦੱਸਦੇ ਹਨ ਕਿ ਮੁਗ਼ਲ ਫੌਜਾਂ ਦੁਆਰਾ ਜਦੋਂ ਕੁਰਾਨ ਦੀਆਂ ਕਸਮਾਂ ਤੋੜੀਆਂ ਗਈਆਂ ਤਾਂ ਸਾਡੇ ਲਈ ਵੀ ਲੜਾਈ ਕਰਨ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਸੀ। ਗੁਰੂ ਸਾਹਿਬ ਇਹ ਮੰਨਦੇ ਹਨ ਕਿ ਜੇਕਰ ਅਹਿੰਸਕ ਰਹਿਣ ਅਤੇ ਗੱਲਬਾਤ ਦੇ ਸਾਰੇ ਹੀਲੇ-ਵਸੀਲੇ ਫੇਲ੍ਹ ਹੋ ਜਾਣ ਤਾਂ ਫਿਰ ਜਬਰ ਅਤੇ ਜ਼ੁਲਮ ਦਾ ਜੁਆਬ ਦੇਣ ਲਈ ਕਿਰਪਾਨ ਚੁੱਕ ਲੈਣੀ ਬਿਲਕੁਲ ਜਾਇਜ਼ ਹੈ:

**ਚੁ ਕਾਰ ਅਜ਼ ਹਮਹ ਹੀਲਤੇ ਦਰ ਗੁਜ਼ਸ਼ਤ॥**
**ਹਲਾਲ ਅਸਤ ਬੁਰਦਨ ਬ ਸ਼ਮਸ਼ੀਰ ਦਸਤ॥੨੨॥**

ਸ੍ਰੀ ਅਨੰਦਪੁਰ ਸਾਹਿਬ ਅਤੇ ਚਮਕੌਰ ਸਾਹਿਬ ਦੀ ਗੜ੍ਹੀ ਵਿਚ ਜੋ ਖੂਨ-ਖਰਾਬਾ ਹੋਇਆ ਉਸ ਦਾ ਮੁੱਢ ਮੁਗ਼ਲ ਫੌਜਾਂ ਵੱਲੋਂ ਕੁਰਾਨ ਦੀ ਖਾਧੀ ਝੂਠੀ ਕਸਮ ਸੀ। ਨਾ ਮੁਗ਼ਲ ਫੌਜ ਕੁਰਾਨ ਦੀ ਕਸਮ ਖਾਂਦੀ, ਨਾ ਗੁਰੂ ਸਾਹਿਬ ਕਿਲ੍ਹੇ ਵਿੱਚੋਂ ਬਾਹਰ ਆਉਂਦੇ ਅਤੇ ਨਾ ਹੀ ਜਾਨ-ਮਾਲ ਦਾ ਇੰਨੇ ਵੱਡੇ ਪੱਧਰ 'ਤੇ ਨੁਕਸਾਨ ਹੁੰਦਾ! ਇਸ ਸਥਿਤੀ ਵਿਚ ਜੇਕਰ ਗੁਰੂ ਸਾਹਿਬ ਨੂੰ ਕਿਲ੍ਹਾ ਖਾਲੀ ਕਰਨਾ ਵੀ ਪੈਂਦਾ ਤਾਂ ਉਹ ਅਜਿਹੀ ਵਿਉਂਤ ਘੜਦੇ ਜਿਸ ਨਾਲ ਘੱਟ ਤੋਂ ਘੱਟ ਖਾਲਸਈ ਫੌਜ ਦਾ ਨੁਕਸਾਨ ਹੁੰਦਾ। ਜਿਵੇਂ ਗੁਰੂ ਸਾਹਿਬ ਚਮਕੌਰ ਸਾਹਿਬ ਦੀ ਗੜ੍ਹੀ ਵਿੱਚੋਂ ਦਸ ਲੱਖ ਫੌਜ ਦੇ ਘੇਰੇ ਦੌਰਾਨ ਬਾਹਰ ਨਿਕਲ ਆਏ ਇਸੇ ਤਰ੍ਹਾਂ ਸ੍ਰੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਵੀ ਘੱਟ ਤੋਂ ਘੱਟ ਨੁਕਸਾਨ ਨਾਲ ਖਾਲੀ ਕੀਤਾ ਜਾ ਸਕਦਾ ਸੀ ਪਰ ਗੁਰੂ ਸਾਹਿਬ ਦੀ ਖਾਲਸਾ ਫੌਜ ਦਾ ਇੰਨੀ ਵੱਡੀ ਪੱਧਰ 'ਤੇ ਨੁਕਸਾਨ ਹੋਇਆ। ਇਸ ਸਭ ਦੇ ਬਾਵਜੂਦ ਵੀ ਖਾਲਸਾ ਫੌਜ ਨੇ ਮੁਗ਼ਲ ਫੌਜ ਦਾ ਡੱਟ ਕੇ ਮੁਕਾਬਲਾ ਕੀਤਾ। ਇਸ ਮੁਕਾਬਲੇ ਵਿਚ ਜਿੱਥੇ ਖਾਲਸਈ ਫੌਜ ਦਾ ਨੁਕਸਾਨ ਹੋਇਆ ਉੱਥੇ ਉਨ੍ਹਾਂ ਨੇ ਮੁਗ਼ਲ ਫੌਜ ਦੇ ਵੱਡੇ-ਵੱਡੇ ਸੂਰਬੀਰਾਂ ਅਤੇ ਜਰਨੈਲਾਂ ਸਮੇਤ ਬਹੁਤ ਸਾਰੇ ਫੌਜੀ ਵੀ ਮਾਰ ਦਿੱਤੇ:

**ਹਮ ਆਖ਼ਿਰ ਬਸੇ ਜ਼ਖ਼ਮਿ ਤੀਰੋ ਤੁਫ਼ੰਗ॥**
**ਦੋ ਸੂਏ ਬਸੇ ਕੁਸ਼ਤਹ ਸ਼ੁਦ ਬੇਦਰੰਗ॥੩੯॥**

ਗੁਰੂ ਸਾਹਿਬ ਕਹਿੰਦੇ ਹਨ ਕਿ ਕੁਰਾਨ ਦੀ ਝੂਠੀ ਕਸਮ ਹੀ ਇਸ ਵੱਡੇ ਖੂਨਖਰਾਬੇ ਦਾ ਕਾਰਨ ਬਣੀ। ਕੁਰਾਨ ਦੀ ਝੂਠੀ ਕਸਮ ਖਾਣ ਵਾਲੇ ਨੂੰ ਗੁਰੂ ਸਾਹਿਬ ਨਾ ਤਾਂ ਉਸ ਦਾ ਕੋਈ ਯੁੱਧਨੀਤਿਕ ਦਾਉ-ਪੇਚ ਮੰਨਦੇ ਹਨ, ਨਾ ਧਰਮ ਦੀ ਪਾਲਣਾ, ਨਾ ਧਰਮ-ਮਰਯਾਦਾ, ਨਾ ਅੱਲਾਹ ਦੀ ਪਛਾਣ ਅਤੇ ਨਾ ਹੀ ਮੁਹੰਮਦ ਸਾਹਿਬ ਉੱਤੇ ਯਕੀਨ। ਜੇਕਰ ਮੁਗ਼ਲਈ ਜਰਨੈਲ ਧਰਮ ਦੀ ਪਾਲਣਾ ਕਰਨ ਵਾਲੇ ਹੁੰਦੇ ਤਾਂ ਧਾਰਮਿਕ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅੱਖੋਂ ਉਹਲੇ ਨਾ ਹੋਣ ਦਿੰਦੇ। ਧਰਮ ਦੇ ਰਾਹ 'ਤੇ ਚੱਲਣ ਵਾਲੇ ਅੱਲਾਹ ਦੀ ਖੁਸ਼ੀ ਹਾਸਲ ਕਰਨ ਦੀ ਪਹਿਲੀ ਸ਼ਰਤ ਇਹੀ ਹੈ ਕਿ

ਜਿਸ ਨੂੰ ਰੱਬੀ ਬਾਣੀ ਮੰਨਿਆ ਗਿਆ ਹੋਵੇ ਉਸ ਦੇ ਬਚਨਾਂ 'ਤੇ ਅਮਲ ਕੀਤਾ ਜਾਵੇ, ਨਾ ਕਿ ਰੱਬੀ ਬਾਣੀ ਦੀ ਝੂਠੀ ਕਸਮ ਖਾ ਕੇ ਉਸ ਤੋਂ ਮੁੱਕਰ ਜਾਣਾ ਚਾਹੀਦਾ ਹੈ। ਗੁਰੂ ਸਾਹਿਬ ਫ਼ਰਮਾਉਂਦੇ ਹਨ:

**ਸ਼ੁਮਾ ਰਾ ਚੁ ਫ਼ਰਜ਼ ਅਸਤ ਕਾਰੇ ਕੁਨੀ॥**
**ਬਮੂਜਬ ਨਵਿਸ਼ਤਹ ਸ਼ੁਮਾਰੇ ਕੁਨੀ॥੫੩॥**

ਗੁਰੂ ਸਾਹਿਬ ਬਾਦਸ਼ਾਹ ਨੂੰ ਉਸ ਦੇ ਕੁਕਰਮਾਂ ਤੋਂ ਬਚਾਉਣਾ ਚਾਹੁੰਦੇ ਸਨ ਅਤੇ ਇਸੇ ਲਈ ਉਸ ਨੂੰ ਕਹਿੰਦੇ ਹਨ ਕਿ ਬਗੈਰ ਕਿਸੇ ਵੀ ਵਿਚੋਲੇ ਦੇ ਸਿੱਧੀ ਗੱਲਬਾਤ ਕਰੇ। ਧਰਮ ਅਤੇ ਨੀਤੀ ਤੋਂ ਵਿਹੂਣੀਆਂ ਕੁਝ ਗੱਲਾਂ ਤਾਂ ਬਾਦਸ਼ਾਹ ਨੂੰ ਜ਼ਫ਼ਰਨਾਮੇ ਰਾਹੀਂ ਸਾਫ਼ ਕਰ ਦਿੰਦੇ ਹਨ ਅਤੇ ਬਾਕੀ ਦੀਆਂ ਲਈ ਮੁਲਾਕਾਤ ਕਰਨੀ ਚਾਹੁੰਦੇ ਸਨ। ਗੁਰੂ ਸਾਹਿਬ ਮੁਗ਼ਲ ਜਰਨੈਲਾਂ ਦੁਆਰਾ ਕੀਤੀਆਂ ਵਧੀਕੀਆਂ ਤੋਂ ਜਾਣੂ ਕਰਵਾ ਕੇ ਉਨ੍ਹਾਂ ਨੂੰ ਸਜ਼ਾ ਦਿਵਾਉਣੀ ਚਾਹੁੰਦੇ ਸਨ ਤਾਂ ਕਿ ਬਾਦਸ਼ਾਹ ਆਪਣੇ ਤਖ਼ਤ ਦੀ ਮਾਣ-ਮਰਯਾਦਾ ਨੂੰ ਬਹਾਲ ਰੱਖਦੇ ਹੋਏ ਅੱਲਾਹ ਦੀ ਦਰਗਾਹ ਵਿਚ ਸ਼ਰਮਿੰਦਾ ਨਾ ਹੋਵੇ। ਪਰ ਫਿਰ ਵੀ ਜੇਕਰ ਬਾਦਸ਼ਾਹ ਨਿਰਪੱਖ ਹੋ ਕੇ ਗੱਲ ਨਹੀਂ ਕਰਦਾ ਅਤੇ ਆਪਣੇ ਜਰਨੈਲਾਂ ਦਾ ਪੱਖ ਪੂਰਦਾ ਹੈ ਤਾਂ ਉਹ ਵੀ ਅਧਰਮ ਅਤੇ ਅਨੈਤਿਕਤਾ ਦੇ ਰਾਹ 'ਤੇ ਵੀ ਚੱਲਦਾ ਹੈ ਤਾਂ ਇਸਲਾਮ ਅਨੁਸਾਰ ਕਿਆਮਤ ਦੇ ਦਿਨ ਅੱਲਾਹ ਇਸ ਧਰਤੀ 'ਤੇ ਆਵੇਗਾ, ਉਸ ਦਿਨ ਉਨ੍ਹਾਂ ਦੇ ਕਰਮਾਂ ਦੇ ਹਿਸਾਬ ਨਾਲ ਅੱਲਾਹ ਉਨ੍ਹਾਂ ਨੂੰ ਦੋਜ਼ਖ਼ ਅਤੇ ਬਹਿਸ਼ਤ ਦੇਵੇਗਾ। ਭਾਵੇਂ ਕਿ ਸਿੱਖ ਧਰਮ ਸਵਰਗ-ਨਰਕ ਵਿਚ ਵਿਸ਼ਵਾਸ ਨਹੀਂ ਰੱਖਦਾ ਫਿਰ ਵੀ ਗੁਰੂ ਸਾਹਿਬ ਔਰੰਗਜ਼ੇਬ ਨੂੰ ਇਹ ਸਭ ਗੱਲਾਂ ਉਸ ਨੂੰ ਉਸ ਦੇ ਆਪਣੇ ਧਰਮ ਇਸਲਾਮ ਮੁਤਾਬਿਕ ਅਮਲ ਨਾ ਕਰਨ ਦੀ ਭੁੱਲ ਮਹਿਸੂਸ ਕਰਾਉਣ ਵਾਸਤੇ ਲਿਖਦੇ ਹਨ। ਗੁਰੂ ਸਾਹਿਬ ਉਸ ਦਿਨ ਤਕ ਵੀ ਇੰਤਜ਼ਾਰ ਕਰਨ ਨੂੰ ਤਿਆਰ ਹਨ ਅਤੇ ਬਾਦਸ਼ਾਹ ਨੂੰ ਝੰਜੋੜਦੇ ਹੋਏ ਕਹਿੰਦੇ ਹਨ ਕਿ ਖ਼ੁਦਾ ਦੀ ਕਚਹਿਰੀ ਵਿਚ ਮੈਂ ਵੀ ਹਾਜ਼ਰ ਹੋਵਾਂਗਾ ਅਤੇ ਉਸ ਦਿਨ ਵਜ਼ੀਰ ਖਾਂ ਦੇ ਜ਼ੁਲਮਾਂ ਅਤੇ ਕੁਕਰਮਾਂ ਲਈ ਤੈਨੂੰ ਵੀ ਗਵਾਹੀ ਦੇਣੀ ਪਵੇਗੀ:

**ਕਿ ਮਾ ਬਾਰਗਹਿ ਹਜ਼ਰਤ ਆਯਦ ਸ਼ੁਮਾਂ॥**
**ਅਜ਼ਾਂ ਰੋਜ਼ ਬਾਸ਼ੀ ਵ ਸ਼ਾਹਿਦ ਸ਼ੁਮਾਂ॥੯੧॥**

ਪਰ ਇਸ ਸਭ ਕੁਝ ਤੋਂ ਬਚਣ ਲਈ ਬਾਦਸ਼ਾਹ ਵਾਸਤੇ ਇਹ ਜ਼ਰੂਰੀ ਹੈ ਕਿ ਉਹ ਪਰਮਾਤਮਾ ਨੂੰ ਸਰਵਉੱਚ ਮੰਨ ਕੇ ਉਸ ਦੀ ਅਧੀਨਗੀ ਕਬੂਲੇ ਅਤੇ ਮਾਨਵਤਾ ਦੇ ਰਸਤੇ ਉੱਤੇ ਚੱਲ ਕੇ ਬੇਗੁਨਾਹਾਂ ਅਤੇ ਮਾਸੂਮਾਂ ਦੇ ਹਿੱਤਾਂ ਦੀ ਰਾਖੀ ਕਰੇ। ਧਾਰਮਿਕ ਕਦਰਾਂ-ਕੀਮਤਾਂ ਜੋ ਪੈਗੰਬਰ ਦੁਆਰਾ ਨਿਰਧਾਰਿਤ ਕੀਤੀਆਂ ਗਈਆਂ ਹਨ ਅਤੇ ਜਿਨ੍ਹਾਂ ਨੂੰ ਧਰਮ-ਗ੍ਰੰਥ ਵਿਚ ਸੰਭਾਲ ਕੇ ਰੱਖਿਆ ਹੋਇਆ ਹੈ, ਉਨ੍ਹਾਂ ਨੂੰ ਅਮਲੀ ਜਾਮਾ ਪਹਿਨਾਵੇ ਨਾ ਕਿ ਉਨ੍ਹਾਂ ਦੀਆਂ ਝੂਠੀਆਂ ਕਸਮਾਂ ਖਾ ਕੇ ਚਮਕੌਰ ਦੀ ਜੰਗ ਵਾਂਗ ਚਾਲੀ ਭੁੱਖੇ ਸੂਰਬੀਰਾਂ 'ਤੇ ਬਿਨਾਂ ਕਿਸੇ ਕਚਹਿਰੀ ਵਿਚ ਮੁਕੱਦਮਾ ਚਲਾਏ, ਨਾ ਕੋਈ ਵਿਸ਼ੇਸ਼ ਦੋਸ਼ ਨਿਰਧਾਰਿਤ ਕੀਤੇ ਭੁੱਖੇ ਕੁੱਤਿਆਂ ਵਾਂਗ ਭਾਰੀ ਲਸ਼ਕਰ ਸਮੇਤ ਉਨ੍ਹਾਂ 'ਤੇ ਟੁੱਟ ਪਵੇ। ਇਸ ਤਰ੍ਹਾਂ ਕਰਨਾ ਨਾ ਤਾਂ ਮਰਦਾਨਗੀ ਹੈ ਅਤੇ ਨਾ ਹੀ ਇਹ ਦੀਨ-ਧਰਮ ਦੇ ਅਨੁਕੂਲ ਹੈ। ਗੁਰੂ ਸਾਹਿਬ ਔਰੰਗਜ਼ੇਬ ਨੂੰ ਇਸੇ ਕਿਸਮ ਦਾ ਬਾਦਸ਼ਾਹ ਮੰਨਦੇ ਹਨ ਜੋ ਕਿ ਆਪਣੀ ਤਾਕਤ ਜਾਂ ਚੁਸਤੀ ਚਲਾਕੀ ਤੇ ਧੋਖੇ ਦੇ ਜ਼ੋਰ ਨਾਲ ਤਖ਼ਤ 'ਤੇ ਤਾਂ ਬੈਠਾ ਹੈ ਪਰ ਮਨੁੱਖੀ ਕਦਰਾਂ-ਕੀਮਤਾਂ ਤੋਂ ਸੱਖਣਾ ਹੈ:

**ਸ਼ਹਿਨਸ਼ਾਹ ਔਰੰਗਜ਼ੇਬ ਆਲਮੀਂ॥**
**ਕਿ ਦਾਰਾਇ ਦੌਰ ਅਸਤੁ ਦੂਰ ਅਸਤ ਦੀਂ॥੯੪॥**

ਜ਼ਫ਼ਰਨਾਮੇ ਵਿਚ ਗੁਰੂ ਸਾਹਿਬ ਬਾਦਸ਼ਾਹ ਨੂੰ ਸਪਸ਼ਟ ਕਰਦੇ ਹਨ ਕਿ ਆਪਣੇ ਦੀਨ ਦਾ ਪ੍ਰਚਾਰ ਕਰਨਾ ਮਾੜੀ ਗੱਲ ਨਹੀਂ, ਆਪਣੇ ਦੀਨ ਨੂੰ ਫੈਲਾਉਣਾ ਮਾੜਾ ਨਹੀਂ, ਪਰ ਇਹ ਸਭ ਕੁਝ ਕਰਨ ਲਈ ਤਲਵਾਰ ਦਾ ਸਹਾਰਾ ਲੈਣਾ ਕਿਸੇ ਪ੍ਰਕਾਰ ਵੀ ਠੀਕ ਨਹੀਂ। ਆਪਣੇ ਦੀਨ ਨੂੰ ਫੈਲਾਉਣਾ ਅਤੇ ਆਪਣੇ ਪੈਗੰਬਰ ਦੀਆਂ ਸਿੱਖਿਆਵਾਂ ਦਾ ਪ੍ਰਚਾਰ ਕਰਨਾ ਉਦੋਂ ਤਕ ਹੀ ਠੀਕ ਹੈ ਜਦੋਂ ਤਕ ਅਜਿਹਾ ਕਰਦੇ ਹੋਏ ਦੂਜੇ ਦੀਨ ਦੇ ਲੋਕਾਂ ਦਾ ਮਾਣ-ਸਤਿਕਾਰ ਵੀ ਬਹਾਲ ਰਹੇ ਭਾਵ ਜ਼ਬਰਦਸਤੀ ਆਪਣੇ ਮਜ਼ਹਬ ਦਾ ਪ੍ਰਚਾਰ ਕਰਨਾ ਵੀ ਮਾਨਵਤਾ ਅਤੇ ਮਾਨਵੀ ਕਦਰਾਂ-ਕੀਮਤਾਂ ਨੂੰ

ਠੇਸ ਪਹੁੰਚਾਉਣਾ ਹੈ। ਇਸ ਲਈ ਦੀਨ ਦਾ ਪ੍ਰਚਾਰ ਕਰਨ ਸਮੇਂ ਪਰਮਾਤਮਾ ਨੂੰ ਹਮੇਸ਼ਾਂ ਯਾਦ ਰੱਖਣਾ ਚਾਹੀਦਾ ਹੈ ਤਾਂ ਹੀ ਸਹੀ ਅਰਥਾਂ ਵਿਚ ਧਰਮ ਦਾ ਪ੍ਰਚਾਰ ਅਤੇ ਪ੍ਰਸਾਰ ਸੰਭਵ ਹੋ ਸਕਦਾ ਹੈ:

**ਕਿ ਈਂ ਕਾਰ ਨੇਕ ਅਸਤੁ ਦੀਂ ਪਰਵਰੀ॥**
**ਚੁ ਯਜ਼ਦਾਂ ਸ਼ਨਾਸੀ ਬ ਜਾਂ ਬਰਤਰੀ॥੯੪॥**

ਗੁਰੂ ਸਾਹਿਬ ਬਾਦਸ਼ਾਹ ਨੂੰ ਸਪਸ਼ਟ ਕਰਦੇ ਹਨ ਕਿ ਅਨੈਤਿਕਤਾ ਅਤੇ ਅਧਰਮ ਦੇ ਰਾਹ 'ਤੇ ਚੱਲਣ ਵਾਲਾ ਵਿਅਕਤੀ ਕਦੇ ਵੀ ਜਿੱਤ ਹਾਸਲ ਨਹੀਂ ਕਰ ਸਕਦਾ। ਜਿੱਤ ਹਮੇਸ਼ਾਂ ਉਸੇ ਵਿਅਕਤੀ ਦੀ ਹੁੰਦੀ ਹੈ ਜੋ ਪਰਮਾਤਮਾ ਦਾ ਓਟ-ਆਸਰਾ ਲੈ ਕੇ ਨੀਤੀ ਅਤੇ ਧਰਮ ਦੇ ਰਾਹ 'ਤੇ ਚੱਲਦਾ ਹੈ। ਪਰਮਾਤਮਾ ਆਪ ਆਪਣੇ ਸੇਵਕ ਦੀ ਹਰ ਮੋੜ 'ਤੇ ਰੱਖਿਆ ਕਰਦਾ ਹੈ ਅਤੇ ਉਸ ਨੂੰ ਹਰ ਮੁਸ਼ਕਿਲ ਵਿੱਚੋਂ ਬਾਹਰ ਕੱਢਦਾ ਹੈ। ਇਸ ਲਈ ਕੀ ਹੋਇਆ ਜੇਕਰ ਤੇਰੀਆਂ ਲੱਖਾਂ ਫ਼ੌਜਾਂ ਨੇ ਧੋਖੇ ਨਾਲ ਮੇਰੇ ਕੁਝ ਭੁਝੰਗੀ ਅਤੇ ਚਾਰ ਪੁੱਤਰ ਸ਼ਹੀਦ ਕਰ ਦਿੱਤੇ ਪਰ ਫਿਰ ਵੀ ਉਹ ਇਨ੍ਹਾਂ ਦੇ ਜਨਮ ਦਾਤੇ (ਗੁਰੂ ਸਾਹਿਬ) ਨੂੰ ਫੜਨ ਅਤੇ ਮਾਰਨ ਵਿਚ ਅਸਫਲ ਰਹੇ ਹਨ:

**ਚਿਹਾ ਸ਼ੁਦ ਕਿ ਚੂੰ ਬੱਚਗਾਂ ਕੁਸ਼ਤਹ ਚਾਰ॥**
**ਕਿ ਬਾਕੀ ਬਮਾਂਦਸਤ ਪੇਚੀਦਹ ਮਾਰ॥੭੮॥**

ਗੁਰੂ ਸਾਹਿਬ ਦਾ ਫੌਜਾਂ ਦੇ ਬੇਮਿਸਾਲ ਘੇਰੇ ਵਿੱਚੋਂ ਬਚ ਕੇ ਨਿਕਲ ਜਾਣਾ ਹੀ ਧਰਮ ਅਤੇ ਨੈਤਿਕਤਾ ਦੀ ਜਿੱਤ ਹੈ। ਗੁਰੂ ਸਾਹਿਬ ਬਾਦਸ਼ਾਹ ਨੂੰ ਕਹਿੰਦੇ ਹਨ ਕਿ ਤੈਨੂੰ ਆਪਣੀਆਂ ਬੇਸ਼ੁਮਾਰ ਫੌਜਾਂ ਅਤੇ ਬੇਅੰਤ ਧਨ-ਦੌਲਤ ਤੇ ਹੰਕਾਰ ਹੈ। ਇਹ ਵਿਅਕਤੀ ਨੂੰ ਅਧਰਮ ਅਤੇ ਅਨੈਤਿਕਤਾ ਦੇ ਰਾਹ ਲੈ ਜਾਂਦਾ ਹੈ ਪਰ ਪਰਮਾਤਮਾ ਦੀ ਰਜ਼ਾ ਵਿਚ ਰਹਿਣ ਵਾਲੇ ਵਿਅਕਤੀ ਧਰਮ ਅਤੇ ਨੈਤਿਕਤਾ ਤੋਂ ਜ਼ਰਾ ਜਿੰਨਾ ਵੀ ਨਹੀਂ ਥਿੜਕਦੇ। ਇਸ ਲਈ ਗੁਰੂ ਸਾਹਿਬ ਹਰ ਹਾਲਾਤ ਵਿਚ ਪਰਮਾਤਮਾ ਨੂੰ ਯਾਦ ਕਰਦੇ ਅਤੇ ਉਸੇ 'ਤੇ ਭਰੋਸਾ ਰੱਖਦੇ ਹੋਏ ਬਾਦਸ਼ਾਹ ਨੂੰ ਕਹਿੰਦੇ ਹਨ ਕਿ:

**ਕਿ ਊ ਰਾ ਗ਼ਰੂਰ ਅਸਤ ਬਰ ਮੁਲਕੁ ਮਾਲ॥**
**ਵ ਮਾ ਰਾ ਪਨਾਹ ਅਸਤੁ ਯਜ਼ਦਾਂ ਅਕਾਲ॥੧੦੯॥**

ਇਸ ਤਰ੍ਹਾਂ ਉਪਰੋਕਤ ਵਿਚਾਰਾਂ ਤੋਂ ਸਪੱਸ਼ਟ ਹੈ ਕਿ ਜ਼ਫ਼ਰਨਾਮਾ ਵਿਅਕਤੀ ਨੂੰ ਧਰਮ ਅਤੇ ਨੈਤਿਕਤਾ ਦੇ ਰਾਹ 'ਤੇ ਚੱਲਣ ਦਾ ਸਪੱਸ਼ਟ ਸੰਕੇਤ ਕਰਦਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਪਹਿਲਾਂ ਨੌਵੇਂ ਗੁਰੂ ਜੀ ਨੇ ਧਰਮ ਅਤੇ ਨੈਤਿਕਤਾ ਦੇ ਰਾਹ 'ਤੇ ਚੱਲਦੇ ਹੋਏ ਆਪਣਾ ਸੀਸ ਦੇ ਦਿੱਤਾ। ਇਸੇ ਰਾਹ 'ਤੇ ਚੱਲਦੇ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪਰਵਾਰ ਵਿਛੜ ਗਿਆ, ਪਰਵਾਰਕ ਸ਼ਹੀਦੀਆਂ ਹੋਈਆਂ, ਸਭ ਤੋਂ ਪਿਆਰੇ ਖਾਲਸੇ ਨੂੰ ਘੋਰ ਕਸ਼ਟਾਂ ਦਾ ਸਾਹਮਣਾ ਕਰਨਾ ਪਿਆ, ਪਰ ਗੁਰੂ ਸਾਹਿਬ ਇਸ ਰਾਹ ਤੋਂ ਕਦੀ ਵੀ ਨਹੀਂ ਥਿੜਕੇ। ਜ਼ਫ਼ਰਨਾਮਾ ਗੁਰੂ ਸਾਹਿਬ ਦੇ ਧਰਮ ਅਤੇ ਨੈਤਿਕਤਾ ਦੇ ਰਾਹ 'ਤੇ ਚੱਲਣ ਦਾ ਦ੍ਰਿੜ੍ਹ ਸੰਕਲਪ ਅਤੇ ਸਬੂਤ ਪੇਸ਼ ਕਰਦਾ ਹੈ। ਗੁਰੂ ਸਾਹਿਬ ਦੁਆਰਾ ਦਰਸਾਏ ਇਸੇ ਰਸਤੇ ਨੇ ਖਾਲਸਾ ਪੰਥ ਨੂੰ ਨਵੀਂ ਦਿਸ਼ਾ ਪ੍ਰਦਾਨ ਕੀਤੀ ਅਤੇ ਖਾਲਸੇ ਨੇ ਆਉਣ ਵਾਲੇ ਸਮੇਂ ਵਿਚ ਅਨੇਕਾਂ ਝੱਖੜਾਂ ਅਤੇ ਜ਼ਾਲਮ ਹਨੇਰੀਆਂ ਦੇ ਸਮੇਂ ਦੌਰਾਨ ਦ੍ਰਿੜ੍ਹਤਾ ਨਾਲ ਧਰਮ ਅਤੇ ਨੀਤੀ ਦੇ ਰਸਤੇ 'ਤੇ ਚੱਲਦੇ ਹੋਏ ਸਮਾਜ ਦੀ ਅਗਵਾਈ ਕੀਤੀ। ਜ਼ਫ਼ਰਨਾਮਾ ਸਿੱਖਾਂ ਲਈ ਹਮੇਸ਼ਾਂ ਇਸੇ ਰਸਤੇ 'ਤੇ ਚੱਲਣ ਦਾ ਪ੍ਰੇਰਨਾ-ਸ੍ਰੋਤ ਬਣਿਆ ਚਲਿਆ ਆ ਰਿਹਾ ਹੈ ਅਤੇ ਬਣਿਆ ਰਹੇਗਾ। ■

**ਅੰਮ੍ਰਿਤ ਛਕੋ,**
**ਸਿੰਘ ਸਜੋ**

# ਟੁੱਟੀ ਗੰਢਣ ਦਾ ਸੰਦੇਸ਼...

*-ਸ. ਗੁਰਮੀਤ ਸਿੰਘ**

ਪੰਜਾਬ ਦੀ ਤਵਾਰੀਖ ਅਤੇ ਵਿਸ਼ੇਸ਼ ਕਰਕੇ ਸਿੱਖ ਇਤਿਹਾਸ ਵਿਚ ਮਾਘੀ ਦੀ ਸੰਗਰਾਂਦ ਵਿਸ਼ੇਸ਼ ਅਹਿਮੀਅਤ ਰੱਖਦੀ ਹੈ। ਕੁਦਰਤ ਦੀਆਂ ਰੁੱਤਾਂ ਦੇ ਅਨੁਸਾਰ ਬਾਰਾਂ ਦੇਸੀ ਮਹੀਨਿਆਂ ਦਾ ਵਰਨਣ ਕਰਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਦਰਜ ਬਾਣੀ ਬਾਰਾ ਮਾਹ, ਮਨੁੱਖ ਨੂੰ ਉਨ੍ਹਾਂ ਧਰਮੀ ਜਿਉੜਿਆਂ ਦੇ ਚਰਨ ਪਰਸਣ ਦੀ ਪ੍ਰੇਰਣਾ ਦਿੰਦੀ ਹੈ ਜਿਨ੍ਹਾਂ ਨੇ ਆਪਣੇ ਜੀਵਨ ਨੂੰ ਉਸ ਪ੍ਰਭੂ ਦੇ ਹੁਕਮ ਅਨੁਸਾਰ ਢਾਲ ਲਿਆ ਹੈ। ਸਿੱਖ ਇਤਿਹਾਸ ਦੇ ਸੋਨ ਸੁਨਹਿਰੀ ਪੰਨੇ ਦਸਮ ਪਾਤਸ਼ਾਹ ਦੀ ਚਰਨ-ਛੋਹ ਪ੍ਰਾਪਤ ਇਤਿਹਾਸਕ ਗੁਰ ਅਸਥਾਨ ਖਿਦਰਾਣੇ ਦੀ ਢਾਬ ਦੀ ਜੰਗ ਦੀ ਯਾਦ ਨੂੰ ਸਿੱਖ ਮਨਾਂ ਵਿਚ ਪੁਨਰ-ਜੀਵਤ ਕਰਦੇ ਹਨ। ਇਤਿਹਾਸਕ ਹਵਾਲਿਆਂ ਅਨੁਸਾਰ ਖਿਦਰਾਣੇ ਦੀ ਢਾਬ ਦੀ ਲੜੀ ਗਈ ਇਹ ਜੰਗ ਈਸਵੀ ਕੈਲੰਡਰ ਦੇ ਮਈ ਮਹੀਨੇ ਵਿਚ ਹੋਈ ਸੀ ਪਰ ਸਿੱਖ ਸੰਗਤ ਲੰਮੇ ਸਮੇਂ ਤੋਂ ਇਹ ਦਿਨ ਮਾਘ ਮਹੀਨੇ ਦੀ ਸੰਗਰਾਂਦ ਦੇ ਦਿਨ ਹੀ ਮਨਾਉਂਦੀ ਆ ਰਹੀ ਹੈ। ਇਤਿਹਾਸਕ ਦਸਤਾਵੇਜ਼ਾਂ ਅਨੁਸਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੀ ਗੜ੍ਹੀ 'ਚੋਂ ਪੰਜ ਪਿਆਰਿਆਂ ਦਾ ਹੁਕਮ ਮੰਨ ਮਾਛੀਵਾੜੇ ਦੇ ਜੰਗਲ ਦੇ ਬਿਖੜੇ ਰਸਤੇ ਚਲਦਿਆਂ ਵੱਖ-ਵੱਖ ਥਾਵਾਂ ਤੋਂ ਹੁੰਦੇ ਹੋਏ ਮਾਲਵਾ ਦੇਸ਼ ਦੇ ਇਸ ਖਿੱਤੇ ਵੱਲ ਆਉਂਦੇ ਹਨ। ਗੁਰੂ ਜੀ ਦਾ ਪਿੱਛਾ ਕਰਦੀਆਂ ਮੁਗ਼ਲ ਫੌਜਾਂ ਵੀ ਮਗਰ ਪੁਜ ਜਾਂਦੀਆਂ ਹਨ ਤੇ ਮੇਲ ਹੁੰਦਾ ਹੈ ਖਿਦਰਾਣੇ ਦੀ ਢਾਬ ਉੱਤੇ। ਚੁਫੇਰੇ ਸੰਘਣਾ ਜੰਗਲ ਬੀਆ-ਬਾਨ ਹੈ। ਪਾਤਸ਼ਾਹ ਖਿਦਰਾਣੇ ਦੀ ਟਿੱਬੀ 'ਤੇ ਟਿਕਾਣਾ ਕਰ ਦੁਸ਼ਮਣ 'ਤੇ ਬਾਜ਼ ਨਿਗਾਹ ਰੱਖਦੇ ਹਨ।

ਸਰਬੰਸਦਾਨੀ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਲਵੇ ਵਿਚ ਪੁੱਜਣ ਅਤੇ ਮੁਗ਼ਲ ਫੌਜਾਂ ਵਲੋਂ ਪਿੱਛਾ ਕਰਨ ਦੀ ਖ਼ਬਰ ਮਾਝੇ ਵਿੱਚ ਵੀ ਪੁੱਜ ਜਾਂਦੀ ਹੈ। ਸ੍ਰੀ ਅਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਮੁਗਲਾਂ ਤੇ ਪਹਾੜੀ ਰਾਜਿਆਂ ਦੇ ਜ਼ਬਰਦਸਤ ਘੇਰੇ ਕਾਰਨ ਦਰਪੇਸ਼ ਮੁਸ਼ਕਿਲਾਂ ਨਾ ਸਹਾਰਦਿਆਂ ਦਸਮੇਸ਼ ਪਿਤਾ ਨੂੰ ਬੇਦਾਵਾ ਲਿਖ ਦੇਣ ਵਾਲੇ ਭਾਈ ਮਹਾਂ ਸਿੰਘ ਸਮੇਤ ਬਾਕੀ ਸਿੰਘ ਮਾਝੇ ਵਿੱਚ ਨਿਵਾਸ ਰੱਖਦੇ ਹਨ। ਮਾਝੇ ਦੇ ਅੰਮ੍ਰਿਤਸਰ (ਹੁਣ ਤਰਨਤਾਰਨ) ਜ਼ਿਲ੍ਹੇ ਦੇ ਕਸਬੇ ਝਬਾਲ ਦੀ ਬਹਾਦਰ ਬੀਬੀ ਮਾਤਾ ਭਾਗ ਕੌਰ ਜੀ ਗੁਰੂ ਜੀ ਨੂੰ ਬੇਦਾਵਾ ਦੇ ਕੇ ਆਏ ਹੋਏ ਸਿੰਘਾਂ ਨੂੰ ਗੁਰੂ ਦੀ ਮੈਦਾਨੇ ਜੰਗ ਮਦਦ ਲਈ ਟੁੰਬਦੀ ਹੈ ਤੇ ਆਪ ਨਾਲ ਹੋ ਦੁਸ਼ਮਣ ਖਿਲਾਫ ਮੈਦਾਨ ਵਿੱਚ ਨਿਤਰਦੀ ਹੈ। ਮਾਝੇ ਦੀ ਇਹ ਬਹਾਦਰ ਬੀਬੀ ਸਰਹਿੰਦ ਦੇ ਨਵਾਬ ਵਜ਼ੀਰ ਖਾਨ ਦੀਆਂ ਫੌਜਾਂ ਨਾਲ ਲੋਹਾ ਲੈਂਦੀ ਹੋਈ ਇੱਕ ਬੇਖੌਫ ਸ਼ਸਤਰ ਧਾਰੀ ਯੋਧਾ ਔਰਤ ਹੋਣ ਦੀ ਜਿਉਂਦੀ ਜਾਗਦੀ ਮਿਸਾਲ ਬਣਦੀ ਹੈ।

ਇਤਿਹਾਸ ਸਾਖੀ ਭਰਦਾ ਹੈ ਕਿ ਇਸ ਕਹਿਰ ਦੀ ਜੰਗ ਵਿਚ ਬੇਦਾਵਾ ਦੇਣ ਵਾਲੇ ਸਾਰੇ ਹੀ ਸਿੰਘਾਂ ਨੇ ਜੀਅ ਜਾਨ ਨਾਲ ਦੁਸ਼ਮਣ ਦਾ ਮੁਕਾਬਲਾ ਕੀਤਾ ਤੇ ਸ਼ਹਾਦਤ ਦੇ ਮੁਕਾਮ ਤੀਕ ਪਹੁੰਚੇ। ਲੜਾਈ ਖਤਮ ਹੋਣ ਉਪਰੰਤ ਜਦੋਂ ਦਸਮੇਸ਼ ਪਿਤਾ ਜ਼ਖ਼ਮੀ ਤੇ ਸ਼ਹੀਦ ਹੋਏ ਸਿੰਘਾਂ ਨੂੰ ਦੇਖਦੇ ਹਨ ਤਾਂ ਗੁਰੂ ਸਾਹਿਬ ਮੈਦਾਨੇ-ਜੰਗ ਵਿਚ ਜੂਝਣ ਵਾਲੇ ਹਰੇਕ ਸਿੰਘ ਨੂੰ ਰੁਤਬੇ ਬਖ਼ਸ਼ਦੇ ਹੋਏ ਭਾਈ ਮਹਾਂ ਸਿੰਘ ਕੋਲ ਪਹੁੰਚੇ ਤਾਂ ਉਨ੍ਹਾਂ ਦੇ ਕੁਝ ਸਾਹ ਬਾਕੀ ਸਨ। ਗੁਰੂ ਸਾਹਿਬ ਨੇ ਭਾਈ ਮਹਾਂ ਸਿੰਘ ਨੂੰ ਕਿਹਾ ਕਿ ਮੰਗ ਕੀ ਮੰਗਦਾਂ? ਤਾਂ ਅੱਗੋਂ ਭਾਈ ਮਹਾਂ ਸਿੰਘ ਨੇ ਕਿਹਾ, 'ਗੁਰੂ ਜੀ ਬੇਦਾਵਾ ਪਾੜ ਦਿਉ, ਟੁੱਟੀ ਗੰਢ ਲਉ'। ਗੁਰੂ ਸਾਹਿਬ ਨੇ ਅੱਗੋਂ ਮਿਹਰ ਦੇ ਘਰ 'ਚ ਆਉਂਦੇ ਹੋਏ ਕਿਹਾ, 'ਤੁਸੀਂ ਬੇਦਾਵਾ ਲਿਖ ਕੇ ਦੇ ਆਏ ਸੀ ਕਿ ਨਾ ਤੂੰ ਸਾਡਾ ਗੁਰੂ ਹੈਂ ਤੇ ਨਾ ਅਸੀਂ ਤੇਰੇ ਸਿੱਖ ਹਾਂ, ਪਰ ਅਸੀਂ ਤਾਂ ਕਦੇ ਨਹੀਂ ਕਿਹਾ ਕਿ ਤੁਸੀਂ ਮੇਰੇ ਸਿੱਖ ਨਹੀਂ। ਜਦੋਂ ਤੁਸੀਂ ਕਿਲ੍ਹਾ ਅਨੰਦਪੁਰ ਛੱਡ ਕੇ ਆ ਰਹੇ ਸੀ, ਮੈਂ ਤਾਂ ਉਸ ਵਕਤ ਵੀ ਜਾ ਰਹੇ ਆਪਣੇ ਪੁੱਤਰਾਂ ਵੱਲ

**ਇੰਚਾਰਜ ਇਮਾਰਤੀ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।*

ਹੀ ਦੇਖ ਰਿਹਾ ਸੀ। ਭੀੜ ਭਰੇ ਸਮਿਆਂ ਵਿਚ ਸਾਰਾ ਕੁਝ ਬਿਖਰ ਗਿਆ, ਸਾਰੇ ਸਿੰਘ ਸ਼ਹੀਦ ਹੋ ਗਏ, ਕਿਲ੍ਹਾ ਅਨੰਦਪੁਰ ਛੱਡਣਾ ਪਿਆ, ਕੀਮਤੀ ਗ੍ਰੰਥ ਸਿਰਸਾ ਵਿਚ ਰੁੜ੍ਹ ਗਏ ਪਰ ਇਹ ਬੇਦਾਵਾ ਤੁਹਾਡੀ ਨਿਸ਼ਾਨੀ ਸਮਝ ਕੇ ਆਪਣੀ ਹਿੱਕ ਨਾਲ ਲਾ ਕੇ ਰੱਖਿਆ ਹੋਇਆ ਹੈ। ਅੱਜ ਤੁਸੀਂ ਫੇਰ ਖਾਲਸਾ ਪਰਿਵਾਰ ਨਾਲ ਟੁੱਟੀ ਗੰਢ ਲਈ ਹੈ। ਤੁਸੀਂ ਸਾਰੇ ਬੰਧਨਾਂ ਤੋਂ ਮੁਕਤ ਹੋ ਏਨਾ ਕਹਿੰਦੇ ਗੁਰੂ ਜੀ ਨੇ ਬੇਦਾਵਾ ਪਾੜ ਦਿੱਤਾ ਤੇ ਭਾਈ ਮਹਾਂ ਸਿੰਘ ਜੀ ਸਰੀਰ ਤਿਆਗ ਗਏ।

ਦਸਮੇਸ਼ ਪਿਤਾ ਇਨ੍ਹਾਂ ਸ਼ਹੀਦ ੪੦ ਸਿੰਘਾਂ ਨੂੰ ਮੁਕਤੇ ਕਹਿ ਨਿਵਾਜਦੇ ਹਨ ਤੇ ਖਿਦਰਾਣੇ ਦੀ ਇਹ ਧਰਤ ਮੁਕਤਸਰ ਹੋਣ ਦੇ ਮੁਕਾਮ ਤੀਕ ਪੁਜਦੀ। ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ ਦਾ ਕਰਤਾ ਲਿਖਦਾ ਹੈ:

**ਅਬਿ ਤੇ ਨਾਮ ਮੁਕਤਿਸਰ ਹੋਇ।**
**ਖਿਦਰਾਨਾ ਇਸ ਕਹੇ ਨਾ ਕੋਇ।**
**ਇਸ ਥਲ ਮੁਕਤਿ ਭਏ ਸਿਖ ਚਾਲੀ।**
**ਜੇ ਨਿਸ਼ਪਾਪ ਘਾਲ ਬਹੁ ਘਾਲੀ।**

ਇਸ ਮਹਾਨ ਗੁਰ ਅਸਥਾਨ ਅਤੇ ਸ਼ਹੀਦਾਂ ਦੀ ਯਾਦਗਾਰੀ ਧਰਤ ਦੇ ਦਰਸ਼ਨ ਦੀਦਾਰੇ ਇਸ਼ਨਾਨ ਕਰਦਿਆਂ ਇਹ ਜ਼ਰੂਰ ਜ਼ਿਹਨ ਵਿੱਚ ਰੱਖਣਾ ਪਵੇਗਾ ਕਿ ਦੁਨਿਆਵੀ ਕਾਰ ਵਿਹਾਰ ਕਰਦਿਆਂ, ਮਨ ਬਚਨ ਕਰਮ ਕਰਦਿਆਂ ਅਗਰ ਕਿਤੇ ਸਿੱਖ ਗੁਰੂ ਤੋਂ ਬੇਮੁਖ ਹੋ ਗਿਆ ਹੈ ਜਾਂ ਪਿੱਠ ਦੇ ਬੈਠਾ ਹੈ ਤਾਂ ਗੁਰੂ ਪਾਤਸ਼ਾਹ ਨੇ ਹਰਗਿਜ਼ ਉਸਨੂੰ ਆਪਣੀ ਸਮਰਿਤੀ 'ਚੋਂ ਵਿਸਾਰਿਆ ਨਹੀ ਹੈ। ਉਹ ਤਾਂ ਹਮੇਸ਼ਾਂ ਹੀ ਆਪਣੇ ਸਿੱਖਾਂ ਨੂੰ ਪਿਆਰ ਭਰੀ ਗਲਵਕੜੀ ਵਿੱਚ ਲੈਣ ਲਈ ਬੇਤਾਬ ਹੈ। ਇਹ ਵੀ ਧਿਆਨ ਵਿੱਚ ਰੱਖਣਾ ਪਵੇਗਾ ਕਿ ਅਸੀਂ ਭਾਵੇਂ ਵੱਖ ਵੱਖ ਕਾਰਨਾਂ ਕਰਕੇ ਇਕ ਦੂਸਰੇ ਤੋਂ ਦੂਰ ਹੋਈਏ ਲੇਕਿਨ ਗੁਰੂ ਦੀ ਬਾਜ਼ ਨਿਗਾਹ ਤੋਂ ਦੂਰ ਨਹੀਂ ਹੋ ਸਕਦੇ।

ਇਸ ਪਾਵਨ ਅਸਥਾਨ ਦੇ ਦਰਸ਼ਨ ਕਰਨ ਆਈਆਂ ਸੰਗਤਾਂ ਖਾਸ ਕਰਕੇ ਨੌਜਵਾਨਾਂ ਨੂੰ ਵੀ ਇਸ ਮੌਕੇ ਚਾਲੀ ਮੁਕਤਿਆਂ ਦੇ ਇਤਿਹਾਸ ਨੂੰ ਪੜ੍ਹਦੇ ਤੇ ਸਮਝਦੇ ਹੋਏ ਗੁਰਸਿੱਖੀ ਨੂੰ ਦਿੱਤੇ ਹੋਏ ਬੇਦਾਵੇ ਪਾੜ ਕੇ ਟੁੱਟੀ ਗੰਢਣ ਦਾ ਪ੍ਰਣ ਕਰਨਾ ਚਾਹੀਦਾ ਹੈ। ਸਭ ਤਰ੍ਹਾਂ ਦੀਆਂ ਧਾਰਮਿਕ ਤੇ ਸਮਾਜਿਕ ਬੁਰਾਈਆਂ ਨੂੰ ਤਿਆਗ ਕੇ ਗੁਰਮਤਿ ਮਰਿਆਦਾ ਦਾ ਜੀਵਨ ਜਿਉਣ ਦਾ ਦ੍ਰਿੜ੍ਹ ਨਿਸ਼ਚਾ ਕਰਨਾ ਹੀ ਇਸ ਪਵਿੱਤਰ ਦਿਹਾੜੇ 'ਤੇ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ। ਇਸ ਪਾਵਨ ਗੁਰਧਾਮ ਦੇ ਦਰਸ਼ਨ ਕਰਦਿਆਂ, ਮਨਾਂ ਵਿੱਚ ਥੋੜਾ ਜਿਹਾ ਗੁਰੂ ਅਦਬ, ਭੈਅ ਭਾਵਨੀ ਰੱਖੀਏ, ਸਾਡੀ ਰਾਖੀ ਉਹ ਦੀਨ ਦਇਆਲ ਸਤਿਗੁਰੂ ਆਪ ਕਰਨਗੇ।

■


## ਫ਼ਾਰਮ IV ਰੂਲ ੮

| | |
|---|---|
| ੧ ਛਪਣ ਦਾ ਅਸਥਾਨ | ਸ੍ਰੀ ਅੰਮ੍ਰਿਤਸਰ |
| ੨ ਛਪਣ ਦਾ ਸਮਾਂ | ਹਰ ਮਹੀਨੇ ਦੀ ੧੫-੧੬ ਤਾਰੀਖ |
| ੩ ਮੁਦ੍ਰਕ ਦਾ ਨਾਂ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੪ ਪ੍ਰਕਾਸ਼ਕ ਦਾ ਨਾਂ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੫ ਸੰਪਾਦਕ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੬ ਮਾਲਕ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |

ਮੈਂ ਦਿਲਜੀਤ ਸਿੰਘ ਸੰਪਾਦਕ, ਘੋਸ਼ਣਾ ਕਰਦਾ ਹਾਂ ਕਿ ਜਿਥੋਂ ਤਕ ਮੈਨੂੰ ਪਤਾ ਹੈ, ਉਪਰ ਦਿੱਤੀ ਜਾਣਕਾਰੀ ਸਹੀ ਹੈ।

ਸਹੀ/-ਦਿਲਜੀਤ ਸਿੰਘ

# ਛੋਟੀ ਉਮਰ ਦੇ ਸ਼ਹੀਦ ਯੋਧੇ

*-ਡਾ. ਜਰਨੈਲ ਸਿੰਘ**

ਸ਼ਹੀਦ ਸ਼ਬਦ ਅਰਬੀ ਭਾਸ਼ਾ ਦਾ ਸ਼ਬਦ ਹੈ ਜਿਸਦਾ ਭਾਵ ਹੈ ਸ਼ਹਾਦਤ ਦੇਣ ਵਾਲਾ। ਅਜਿਹਾ ਕੰਮ ਕਰਨ ਵਾਲਾ ਜਿਸਦੀ ਲੋਕ ਗਵਾਹੀ (ਸਾਖੀ) ਦੇਣ ਜਾਂ ਉਹ ਵਿਅਕਤੀ ਜਿਸਨੇ ਧਰਮ ਦੀ ਖਾਤਰ ਆਪਣਾ ਜੀਵਨ ਸਮਰਪਿਤ ਕੀਤਾ ਹੋਵੇ ਉਸਨੂੰ ਸ਼ਹੀਦ ਕਹਿੰਦੇ ਹਨ। ਸਿੱਖ ਧਰਮ ਵਿਚ ਸ਼ਹੀਦੀਆਂ ਦੇਣ ਦਾ ਦੌਰ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਤੋਂ ਸ਼ੁਰੂ ਹੋਇਆ ਅਤੇ ਇਸੇ ਤਰ੍ਹਾਂ ਅੱਗੇ ਵੱਧਦਾ ਗਿਆ। ਗੁਰੂ ਸਾਹਿਬਾਨ ਦੇ ਸ਼ਹੀਦੀ ਦੇਣ ਤੋਂ ਇਲਾਵਾ ਅਨੇਕਾਂ ਹੀ ਸਿੰਘ ਸਿੰਘਣੀਆ ਨੇ ਵੀ ਸਿੱਖ ਧਰਮ ਅਤੇ ਸਿੱਖੀ ਸਿਧਾਂਤਾਂ ਲਈ ਅਤੇ ਆਪਣੇ ਹੱਕ ਲੈਣ ਲਈ ਸ਼ਹੀਦੀਆਂ ਪ੍ਰਾਪਤ ਕੀਤੀਆਂ। ਸਿੱਖ ਇਤਿਹਾਸ ਦੇ ਪ੍ਰਾਪਤ ਸਰੋਤਾਂ ਨੇ ਅਨੇਕਾਂ ਹੀ ਸ਼ਹੀਦਾਂ ਦੇ ਕਾਰਨਾਮੇ ਦਰਸਾਏ ਹਨ ਪਰ ਫਿਰ ਵੀ ਕਈ ਸ਼ਹੀਦਾਂ ਦੇ ਨਾਮ ਗੁੰਮਨਾਮ ਹਨ ਅਤੇ ਇਤਿਹਾਸਕਾਰਾਂ ਦੇ ਸਾਹਮਣੇ ਨਹੀਂ ਆ ਸਕੇ।

ਸਿੱਖ ਧਰਮ ਵਿਚ ਜਿਥੇ ਸਿਆਣੀ ਉਮਰ ਦੇ ਬਜ਼ੁਰਗਾਂ ਨੇ ਸਿੱਖੀ 'ਤੇ ਪਹਿਰਾ ਦਿੰਦਿਆਂ ਸ਼ਹੀਦੀਆਂ ਦਿੱਤੀਆਂ ਉਥੇ ਹੀ ਬੱਚਿਆਂ ਨੇ ਵੀ ਸ਼ਹਾਦਤਾਂ ਦਿੱਤੀਆਂ ਹਨ। ਸਭ ਤੋਂ ਛੋਟੀ ਉਮਰ ਵਿਚ ਸ਼ਹੀਦ ਹੋਣ ਵਾਲਿਆਂ ਵਿਚੋਂ ਜਿਨ੍ਹਾਂ ਨੇ ਸਿੱਖ ਧਰਮ ਦੇ ਸਿਧਾਂਤਾਂ ਖਾਤਰ ਸ਼ਹੀਦੀ ਦਿੱਤੀ ਸਭ ਤੋਂ ਉਪਰ ਨਾਮ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਦਾ ਆਉਂਦਾ ਹੈ। ਛੋਟੇ ਸਾਹਿਬਜ਼ਾਦਿਆਂ ਨੇ ਸੂਬਾ ਸਰਹੰਦ ਦੇ ਲਾਲਚ ਅਤੇ ਡਰਾਵਿਆ ਦੀ ਪਰਵਾਹ ਨਾ ਕਰਦਿਆਂ ਸਿੱਖੀ ਸਿਧਾਤਾਂ ਦੀ ਗੱਲ ਉਸਦੀ ਕਚਹਿਰੀ ਵਿਚ ਕੀਤੀ ਅਤੇ ਆਪਣੇ ਸਿਪਾਹੀਆਂ ਨੂੰ ਹੁਕਮ ਕੀਤਾ ਕਿ ਇਨ੍ਹਾਂ ਨੂੰ ਨੀਂਹਾਂ ਵਿਚ ਚਿਣ ਕੇ ਸ਼ਹੀਦ ਕਰ ਦਿੱਤਾ ਜਾਵੇ। ਇਹ ਘਟਨਾ ਸਰਹੰਦ ਵਿਖੇ ੧੭੦੪ ਈ. ਵਿਚ ਹੋਈ। ਸੂਬੇ ਸਰਹੰਦ ਦੇ ਕੋਝੇ ਮਨਸੂਬੇ ਕਾਮਯਾਬ ਨਾ ਹੋਏ ਅਤੇ ਪਤਾ ਲੱਗਣ 'ਤੇ ਉਸਨੇ ਸਾਹਿਬਜ਼ਾਦਿਆਂ ਦੀ ਮਦਦ ਕਰਨ ਵਾਲੇ ਅਤੇ ਠੰਡੇ ਬੁਰਜ ਵਿਚ ਦੁੱਧ ਪਿਆਉਣ ਲਈ ਜਾਂਦੇ ਮੋਤੀ ਮਹਿਰੇ ਦੇ ਪਰਿਵਾਰ ਅਤੇ ਛੋਟੇ ਬੱਚਿਆਂ ਨੂੰ ਵੀ ਕੋਹਲੂ ਵਿਚ ਜਿੰਦਾ ਪੀੜ ਕੇ ਸ਼ਹੀਦ ਕਰਵਾ ਦਿੱਤਾ ਸੀ।

ਇਸੇ ਤਰ੍ਹਾਂ ਛੋਟੀ ਉਮਰ ਵਿਚ ਸ਼ਹੀਦ ਹੋਣ ਵਾਲੇ ਹੋਰ ਵੀ ਬਹੁਤ ਸਾਰੇ ਨਾਮ ਜੋ ਇਤਿਹਾਸ ਵਿਚ ਆਉਂਦੇ ਹਨ ਉਨ੍ਹਾਂ ਵਿਚੋਂ ਬਾਬਾ ਅਜੈ ਸਿੰਘ ਦਾ ਨਾਮ ਵੀ ਇਤਿਹਾਸ ਦੇ ਸੁਨਹਿਰੀ ਪੰਨਿਆਂ 'ਤੇ ਲਿਖਿਆ ਜਾਂਦਾ ਹੈ। ਬਾਬਾ ਅਜੈ ਸਿੰਘ ਬਾਬਾ ਬੰਦਾ ਸਿੰਘ ਬਹਾਦਰ ਦਾ ੪ ਸਾਲ ਦਾ ਪੁੱਤਰ ਸੀ ਜਿਸ ਨੂੰ ਕਿ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਸਦੇ ਨਾਲ ਗ੍ਰਿਫਤਾਰ ਕੀਤੇ ਗਏ ਸਿੰਘਾਂ ਨਾਲ ਦਿੱਲੀ ਲਿਜਾਇਆ ਗਿਆ ਸੀ ਅਤੇ ਦਿੱਲੀ ਵਿਚ ਕੁਤਬਮੀਨਾਰ ਦੇ ਕੋਲ ਸ਼ਹੀਦ ਕੀਤਾ ਸੀ। ਜੱਲਾਦਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਡਰਾਉਣ ਲਈ ਬਾਬਾ ਅਜੈ ਸਿੰਘ ਦੇ ਛੁਰੇ ਨਾਲ ਟੋਟੇ-ਟੋਟੇ ਕਰ ਦਿੱਤੇ ਅਤੇ ਉਸਦਾ ਤੜਫਦਾ ਹੋਇਆ (ਦਿਲ) ਕਲੇਜਾ ਕੱਢ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ ਵਿਚ ਤੁੰਨ ਦਿੱਤਾ। ਬਾਬਾ ਅਜੈ ਸਿੰਘ ਪਿਤਾ ਵਾਂਗ ਧਰਮ ਤੋਂ ਡੋਲਿਆ ਨਾ ਅਤੇ ਸ਼ਹੀਦ ਹੋ ਗਿਆ। ਇਹ ਘਟਨਾ ੧੭੧੬ ਈ: ਦੀ ਹੈ। ਇਸ ਤੋਂ ਬਾਅਦ ਸਿੱਖਾਂ 'ਤੇ ਅਨੇਕਾਂ ਜ਼ੁਲਮ ਹੋਏ ਅਤੇ ਸ਼ਹੀਦੀਆਂ ਦਾ ਦੌਰ ਚੱਲਦਾ ਰਿਹਾ ਅਤੇ ਸੰਨ ੧੭੪੫ ਈ: ਨੂੰ ਲਾਹੌਰ ਵਿਖੇ ਮੀਰ ਮੰਨੂ ਦੀ ਜੇਲ੍ਹ ਵਿਚ ਕੈਦ ਕੀਤੀਆਂ ਹਜ਼ਾਰਾਂ ਸਿੰਘਣੀਆਂ ਦੇ ਛੋਟੇ-ਛੋਟੇ ਦੁੱਧ ਚੁੰਘਦੇ ਬੱਚਿਆਂ ਨੂੰ ਨੇਜਿਆਂ ਤੇ ਟੰਗ ਕੇ ਸ਼ਹੀਦ ਕਰ ਦਿੱਤਾ ਗਿਆ। ਵੱਡੇ ਅਤੇ ਛੋਟੇ ਘੱਲੂਘਾਰਿਆਂ ਵਿਚ ਵੀ ਅਨੇਕਾਂ

*(ਬਾਕੀ ਪੰਨਾ ੨੨ 'ਤੇ)*

---

**ਗ੍ਰੰਥੀ ਗੁਰਦੁਆਰਾ ਸ੍ਰੀ ਪਲਾਹ ਸਾਹਿਬ, ਸ੍ਰੀ ਅੰਮ੍ਰਿਤਸਰ।*

# ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੈਮੀਨਾਰ

## ਸਮੁੱਚਾ ਸੰਸਾਰ ਦਸਮੇਸ਼ ਪਿਤਾ ਨੂੰ ਯੁੱਗ ਪ੍ਰੀਵਰਤਕ ਦੇ ਰੂਪ ਵਿਚ ਦੇਖਦਾ ਹੈ- ਪ੍ਰੋ: ਕਿਰਪਾਲ ਸਿੰਘ ਬਡੂੰਗਰ



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਖ਼ਤ ਸੱਚਖੰਡ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਵਿਸ਼ੇਸ਼ ਪੰਡਾਲ ਵਿੱਚ 'ਜੀਵਨ ਦਰਸ਼ਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ' ਵਿਸ਼ੇ 'ਤੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਪੰਥ ਪ੍ਰਸਿੱਧ ਵਿਦਵਾਨਾ ਤੇ ਵੱਖ-ਵੱਖ ਧਰਮਾਂ ਦੇ ਸੰਤਾਂ ਨੇ ਦਸਮੇਸ਼ ਪਿਤਾ ਦੇ ਜੀਵਨ ਦੇ ਵੱਖ-ਵੱਖ ਪਹਿਲੂਆਂ ਤੇ ਚਾਨਣਾ ਪਾਇਆ। ਇਸ ਸੈਮੀਨਾਰ ਦੀ ਪ੍ਰਧਾਨਗੀ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕੀਤੀ ਤੇ ਇਸ ਦੇ ਕੋ-ਆਰਡੀਨੇਟਰ ਸੰਤ ਗਿਆਨੀ ਗੁਰਮੀਤ ਸਿੰਘ ਜੀ 'ਖੋਸਾ ਕੋਟਲਾ' ਸਨ। ਵਿਸ਼ੇਸ਼ ਮਹਿਮਾਨ ਵਜੋਂ ਬਾਬਾ ਸਰਬਜੋਤ ਸਿੰਘ ਬੇਦੀ, ਡਾ: ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਅਤੇ ਡਾ: ਕਮਲਰੂਪ ਸਿੰਘ ਜੀ ਇੰਗਲੈਂਡ ਨੇ ਸ਼ਿਰਕਤ ਕੀਤੀ। ਕੁੰਜੀਵਤ ਭਾਸ਼ਣ ਡਾ: ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਨੇ ਦਿੱਤਾ। ਸੈਮੀਨਾਰ ਦੇ ਸ਼ੁਰੂ ਵਿੱਚ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਨੇ ਸੈਮੀਨਾਰ ਵਿੱਚ ਸ਼ਿਰਕਤ ਕਰਨ ਵਾਲੀਆਂ ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸੰਗਤਾਂ ਨੂੰ ਜੀ ਆਇਆਂ ਕਹਿੰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਦੁਨੀਆਂ ਤੇ ਅੱਜ ਤੱਕ ਕੋਈ ਐਸਾ ਸਾਹਿਤਕਾਰ ਪੈਦਾ ਨਹੀਂ ਹੋਇਆ ਜੋ ਸਾਹਿਬ-ਏ-ਕਮਾਲ, ਸਰਬੰਸਦਾਨੀ, ਕਲਗੀਧਰ ਦਸਮੇਸ਼ ਪਿਤਾ ਦੇ ਸਮੁੱਚੇ ਜੀਵਨ, ਫਿਲਾਸਫ਼ੀ, ਕੁਰਬਾਨੀਆਂ ਅਤੇ ਉਨ੍ਹਾਂ ਦੇ ਜੀਵਨ ਤੋਂ ਲੈ ਕੇ ਅੰਤ ਤੱਕ ਲਿਖ ਸਕੇ। ਦੁਨੀਆਂ ਦੇ ਇਤਿਹਾਸ ਵਿਚ ਅਜਿਹੀ ਮਿਸਾਲ ਨਹੀਂ ਮਿਲਦੀ ਕਿ ਇਕ ੯ ਸਾਲ ਦਾ ਬੱਚਾ ਆਪਣੇ ਪਿਤਾ ਨੂੰ ਧਰਮ ਦੀ ਰੱਖਿਆ ਖਾਤਰ ਸ਼ਹੀਦ ਹੋਣ ਲਈ ਤੋਰੇ। ਗੁਰੂ ਜੀ ਨੇ ਅੰਮ੍ਰਿਤ ਦਾ ਬਾਟਾ ਤਿਆਰ ਕਰਕੇ ਪੰਜਾਂ ਜਾਤਾਂ ਦੇ ਪੰਜ ਸਿਰਲੱਥ ਯੋਧੇ ਲੈ ਕੇ ਪਹਿਲਾਂ ਉਨ੍ਹਾਂ ਨੂੰ ਅੰਮ੍ਰਿਤ ਛਕਾਇਆ ਤੇ ਫੇਰ ਉਨ੍ਹਾਂ ਤੋਂ ਅੰਮ੍ਰਿਤ ਛਕ ਕੇ ਆਪੇ ਗੁਰ ਚੇਲਾ ਦੀ ਮਿਸਾਲ ਕਾਇਮ ਕਰਦਿਆਂ ਉਚ-ਨੀਚ ਤੇ ਜਾਤ-ਪਾਤ ਦੇ ਭਿੰਨ-ਭੇਦ ਨੂੰ ਮਿਟਾਇਆ। ਜਿਸ ਨੇ ਆਪਣੇ ਖਾਲਸੇ ਨੂੰ ਸ਼ਾਸਤਰ ਤੇ ਸ਼ਸਤਰ ਦੇ ਧਨੀ ਹੋਣ ਲਈ ਪ੍ਰੇਰਿਆ ਉਸ ਦੀ ਮਹਿਮਾ ਕਿਵੇਂ ਬਿਆਨ ਕਰ ਸਕਦੇ ਹਾਂ। ਇਸ ਮੌਕੇ ਪ੍ਰੋ: ਕਿਰਪਾਲ ਸਿੰਘ ਜੀ ਬਡੂੰਗਰ ਨੂੰ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਪਟਨਾ ਸਾਹਿਬ ਅਤੇ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਸੀਨੀਅਰ ਵਾਈਸ ਪ੍ਰਧਾਨ ਸ.ਸ਼ੈਲਿੰਦਰ ਸਿੰਘ ਨੇ ਸਨਮਾਨ ਚਿੰਨ੍ਹ, ਲੋਈ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਡਾ: ਜਸਪਾਲ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਉਦਘਾਟਨੀ ਸ਼ਬਦਾਂ ਵਿਚ ਕਿਹਾ ਕਿ ਦੁਨੀਆਂ ਦਾ ਇਤਿਹਾਸ ਦੇਖ ਕੇ ਇਹ ਅਹਿਸਾਸ ਹੁੰਦਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਰਗੀ ਮਹਾਨ ਸਖ਼ਸ਼ੀਅਤ ਦੁਨੀਆਂ ਦੇ ਇਤਿਹਾਸ ਦੇ ਕਿਸੇ ਪੰਨੇ ਤੇ ਅੱਜ ਤੱਕ ਦਰਜ ਹੋਈ ਨਹੀਂ ਦੇਖੀ ਗਈ। ਉਹ ਇਕ ਧਰਮ ਗੁਰੂ, ਇਕ ਰਹਿਬਰ ਤੇ ਇਕ ਪੈਗੰਬਰ ਸਨ। ਉਹ ਇਕ ਮਹਾਨ ਯੋਧਾ, ਜਰਨੈਲ ਤੇ ਤੇਗ ਦੇ ਧਨੀ ਸਨ। ਉਨ੍ਹਾਂ ਇਕ ਸ਼ਾਇਰ ਦੇ ਰੂਪ 'ਚ ਵੱਖ-ਵੱਖ ਭਾਸ਼ਾਵਾਂ 'ਚ ਰਚਨਾਵਾਂ ਕੀਤੀਆਂ ਤੇ ੫੨ ਕਵੀਆਂ ਦੀ ਅਗਵਾਈ ਕੀਤੀ। ਦੁਨੀਆਂ ਦੇ ਇਤਿਹਾਸ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਰਗੀ ਕੋਈ ਐਸੀ ਸਖ਼ਸ਼ੀਅਤ ਨਹੀਂ ਜਿਨ੍ਹਾਂ ਆਪਣਾ ਸਾਰਾ ਸਰਬੰਸ ਕੁਰਬਾਨ ਕਰ ਦਿੱਤਾ।

ਡਾ: ਬਲਵੰਤ ਸਿੰਘ ਢਿੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਕਿਹਾ ਕਿ ਹਿੰਦੁਸਤਾਨ ਦੇ ਇਤਿਹਾਸ 'ਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਕ੍ਰਾਂਤੀ ਲਿਆਂਦੀ। ਉਨ੍ਹਾਂ ਆਪਣੇ ਜੀਵਨ ਦੌਰਾਨ ਬਹੁਤ ਸਾਰੇ ਸਾਹਿਤ ਦੀ ਰਚਨਾ ਕੀਤੀ ਤੇ ਵਿਦਿਆ ਦਾ ਢੰਗ ਰਚਿਆ। ੧੬੯੯ ਦੀ ਵਿਸਾਖੀ ਵਾਲੇ ਦਿਨ ਖਾਲਸੇ ਦੀ ਸਾਜਨਾ ਕਰਕੇ ਇਕ ਮਹਾਨ ਕ੍ਰਾਂਤੀ ਲਿਆਂਦੀ ਤੇ ਜਬਰ ਤੇ ਜ਼ੁਲਮ ਦਾ ਨਾਸ ਕੀਤਾ। ਡਾ: ਰੂਪ ਸਿੰਘ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਕਿਹਾ ਕਿ ਇਸ ਧਰਤੀ ਤੇ ਜਿਸਦਾ ਜਨਮ ਹੁੰਦਾ ਹੈ ਉਸਦੀ ਮੌਤ ਵੀ ਹੁੰਦੀ ਹੈ। ਪਰ ਅਕਾਲ ਪੁਰਖ ਦੀ ਜੋਤ ਜਨਮ ਮਰਣ ਤੋਂ ਰਹਿਤ ਹੈ। ਉਨ੍ਹਾਂ ਕਿਹਾ ਕਿ ਮਰਦੇ ਸੂਰਜ ਦੀ ਤਸਵੀਰ ਨਹੀਂ ਲਈ ਜਾ ਸਕਦੀ ਤੇ ਨਾ ਹੀ ਉਨ੍ਹਾਂ ਦੇ ਗੁਣਾਂ ਦਾ ਬਿਆਨ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ

ਗੋਬਿੰਦ ਸਿੰਘ ਜੀ ਦੀ ਜੋਤਿ ਜਿਸ ਪਾਵਨ ਧਰਤੀ ਤੇ ਪ੍ਰਗਟ ਹੋਈ ਉਸ ਦਾ ਨਾਮ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਰੱਖਿਆ ਗਿਆ।

ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਅੰਮ੍ਰਿਤ ਕੇ ਦਾਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਰਗੀ ਹੋਰ ਕੋਈ ਸ਼ਖ਼ਸੀਅਤ ਨਹੀਂ ਜੋ ਇਕ ਮਹਾਨ ਸੂਰਬੀਰ ਯੋਧਾ ਹੋਣ ਦੇ ਨਾਲ-ਨਾਲ ਕ੍ਰਾਂਤੀਕਾਰੀ, ਮਹਾਨ ਕਵੀ, ਮਹਾਨ ਸਾਹਿਤਕਾਰ, ਜ਼ੁਲਮ ਤੇ ਜਬਰ ਦਾ ਖਾਤਮਾ ਕਰਨ ਵਾਲਾ ਸਰਬੰਸ ਦਾਨੀ ਹੋਵੇ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਦੇਸ਼ਾਂ ਤੇ ਚੱਲਣ ਲਈ ਬੇਨਤੀ ਕੀਤੀ। ਅਚਾਰੀਆ ਰਾਕੇਸ਼ ਮੁਨੀ ਨੇ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਜਿੰਨੇ ਵੀ ਬਲੀਦਾਨ ਹੋਏ ਉਨ੍ਹਾਂ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ, ਸ੍ਰੀ ਗੁਰੂ ਤੇਗ ਬਹਾਦਰ ਜੀ ਤੇ ਦਸਮ ਪਿਤਾ ਦੇ ਬਲੀਦਾਨ ਨੂੰ ਭੁਲਾ ਨਹੀਂ ਸਕਦੇ। ਉਨ੍ਹਾਂ ਕਿਹਾ ਕਿ ਇਤਿਹਾਸ ਬੁਜ਼ਦਿਲਾਂ ਨਾਲ ਨਹੀਂ ਬਲਕਿ ਦਸਮ ਪਿਤਾ ਵਰਗੇ ਵੀਰਾਂ ਨਾਲ ਬਣਦਾ ਹੈ।

ਡਾ: ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਨੇ ਕਿਹਾ ਕਿ ਜੋ ਕੌਮਾਂ ਆਪਣਾ ਇਤਿਹਾਸ ਭੁੱਲ ਜਾਂਦੀਆਂ ਨੇ ਉਨ੍ਹਾਂ ਦਾ ਨਾਮ ਦੁਨੀਆਂ ਦੇ ਇਤਿਹਾਸ ਦੇ ਨਕਸ਼ੇ ਤੋਂ ਮਿਟ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜੋ ਜੋਤ ਜਗਾਈ ਉਸ ਦਾ ਚਾਨਣ ਦਸਮੇਸ਼ ਪਿਤਾ ਨੇ ਪੂਰੀ ਦੁਨੀਆਂ 'ਚ ਫੈਲਾਇਆ। ਉਨ੍ਹਾਂ ਕਿਹਾ ਕਿ ਉਸ ਸਮੇਂ ਭਾਰਤੀ ਲੋਕਾਂ 'ਚ ਏਨੀ ਕਾਇਰਤਾ ਤੇ ਕਮਜ਼ੋਰੀ ਆ ਚੁੱਕੀ ਸੀ ਕਿ ਉਨ੍ਹਾ ਨੂੰ ਜ਼ਾਲਮ ਹਮਲਾਵਰ ਜਿੱਧਰ ਮਰਜ਼ੀ ਭੇਡਾਂ ਬੱਕਰੀਆਂ ਵਾਂਗ ਧੱਕ ਕੇ ਲੈ ਜਾਂਦੇ ਸਨ। ਉਨ੍ਹਾਂ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਪਹਿਲੀ ਕ੍ਰਾਂਤੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਲਿਆਂਦੀ ਤੇ ਫੇਰ ਬਾਕੀ ਗੁਰੂ ਸਾਹਿਬਾਨ ਤੇ ਅਖੀਰ 'ਚ ਦਸਮ ਪਿਤਾ ਨੇ ਖਾਲਸੇ ਦੀ ਵਿਲੱਖਣ ਪਹਿਚਾਣ ਬਣਾ ਕੇ ਉਸ ਨੂੰ ਜਬਰ ਤੇ ਜ਼ੁਲਮ ਦਾ ਟਾਕਰਾ ਕਰਨ ਲਈ ਕਿਹਾ। ਉਨ੍ਹਾਂ ਪੰਜ ਪਿਆਰਿਆਂ ਦੀ ਸਾਜਨਾ ਕਰਕੇ ਇਕ ਵਿਲੱਖਣ ਮਿਸਾਲ ਕਾਇਮ ਕੀਤੀ।

ਸਵਾਮੀ ਚਿਰਾ ਨੰਦ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਤੇ ਅੱਜ ਸਾਰਾ ਸੰਸਾਰ ਸ੍ਰੀ ਪਟਨਾ ਸਾਹਿਬ ਦੀ ਧਰਤੀ ਤੇ ਨਤਮਸਤਿਕ ਹੋਣ ਲਈ ਆਇਆ ਹੈ। ਉਨ੍ਹਾਂ ਕਿਹਾ ਕਿ ਜੋ ਸੰਗਤਾਂ ਸੜਕਾਂ ਧੋਣ ਦੀ ਸੇਵਾ ਕਰ ਰਹੀਆਂ ਨੇ ਉਹ ਸੜਕਾਂ ਨਹੀਂ ਬਲਕਿ ਆਪਣੇ ਦਿਲਾਂ ਨੂੰ ਧੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਹਿੰਦੁਸਤਾਨ ਦੀ ਜ਼ਮੀਰ ਅਗਰ ਜ਼ਿੰਦਾ ਹੈ ਤਾਂ ਉਹ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਖਾਤਿਰ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਜੋ ਲੰਗਰ ਦੀ ਪ੍ਰਥਾ ਚਲਾਈ ਉਸ ਦੀ ਬਦੌਲਤ ਅੱਜ ਕਿਸੇ ਵੀ ਗੁਰਦੁਆਰੇ 'ਚੋਂ ਕੋਈ ਵੀ ਸ਼ਰਧਾਲੂ ਚਾਹੇ ਉਹ ਕਿਸੇ ਵੀ ਧਰਮ ਦਾ ਹੋਵੇ ਭੁੱਖਾ ਨਹੀਂ ਜਾਂਦਾ। ਉਨ੍ਹਾਂ ਕਿਹਾ ਕਿ ਵਧੇਰੇ ਖੁਸ਼ੀ ਵਾਲੀ ਗੱਲ ਇਹ ਹੈ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਹਾਨ ਵਿਦਵਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਹਨ। ਉਨ੍ਹਾਂ ਸੰਗਤਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਕੋਈ ਵੀ ਸਿੱਖ ਆਪਣੀ ਮਾਂ ਬੋਲੀ ਪੰਜਾਬੀ ਨੂੰ ਨਾ ਛੱਡੇ, ਜੇ ਇਹ ਬੋਲੀ ਕਾਇਮ ਹੈ ਤਾਂ ਪੂਰਾ ਵਿਸ਼ਵ ਕਾਇਮ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਸਿੱਖ ਆਪਣੀ ਦਾਹੜੀ ਤੇ ਕੇਸ ਨਾ ਕੱਟੇ ਬਲਕਿ ਦਸਮ ਪਿਤਾ ਵੱਲੋਂ ਦਿੱਤੀ ਪਹਿਚਾਣ ਨੂੰ ਬਣਾਈ ਰੱਖੇ।

ਉਕਤ ਸ਼ਖ਼ਸੀਅਤਾਂ ਦੇ ਇਲਾਵਾ ਇਮਾਮ-ਉਲ-ਇਲਿਆਸ, ਭਾਈ ਸਤਪਾਲ ਸਿੰਘ, ਡਾ: ਜਗਮੋਹਨ ਸਿੰਘ, ਡਾ: ਮਨਵਿੰਦਰ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾ: ਹਰਭਜਨ ਸਿੰਘ, ਡਾ: ਪਰਮਜੀਤ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ, ਡਾ: ਪ੍ਰਿਤਪਾਲ ਸਿੰਘ ਰਜਿਸਟਰਾਰ ਵਰਲਡ ਸਿਟੀ ਯੂਨੀਵਰਸਿਟੀ, ਡਾ: ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ: ਗੁਰਮੀਤ ਸਿੰਘ ਖੋਸਾ ਕੋਟਲਾ, ਮਹੰਤ ਸਵਾਮੀ ਗਿਆਨ ਦੇਵ, ਡਾ: ਗੁਰਮੀਤ ਸਿੰਘ ਮੈਂਬਰ ਪਟਨਾ ਸਾਹਿਬ ਕਮੇਟੀ, ਸ.ਮਨਜੀਤ ਸਿੰਘ ਜੀ ਕੇ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਆਦਿ ਨੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਜੀਵਨੀ ਨੂੰ ਉਜਾਗਰ ਕੀਤਾ। ਸਟੇਜ ਸਕੱਤਰ ਦੀ ਸੇਵਾ ਸ.ਅਨਭੋਲ ਸਿੰਘ ਦੀਵਾਨਾ ਨੇ ਨਿਭਾਈ।

ਇਸ ਮੌਕੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਡਾ. ਪਰਮਵੀਰ ਸਿੰਘ ਦੀ ਪੁਸਤਕ ਗੁਰੂ ਗੋਬਿੰਦ ਸਿੰਘ ਜੀ ਅਤੇ ਬਿਹਾਰ ਦੀ ਸਿੱਖ ਵਿਰਾਸਤ, ਗਿਆਨੀ ਗੁਰਮੀਤ ਸਿੰਘ ਖੋਸਾ ਕੋਟਲਾ ਦੀ ਪੁਸਤਕ ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ ਪੰਜਵੀਂ ਰੁੱਤ ੧੦ ਅਧਿਆਵਾਂ ਦੀ ਵਿਆਖਿਆ 'ਅਨੁਭਵਤਾ ਦਾ ਸਮੁੰਦਰ, 'ਅਕਾਲ ਆਰਸੀ' ਅਤੇ ਸੋਵੀਨਰ ਬਾਲਾ ਪ੍ਰੀਤਮ ਪ੍ਰੇਮਾਵਲੀ ਲੋਕ ਅਰਪਣ ਕੀਤਾ। ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਸੈਮੀਨਾਰ ਵਿੱਚ ਸ਼ਾਮਿਲ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ, ਲੋਈ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ.ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਕਿੱਟੋਵੱਡ ਅੰਤ੍ਰਿੰਗ ਮੈਂਬਰ, ਸ.ਰਜਿੰਦਰ ਸਿੰਘ ਮਹਿਤਾ ਤੇ ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਅਵਤਾਰ ਸਿੰਘ ਬਿਧੀਚੰਦੀਏ ਸੁਰਸਿੰਘ ਵਾਲੇ, ਬਾਬਾ ਸਰਬਜੋਤ ਸਿੰਘ ਬੇਦੀ, ਬਾਬਾ ਕਰਮਜੀਤ ਸਿੰਘ ਤੇ ਬਾਬਾ ਕਾਹਨ ਸਿੰਘ ਸੇਵਾ ਪੰਥੀ, ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਅਕਾਲੀ ਬੁੱਢਾ ਦਲ ੯੬ ਕਰੋੜੀ, ਬਾਬਾ ਹਰਨਾਮ ਸਿੰਘ ਖਾਲਸਾ, ਬਾਬਾ ਬਲਬੀਰ ਸਿੰਘ ਸੀਚੇਵਾਲ, ਸ.ਮਨਜਿੰਦਰ ਸਿੰਘ ਸਿਰਸਾ ਜਨਰਲ ਸਕੱਤਰ ਤੇ ਸ.ਅਵਤਾਰ ਸਿੰਘ ਹਿੱਤ ਮੈਂਬਰ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਭਾਈ ਕੰਵਰਜੀਤ ਸਿੰਘ, ਗਿਆਨੀ ਭਗਵਾਨ ਸਿੰਘ ਜੌਹਲ ਆਦਿ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

*(੩ ਜਨਵਰੀ ੨੦੧੭)*



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਵਿਸ਼ੇਸ਼ ਪੰਡਾਲ ਵਿਚ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਡਾ. ਜਸਪਾਲ ਸਿੰਘ ਵਾਈਸ ਚਾਂਸਲਰ, ਡਾ. ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ, ਡਾ. ਬਲਵੰਤ ਸਿੰਘ ਢਿੱਲੋਂ, ਡਾ. ਰੂਪ ਸਿੰਘ ਸਕੱਤਰ, ਇਮਾਮ-ਉਲ-ਇਲਿਆਸ, ਸੁਆਮੀ ਚਿਦਾ ਨੰਦ, ਸ. ਮਨਜੀਤ ਸਿੰਘ ਜੀ.ਕੇ, ਪ੍ਰਧਾਨ ਦਿੱਲੀ ਕਮੇਟੀ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ। ਹੇਠਾਂ: ਸੰਗਤਾਂ ਦਾ ਵਿਸ਼ਾਲ ਇਕੱਠ।

(3 ਜਨਵਰੀ 2016)



ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਗੁਰਚਰਨ ਸਿੰਘ ਗਰੇਵਾਲ ਅਤੇ ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਦਾ ਪਟਨਾ ਸਾਹਿਬ ਏਅਰਪੋਰਟ ਪੁੱਜਣ ਤੇ ਸਵਾਗਤ ਕਰਦੇ ਹੋਏ ਪਟਨਾ ਸਾਹਿਬ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸ਼ੈਲਿੰਦਰ ਸਿੰਘ, ਸ. ਸਰਜਿੰਦਰ ਸਿੰਘ ਜਨਰਲ ਸਕੱਤਰ, ਸ. ਐਸ.ਪੀ.ਸਿੰਘ ਓਬਰਾਏ, ਡਾ. ਰੂਪ ਸਿੰਘ ਸਕੱਤਰ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ ਤੇ ਸ. ਪਰਮਜੀਤ ਸਿੰਘ ਸਰੋਆ, ਸ. ਜਗਜੀਤ ਸਿੰਘ ਮੀਤ ਸਕੱਤਰ ਅਤੇ ਹੋਰ। (2 ਜਨਵਰੀ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਮੌਕੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਭਾਈ ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਗੁਰਚਰਨ ਸਿੰਘ ਗਰੇਵਾਲ ਤੇ ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਅਜਾਇਬ ਸਿੰਘ ਮੈਂਬਰ ਧਰਮ ਪ੍ਰਚਾਰ ਕਮੇਟੀ ਨੂੰ ਸਨਮਾਨਤ ਕਰਦੇ ਹੋਏ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ। (2 ਜਨਵਰੀ 2016)



ਸ੍ਰੀ ਪਟਨਾ ਸਾਹਿਬ ਦੇ ਗਾਂਧੀ ਮੈਦਾਨ ਵਿਖੇ ਪਹੁੰਚਣ ਤੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਦਾ ਸਵਾਗਤ ਕਰਦੇ ਹੋਏ ਟੂਰਿਜ਼ਮ ਵਿਭਾਗ (ਬਿਹਾਰ) ਦੀ ਪ੍ਰਿੰਸੀਪਲ ਡਾਇਰੈਕਟਰ ਸ੍ਰੀਮਤੀ ਹਰਜੋਤ ਕੌਰ। ਉਨ੍ਹਾਂ ਨਾਲ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਗਿੱਟੇਵੱਡ, ਸ. ਗੁਰਚਰਨ ਸਿੰਘ ਗਰੇਵਾਲ, ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾ. ਰੂਪ ਸਿੰਘ ਸਕੱਤਰ ਤੇ ਹੋਰ। (2 ਜਨਵਰੀ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਮਨਜਿੰਦਰ ਸਿੰਘ ਸਿਰਸਾ ਜਨਰਲ ਸਕੱਤਰ ਦਿੱਲੀ ਕਮੇਟੀ, ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਅਕਾਲੀ ਬੁੱਢਾ ਦਲ ਨੂੰ ਸਨਮਾਨਤ ਕਰਦੇ ਹੋਏ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ। ਉਨ੍ਹਾਂ ਨਾਲ ਅੰਤ੍ਰਿੰਗ ਮੈਂਬਰ ਸਾਹਿਬਾਨ, ਡਾ. ਰੂਪ ਸਿੰਘ ਸਕੱਤਰ ਤੇ ਹੋਰ। (2 ਜਨਵਰੀ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਮੌਕੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਆਯੋਜਿਤ ਕੀਤੇ ਗਏ ਨਗਰ ਕੀਰਤਨ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ। ਉਨ੍ਹਾਂ ਨਾਲ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਗੁਰਚਰਨ ਸਿੰਘ ਗਰੇਵਾਲ ਅੰਤ੍ਰਿੰਗ ਮੈਂਬਰ, ਡਾ. ਰੂਪ ਸਿੰਘ ਸਕੱਤਰ ਤੇ ਸੰਗਤਾਂ।

(4 ਜਨਵਰੀ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਆਯੋਜਿਤ ਕੀਤੇ ਗਏ ਨਗਰ ਕੀਰਤਨ ਦਾ ਅਲੌਕਿਕ ਦ੍ਰਿਸ਼।

(4 ਜਨਵਰੀ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਸੈਮੀਨਾਰ ਵਿਚ ਗਿਆਨੀ ਗੁਰਮੀਤ ਸਿੰਘ ਖੋਸਾ ਕੋਟਲਾ ਦੀ ਪੁਸਤਕ 'ਅਨੁਭਵਤਾ ਦਾ ਸਮੁੰਦਰ', 'ਅਕਾਲੀ ਆਰਸੀ' ਅਤੇ ਭਾਈ ਅਨਭੋਲ ਸਿੰਘ ਦੀਵਾਨਾ ਦਾ ਸੰਪਾਦਤ ਸੰਚੀਨਰ 'ਬਾਲਾ ਪ੍ਰੀਤਮ ਪ੍ਰੇਮਾਵਲੀ' ਲੋਕ ਅਰਪਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ।

(5 ਜਨਵਰੀ 2016)



ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਭਾਈ ਗੁਰਮੇਜ ਸਿੰਘ ਵੱਲੋਂ ਬਰੇਲ ਲਿਪੀ ਵਿਚ ਲਿਪੀ ਅੰਕਿਤ ਕੀਤੀਆਂ ਭਾਈ ਗੁਰਦਾਸ ਜੀ ਦੀਆਂ ਵਾਰਾਂ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੀ ਪਾਵਨ ਬਾਣੀ ਦੀ ਪੋਥੀ ਭੇਟ ਕਰਦੇ ਹੋਏ ਸ. ਈਸ਼ਵਰ ਸਿੰਘ। ਉਨ੍ਹਾਂ ਨਾਲ ਡਾ. ਰੂਪ ਸਿੰਘ ਸਕੱਤਰ, ਸ. ਹਰਭਜਨ ਸਿੰਘ ਮਨਾਵਾਂ ਤੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਤੇ ਹੋਰ।

(6 ਜਨਵਰੀ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਲਈ ਰਵਾਨਾ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ,
ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ,
ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਸੰਗਤਾਂ। (20 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਵਿਚ ਸ਼ਾਮਲ ਭਾਈ ਨੰਦ ਲਾਲ ਪਬਲਿਕ ਸਕੂਲ
ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀ। (20 ਦਸੰਬਰ 2016)

(ਪੰਨਾ ੧੮ ਦਾ ਬਾਕੀ)

ਬੱਚੇ ਜੰਗ ਦੇ ਮੈਦਾਨ ਵਿਚ ਸ਼ਹੀਦ ਹੋਏ।

ਇਸ ਤੋਂ ਅੱਗੇ ਅੰਗਰੇਜ਼ਾਂ ਦੇ ਰਾਜ ਸਮੇਂ ਵੀ ਬੱਚਿਆਂ ਨੂੰ ਬਾਗੀ ਕਹਿ ਕੇ ਸ਼ਹੀਦ ਕੀਤਾ ਗਿਆ। ਬਾਬਾ ਰਾਮ ਸਿੰਘ ਜੀ ਕੂਕਾ ਵੱਲੋਂ ਅੰਗਰੇਜ਼ਾਂ ਦੇ ਖਿਲਾਫ ਚਲਾਈ ਬਗਾਵਤ ਦੀ ਲਹਿਰ ਕਾਫੀ ਜ਼ੋਰ ਫੜ ਗਈ ਸੀ। ਸੰਨ ੧੮੭੨ ਈ: ਨੂੰ ਲੁਧਿਆਣੇ ਦੇ ਡੀ.ਸੀ. ਮਿ. ਕਾਵਨ ਨੇ ਮਲੇਰਕੋਟਲੇ ਵਿਚ ਬਗਾਵਤ ਕਰ ਰਹੇ ੧੨੫ ਸਿੰਘਾਂ ਨੂੰ ਗ੍ਰਿਫਤਾਰ ਕਰ ਲਿਆ ਜਿਨ੍ਹਾਂ ਵਿਚ ਇਕ ਛੋਟੀ ਉਮਰ ਦਾ ਬੱਚਾ ਬਿਸ਼ਨ ਸਿੰਘ ਵੀ ਸ਼ਾਮਿਲ ਸੀ। ਇਨ੍ਹਾਂ ਸਾਰਿਆਂ ਉੱਤੇ ਬਿਨਾਂ ਮੁਕੱਦਮਾ ਚਲਾਇਆਂ ਹੀ ਮਿ. ਕਾਵਨ ਨੇ ਇਨ੍ਹਾਂ ਨੂੰ ਤੋਪਾਂ ਨਾਲ ਉਡਾ ਦੇਣ ਦਾ ਹੁਕਮ ਜਾਰੀ ਕੀਤਾ। ਜਦੋਂ ਸਾਰੇ ਸਿੰਘਾਂ ਨੂੰ ਤੋਪਾਂ ਨਾਲ ਉਡਾਇਆ ਜਾ ਰਿਹਾ ਸੀ ਤਾਂ ਬਿਸ਼ਨ ਸਿੰਘ ਕੋਲ ਖੜਾ ਸਭ ਕੁਝ ਦੇਖ ਰਿਹਾ ਸੀ। ਮਿ. ਕਾਵਨ ਨੇ ਬਿਸ਼ਨ ਸਿੰਘ ਨੂੰ ਕਿਹਾ ਕਿ ਜੇਕਰ ਉਹ ਕਹਿ ਦੇਵੇ ਕਿ ਮੈਂ ਸਿੱਖ ਨਹੀਂ ਹਾਂ ਤਾਂ ਉਸ ਨੂੰ ਛੱਡ ਦਿੱਤਾ ਜਾਵੇਗਾ। ਬਿਸ਼ਨ ਸਿੰਘ ਨੇ ਇਹ ਸੁਣ ਕੇ ਮਿ. ਕਾਵਨ ਨੂੰ ਕਿਹਾ ਕਿ ਮੈਂ ਤੁਹਾਡੇ ਕੰਨ ਵਿਚ ਕੁਝ ਗੱਲ ਦੱਸਣੀ ਚਾਹੁੰਦਾ ਹਾਂ। ਮਿ. ਕਾਵਨ ਨੇ ਸੋਚਿਆ ਕਿ ਸਾਇਦ ਕੋਈ ਗੱਲ ਬਾਗੀਆਂ ਦੇ ਵਿਰੁੱਧ ਦੱਸਣੀ ਚਾਹੁੰਦਾ ਹੈ। ਪਰ ਜਦੋਂ ਬੱਚਾ ਬਿਸ਼ਨ ਸਿੰਘ ਮਿ. ਕਾਵਨ ਦੇ ਕੋਲ ਗਿਆ ਤਾਂ ਉਸਨੇ ਮਿ. ਕਾਵਨ ਦੀ ਦਾੜ੍ਹੀ ਪਕੜ ਲਈ ਅਤੇ ਕਿਹਾ ਕਿ "ਅਸੀਂ ਅੰਗਰੇਜ਼ੀ ਰਾਜ ਨੂੰ ਖਤਮ ਕਰਕੇ ਹੀ ਸਾਹ ਲਵਾਂਗੇ।" ਮਿ. ਕਾਵਨ ਨੂੰ ਬੜਾ ਗੁੱਸਾ ਆਇਆ ਅਤੇ ਉਸ ਦੇ ਅੰਗ ਰੱਖਿਅਕਾਂ ਨੇ ਤਲਵਾਰ ਨਾਲ ਬਿਸ਼ਨ ਸਿੰਘ ਦੇ ਟੋਟੇ-ਟੋਟੇ ਕਰ ਦਿੱਤੇ। ਬਿਸ਼ਨ ਸਿੰਘ ਸ਼ਹੀਦ ਹੋ ਗਿਆ ਪਰ ਸਿੱਖੀ ਤੋਂ ਮੁਨਕਰ ਨਾ ਹੋਇਆ।

ਇਸ ਤੋਂ ਅੱਗੇ ਸੰਨ ੧੯੨੧ ਈ. ਵਿਚ ਭ੍ਰਿਸ਼ਟ ਹੋ ਚੁੱਕੇ ਮਹੰਤਾਂ ਤੋਂ ਗੁਰਦੁਆਰਿਆਂ ਨੂੰ ਅਜ਼ਾਦ ਕਰਵਾਉਣ ਦੀ ਲਹਿਰ ਅਧੀਨ ਗੁਰਦੁਆਰਾ ਨਨਕਾਣਾ ਸਾਹਿਬ ਦਾ ਸਾਕਾ ਹੋਇਆ ਤਾਂ ਉਸ ਵਿਚ ਪਿੰਡ ਜਰਗ ਜ਼ਿਲ੍ਹਾ ਲੁਧਿਆਣਾ ਦੇ ਰਹਿਣ ਵਾਲੇ ਸ. ਕੇਹਰ ਸਿੰਘ ਦਾ ੯ ਸਾਲਾ ਪੁੱਤਰ ਦਰਬਾਰਾ ਸਿੰਘ ਵੀ ਸ਼ਾਮਿਲ ਸੀ। ਜੋ ਕਿ ਗੁੰਡਿਆਂ ਤੋਂ ਬੱਚ ਕੇ ਚੌਖੰਡੀ ਅਲਮਾਰੀ ਵਿਚ ਲੁਕਿਆ ਸੀ। ਉਸਨੂੰ ਵੀ ਗੁੰਡਿਆਂ ਨੇ ਬਾਹਰ ਕੱਢ ਕੇ ਜੰਡ ਨੂੰ ਲੱਗੀ ਅੱਗ ਵਿਚ ਸੁੱਟ ਦਿੱਤਾ ਅਤੇ ਜਿੰਦਾ ਹੀ ਸਾੜ ਕੇ ਸ਼ਹੀਦ ਕਰ ਦਿੱਤਾ। ਇਸ ਤੋਂ ਇਲਾਵਾ ਜੈਤੋ ਦੇ ਮੋਰਚੇ ਦੌਰਾਨ ਵੀ ਆਪਣੀ ਮਾਂ ਦੀ ਗੋਦੀ ਵਿਚ ਚੁੱਕਿਆ ੨ ਮਹੀਨੇ ਦਾ ਬੱਚਾ ਗੋਲੀ ਲੱਗਣ ਕਾਰਨ ਸ਼ਹੀਦ ਹੋ ਗਿਆ ਸੀ।

ਪੰਜਾਬੀ ਸੂਬਾ ਮੋਰਚੇ ਦੌਰਾਨ ਸੰਨ ੧੯੬੦ ਈ. ਨੂੰ ਇਕ ਬੱਚੇ ਇੰਦਰਜੀਤ ਸਿੰਘ ਵਾਸੀ ਕਰਨਾਲ ਨੂੰ ਪੁਲਿਸ ਨੇ ਖੂਹ ਵਿਚ ਸੁੱਟ ਕੇ ਸ਼ਹੀਦ ਕਰ ਦਿੱਤਾ ਸੀ।

ਜੂਨ ੧੯੮੪ ਈ. ਨੂੰ ਜਦੋਂ ਸ੍ਰੀ ਦਰਬਾਰ ਸਾਹਿਬ ਵਿਖੇ ਪੰਜਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਦਿਹਾੜਾ ਦੂਰੋਂ ਨੇੜਿਉਂ ਚੱਲ ਕੇ ਆਈਆਂ ਸੰਗਤਾਂ ਮਨਾ ਰਹੀਆਂ ਸਨ ਤਾਂ ਉਸ ਵੇਲੇ ਇੰਦਰਾ ਸਰਕਾਰ ਵੱਲੋਂ ਤੋਪਾਂ ਟੈਂਕਾਂ ਨਾਲ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰ ਦਿੱਤਾ ਗਿਆ ਸੀ। ਹਜ਼ਾਰਾਂ ਦੀ ਗਿਣਤੀ ਵਿਚ ਆਏ ਸ਼ਰਧਾਲੂਆਂ ਜਿਨ੍ਹਾਂ ਵਿਚ ਬੱਚੇ ਵੀ ਸ਼ਾਮਿਲ ਸਨ ਉਹ ਪਰਕਰਮਾਂ ਵਿਚ ਸ਼ਹੀਦ ਹੋ ਗਏ।

ਬਾਅਦ ਵਿਚ ਨਵੰਬਰ ੧੯੮੪ ਈ. ਵਿਚ ਵੀ ਹੋਏ ਸਿੱਖ ਕਤਲੇਆਮ ਸਮੇਂ ਦਿੱਲੀ ਵਿਚ ਬਹੁਤ ਸਾਰੇ ਸਿੱਖ ਪਰਿਵਾਰਾਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ।

ਸਿੱਖ ਕੌਮ ਹਮੇਸ਼ਾਂ ਹੀ ਸੱਚ ਅਤੇ ਹੱਕ 'ਤੇ ਪਹਿਰਾ ਦਿੰਦਿਆਂ ਸ਼ਹੀਦੀਆਂ ਪਾਉਂਦੀ ਆਈ ਹੈ ਅਤੇ ਅੱਗੇ ਵੀ ਇਸੇ ਤਰ੍ਹਾਂ ਇਤਿਹਾਸ ਨੂੰ ਦੁਹਰਾ ਰਹੀ ਹੈ। ਸਾਨੂੰ ਆਪਣੀ ਕੌਮ ਦੇ ਸ਼ਹੀਦ ਯੋਧਿਆਂ 'ਤੇ ਮਾਣ ਕਰਨਾ ਚਾਹੀਦਾ ਹੈ ਅਤੇ ਆਪਣੇ ਬੱਚਿਆਂ ਨੂੰ ਸਿੱਖ ਧਰਮ ਅਤੇ ਇਤਿਹਾਸ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ ਤਾਂ ਜੋ ਉਹ ਪਤਿਤਪੁਣੇ ਅਤੇ ਨਸ਼ਿਆਂ ਤੋਂ ਬਚ ਸਕਣ ਅਤੇ ਚੰਗੇ ਇਨਸਾਨ ਬਣ ਸਕਣ। ■

# ਯੁੱਧ ਕਲਾ ਦਾ ਮੁੱਢਲਾ ਸਬਕ : ਗਤਕਾ

*-ਸ. ਹਰਭਜਨ ਸਿੰਘ 'ਵਕਤਾ'*

'ਗਤਕਾ' ਯੁੱਧ ਕਲਾ ਨਾਲ ਜੁੜਿਆ ਹੋਇਆ ਸ਼ਬਦ ਹੈ। ਭਾਈ ਕਾਨ੍ਹ ਸਿੰਘ ਨਾਭਾ ਮਹਾਨ ਕੋਸ਼ ਅੰਦਰ ਇਸ ਨੂੰ ਇਸ ਤਰ੍ਹਾਂ ਪਰਿਭਾਸ਼ਿਤ ਕਰਦੇ ਹਨ; 'ਗਤਕਾ- ਗਦਾਯੁੱਧ ਦੀ ਸਿੱਖਿਆ ਦਾ ਪਹਿਲਾ ਅੰਗ ਸਿਖਾਉਣ ਲਈ ਇੱਕ ਡੰਡਾ, ਜੋ ਤਿੰਨ ਹੱਥ ਲੰਮਾ ਹੁੰਦਾ ਹੈ, ਇਸ ਉਪਰ ਚੰਮ ਦਾ ਖੋਲ ਚੜ੍ਹਿਆ ਹੁੰਦਾ ਹੈ, ਸੱਜੇ ਹੱਥ ਵਿਚ ਗਤਕਾ ਅਤੇ ਖੱਬੇ ਹੱਥ ਵਿਚ ਫਰੀ (ਛੋਟੀ ਢਾਲ) ਲੈ ਕੇ ਦੋ ਆਦਮੀ ਆਪੋ ਵਿਚ ਖੇਡਦੇ ਹਨ।' ਇਸ ਦਾ ਭਾਵ ਇਹ ਹੈ ਕਿ ਗਤਕਾ ਯੁੱਧ ਅਭਿਆਸ ਕਰਨ ਦਾ ਮੁੱਢਲਾ ਸਾਧਨ ਹੈ। ਇਹ ਯੁੱਧ ਦੇ ਮੈਦਾਨ ਵਿਚ ਦੁਸ਼ਮਣ ਨਾਲ ਦੋ ਹੱਥ ਕਰਨ ਲਈ ਸਿਖਲਾਈ ਦੇ ਰੂਪ ਵਿਚ ਹੈ। ਹੱਥੋ-ਹੱਥ ਲੜਾਈ ਲਈ ਗਤਕਾ ਸਿਖਲਾਈ ਬਹੁਤ ਜ਼ਰੂਰੀ ਹੈ। ਤਲਵਾਰਬਾਜ਼ੀ ਵਿਚ ਉਹੋ ਹੀ ਨਿਪੁੰਨ ਹੋ ਸਕਦਾ ਹੈ ਜਿਸ ਨੇ ਗਤਕਾ ਕਲਾ ਗ੍ਰਹਿਣ ਕੀਤੀ ਹੋਵੇ। ਗਤਕੇ ਦਾ ਪਿਛੋਕੜ ਯੁੱਧ ਕਲਾ ਨਾਲ ਜੁੜਿਆ ਹੋਣ ਕਾਰਨ ਸਿੱਖ ਧਰਮ ਅੰਦਰ ਇਸ ਦਾ ਅਹਿਮ ਸਥਾਨ ਹੈ। ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਸਿੱਖਾਂ ਨੂੰ ਸ਼ਸਤਰ ਦੇਣ ਦਾ ਜ਼ਿਕਰ ਮਿਲਦਾ ਹੈ। ਇਸ ਦੀ ਆਰੰਭਤਾ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਤੋਂ ਮੰਨੀ ਜਾਂਦੀ ਹੈ। ਸਿੱਖ ਪਰੰਪਰਾ ਅਨੁਸਾਰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੇ ਪਿਤਾ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਗੁਰਗੱਦੀ 'ਤੇ ਬਿਰਾਜਮਾਨ ਹੁੰਦਿਆਂ ਹੀ ਸਿੱਖਾਂ ਨੂੰ ਇਹ ਹੁਕਮ ਕੀਤਾ ਕਿ ਗੁਰੂ-ਘਰ ਲਈ ਚੰਗੀ ਨਸਲ ਦੇ ਘੋੜੇ ਅਤੇ ਵਧੀਆ ਸ਼ਸਤਰ ਭੇਟ ਕੀਤੇ ਜਾਣ। ਗੁਰੂ ਸਾਹਿਬ ਦੇ ਦਰਬਾਰੀ ਢਾਡੀ ਭਾਈ ਅਬਦੁੱਲਾ ਜੀ ਅਤੇ ਭਾਈ ਨੱਥ ਮੱਲ ਜੀ ਨੇ ਛੇਵੇਂ ਪਾਤਸ਼ਾਹ ਜੀ ਦੇ ਸ਼ਸਤਰਧਾਰੀ ਸਰੂਪ ਨੂੰ ਨਿਹਾਰਦਿਆਂ ਆਪਣੀ ਇੱਕ ਵਾਰ ਰਾਹੀਂ 'ਦੋ ਤਲਵਾਰੀ ਬੱਧੀਆਂ, ਇਕ ਮੀਰੀ ਦੀ ਇਕ ਪੀਰੀ ਦੀ' ਕਹਿ ਕੇ ਰੂਪਮਾਨ ਕੀਤਾ। ਇਸ ਨੂੰ ਅਮਲੀ ਰੂਪ ਦੇਣ ਲਈ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਵਿਸ਼ੇਸ਼ ਯਤਨ ਕੀਤੇ। ਉਨ੍ਹਾਂ ਵੱਲੋਂ ਸਿੱਖਾਂ ਨੂੰ ਸ਼ਸਤਰਧਾਰੀ ਬਣਾਉਣ ਲਈ ਆਰੰਭ ਕੀਤਾ ਅਮਲ ਬਾਅਦ ਵਿਚ ਦਸਵੇਂ ਸਤਿਗੁਰੂ ਜੀ ਦੇ ਸਮੇਂ ਸਿਖ਼ਰ 'ਤੇ ਪੁੱਜ ਗਿਆ।

ਸਿੱਖਾਂ ਨੂੰ ਯੁੱਧ ਕਲਾ ਜਾਂ ਸ਼ਸਤਰ ਸਿੱਖਿਆ ਨਾਲ ਜੋੜਨ ਲਈ ਪਹਿਲੇ ਪਾਤਸ਼ਾਹ ਜੀ ਦੇ ਸਮੇਂ ਤੋਂ ਹੀ ਮਾਨਸਿਕ ਤੌਰ 'ਤੇ ਤਿਆਰ ਕੀਤਾ ਜਾਣ ਲੱਗ ਪਿਆ ਸੀ। ਸਿੱਖੀ ਮਾਰਗ 'ਤੇ ਚੱਲਣ ਵਾਲਿਆਂ ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ 'ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥ ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥' ਦੁਆਰਾ ਇਹ ਸੰਕੇਤ ਦੇ ਦਿੱਤਾ ਸੀ ਕਿ ਜੇਕਰ ਇਸ ਰਸਤੇ 'ਤੇ ਚੱਲਣਾ ਹੈ ਤਾਂ ਆਪਣੇ ਆਪ ਨੂੰ ਮੌਤ ਦੇ ਭੈਅ ਤੋਂ ਮੁਕਤ ਕਰਨਾ ਪਵੇਗਾ। ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸੰਘਰਸ਼ਮਈ ਜੀਵਨ ਇਸ ਪ੍ਰਸੰਗ ਵਿਚ ਮਿਸਾਲੀ ਹੈ। ਉਨ੍ਹਾਂ ਨੇ ੧੬੯੯ ਈ. ਦੀ ਵਿਸਾਖੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖਾਂ ਨੂੰ ਜੋ ਪੰਜ ਕਕਾਰੀ ਰਹਿਣੀ ਬਖਸ਼ੀ ਉਸ ਵਿਚ ਕ੍ਰਿਪਾਨ ਭਾਵ ਸ਼ਸਤਰ ਨੂੰ ਅਹਿਮ ਸਥਾਨ ਦਿੱਤਾ ਗਿਆ। ਉਨ੍ਹਾਂ ਨੇ ਸ਼ਸਤਰ ਨੂੰ ਪੱਕੇ ਤੌਰ 'ਤੇ ਸਿੱਖ ਦੇ ਜੀਵਨ ਦਾ ਹਿੱਸਾ ਬਣਾਉਂਦਿਆਂ ਇਸ ਨੂੰ ਸਦਾ ਅੰਗ-ਸੰਗ ਰੱਖਣ ਦਾ ਆਦੇਸ਼ ਕੀਤਾ। ਉਨ੍ਹਾਂ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੀ ਸ਼ਸਤਰ ਸਿਖਲਾਈ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਅਤੇ ਸਿੱਖਾਂ ਨੂੰ ਜੰਗੀ ਕਰਤੱਬ ਸਿਖਾਉਣ ਲਈ ਪ੍ਰਬੰਧ ਕੀਤੇ ਗਏ। ਹੋਲਾ ਮਹੱਲਾ ਦੀ ਪਰੰਪਰਾ ਇਸੇ ਹੀ ਮਕਸਦ ਲਈ ਕੀਤੀ ਗਈ ਸੀ। ਸਿੱਖ ਪੰਥ ਵਿਸ਼ਵਕੋਸ਼ (ਡਾ. ਰਤਨ ਸਿੰਘ ਜੱਗੀ) ਅਨੁਸਾਰ, 'ਹੋਲੀ ਦੇ ਪਰੰਪਰਾਗਤ ਤਿਉਹਾਰ ਦੇ ਸਮਾਨਾਂਤਰ ਗੁਰੂ ਗੋਬਿੰਦ ਸਿੰਘ ਜੀ ਨੇ ਹੋਲਾ ਮਹੱਲਾ ਖੇਡਣ ਦੀ ਰੀਤ ਚਲਾਈ ਕਿਉਂਕਿ ਦਸਮ ਗੁਰੂ ਨਵੇਂ ਸਿਰਜੇ ਖਾਲਸੇ ਨੂੰ ਯੁੱਧ ਵਿੱਦਿਆ ਵਿਚ ਪ੍ਰਬੀਨ ਬਣਾਉਣਾ ਚਾਹੁੰਦੇ ਸਨ। ਇਸ ਲਈ ਉਨ੍ਹਾਂ ਨੇ ਪਰੰਪਰਾ ਤੋਂ ਹਟ ਕੇ ਇਸ ਤਿਉਹਾਰ ਦਾ ਸਬੰਧ ਯੁੱਧ ਪ੍ਰਕ੍ਰਿਆ ਨਾਲ ਜੋੜਿਆ।...... ਇਹ, ਅਸਲ ਵਿਚ ਸਿੱਖ ਸੈਨਿਕਾਂ ਨੂੰ ਅਭਿਆਸ ਕਰਾਉਣ

*੩੬-ਦੂਜੀ ਮੰਜ਼ਲ, ਐਮ.ਆਈ.ਜੀ. ਮਾਲ ਮੰਡੀ, ਅੰਮ੍ਰਿਤਸਰ। (ਮੋ:) ੯੮੧੪੮-੯੮੫੧੦

ਲਈ ਇੱਕ ਬਣਾਵਟੀ ਯੁੱਧ ਹੁੰਦਾ ਸੀ। ਸੈਨਿਕਾਂ ਨੂੰ ਦੋ ਦਲਾਂ ਵਿਚ ਵੰਡ ਕੇ ਇੱਕ ਦਲ ਨੂੰ ਸਫ਼ੈਦ ਅਤੇ ਦੂਜੇ ਨੂੰ ਕੇਸਰੀ ਬਸਤਰ ਪਾਉਣ ਲਈ ਕਿਹਾ ਜਾਂਦਾ ਸੀ। ਬਣਾਵਟੀ ਜੰਗ ਦੇ ਕਈ ਰੂਪ ਹੁੰਦੇ ਸਨ। ਮੁੱਖ ਤੌਰ 'ਤੇ ਦੋਹਾਂ ਦਲਾਂ ਨੂੰ ਲੋਹਗੜ੍ਹ ਉਤੇ ਕਬਜ਼ਾ ਕਰਨ ਲਈ ਪ੍ਰੇਰਿਆ ਜਾਂਦਾ ਸੀ। ਜੋ ਦਲ ਪਹਿਲਾਂ ਕਬਜ਼ਾ ਕਰਦਾ ਉਸ ਨੂੰ ਇਨਾਮ ਤੇ ਸਿਰੋਪੇ ਦਿੱਤੇ ਜਾਂਦੇ ਜਾਂ ਫਿਰ ਇੱਕ ਦਲ ਨੂੰ ਲੋਹਗੜ੍ਹ ਉਤੇ ਕਾਬਜ਼ ਦੱਸਿਆ ਜਾਂਦਾ ਅਤੇ ਦੂਜੇ ਦਲ ਵਾਲੇ ਕਾਬਜ਼ ਦਲ ਨੂੰ 'ਵੈਰੀ' ਸਮਝ ਕੇ ਉਸ ਤੋਂ ਕਿਲ੍ਹਾ ਖੋਹਣ ਦਾ ਉੱਦਮ ਕਰਦੇ। ਜਿੱਤਣ ਵਾਲੇ ਦਲ ਨੂੰ ਖ਼ੂਬ ਇਨਾਮ ਦਿੱਤੇ ਜਾਂਦੇ। ਇਸ ਮੌਕੇ ਸੱਤ ਦਿਨ ਦੀਵਾਨ ਸੱਜਦੇ, ਕਥਾ ਕੀਰਤਨ ਹੁੰਦਾ, ਵਾਰਾਂ ਗਾਈਆਂ ਜਾਂਦੀਆਂ, ਅਨੇਕ ਤਰ੍ਹਾਂ ਦੀਆਂ ਫ਼ੌਜੀ ਕਵਾਇਦਾਂ ਹੁੰਦੀਆਂ। ਹਰ ਪਾਸੇ ਚੜ੍ਹਦੀ ਕਲਾ ਦਾ ਮਾਹੌਲ ਬਣਿਆ ਰਹਿੰਦਾ। ਇਨ੍ਹਾਂ ਸਾਰੀਆਂ ਕਾਰਵਾਈਆਂ ਵਿਚ ਗੁਰੂ ਸਾਹਿਬ ਰੁਚੀ-ਪੂਰਵਾਕ ਸ਼ਾਮਲ ਹੁੰਦੇ ਅਤੇ ਸਿੱਖਾਂ ਦਾ ਉਤਸ਼ਾਹ ਵਧਾਉਂਦੇ। ਗੁਰੂ ਸਾਹਿਬ ਵੱਲੋਂ ਸਿੱਖਾਂ ਨੂੰ ਸ਼ਸਤਰਧਾਰੀ ਕਰਨ ਅਤੇ ਸ਼ਸਤਰਾਂ ਦੀ ਸਿਖਲਾਈ ਦੇਣ ਦਾ ਮਕਸਦ ਭਵਿੱਖ ਵਿਚ ਲੋੜ ਪੈਣ 'ਤੇ ਜੰਗ ਲਈ ਤਿਆਰ ਕਰਨਾ ਸੀ। ਇਤਿਹਾਸ ਗਵਾਹ ਹੈ ਕਿ ਸਮਾਂ ਆਉਣ 'ਤੇ ਸਿੰਘਾਂ ਨੇ ਦੁਸ਼ਮਣ ਦਾ ਟਾਕਰਾ ਕਰਦਿਆਂ ਸ਼ਸਤਰ ਕਲਾ ਦੇ ਐਸੇ ਜੌਹਰ ਵਿਖਾਏ ਜਿਸ ਦੀ ਮਿਸਾਲ ਦੁਨੀਆ ਅੰਦਰ ਹੋਰ ਕਿਧਰੇ ਨਹੀਂ ਮਿਲਦੀ। ਦੁਸ਼ਮਣ ਨਾਲ ਅਸਾਵੇਂ ਮੁਕਾਬਲਿਆਂ ਵਿਚ ਵੀ ਸਿੱਖ ਜੇਤੂ ਹੋ ਕੇ ਨਿਕਲਦੇ ਰਹੇ।

ਗੁਰੂ ਸਾਹਿਬਾਨ ਨੇ ਸ਼ਸਤਰ ਰੱਖਣ ਅਤੇ ਵਰਤਣ ਦੀ ਵੀ ਇੱਕ ਅਨੋਖੀ ਮਰਯਾਦਾ ਆਰੰਭ ਕੀਤੀ ਜਿਸ ਅਨੁਸਾਰ ਸਿੱਖਾਂ ਨੂੰ ਇਸ ਲਈ ਵੀ ਸੁਚੇਤ ਕੀਤਾ ਜਾਂਦਾ ਰਿਹਾ ਕਿ ਸ਼ਸਤਰ ਦਾ ਉਪਯੋਗ ਕੇਵਲ ਹੱਕ-ਸੱਚ ਲਈ ਕਰਨਾ ਹੈ। ਇਸ ਦਾ ਦੁਰਉਪਯੋਗ ਨਹੀਂ ਹੋਣਾ ਚਾਹੀਦਾ। ਜਿਥੇ ਇਹ ਸਵੈ-ਰੱਖਿਆ ਲਈ ਹੈ, ਉਥੇ ਹੀ ਇਹ ਗਰੀਬ ਦੇ ਹੱਕਾਂ ਦੀ ਰਖਵਾਲੀ ਵੀ ਕਰੇਗਾ। ਦੁਸ਼ਮਣ ਨਾਲ ਮੁਕਾਬਲੇ ਸਮੇਂ ਵੀ ਗੁਰੂ ਸਾਹਿਬ ਦੀ ਸੋਚ ਹਮੇਸ਼ਾ ਮਨੁੱਖਤਾਵਾਦੀ ਹੀ ਰਹੀ। ਗੁਰੂ ਸਾਹਿਬ ਪਹਿਲਾਂ ਦੁਸ਼ਮਣ ਨੂੰ ਵਾਰ ਕਰਨ ਲਈ ਆਖਦੇ। ਇਸ ਦਾ ਮਤਲਬ ਇਹ ਹੁੰਦਾ ਕਿ ਸ਼ਾਇਦ ਦੁਸ਼ਮਣ ਨੂੰ ਇਹ ਅਹਿਸਾਸ ਹੋ ਜਾਵੇ ਕਿ ਯੁੱਧ ਮਸਲੇ ਦਾ ਹੱਲ ਨਹੀਂ ਹੈ। ਪਰ ਜਦੋਂ ਪਾਣੀ ਸਿਰ ਤੋਂ ਦੀ ਲੰਘ ਜਾਂਦਾ ਤਾਂ ਗੁਰੂ ਸਾਹਿਬ ਫਿਰ ਵਾਰ ਕਰਦੇ ਅਤੇ ਉਹ ਵਾਰ ਐਸਾ ਹੁੰਦਾ ਕਿ ਦੂਸਰਾ ਵਾਰ ਕਰਨ ਦੀ ਜ਼ਰੂਰਤ ਨਾ ਰਹਿੰਦੀ। ਇਸ ਦੀ ਮਿਸਾਲ ਭੰਗਾਣੀ ਦੇ ਯੁੱਧ ਵਿੱਚੋਂ ਦੇਖੀ ਜਾ ਸਕਦੀ ਹੈ। ਭੰਗਾਣੀ ਦੇ ਯੁੱਧ ਵਿਚ ਦਸਮੇਸ਼ ਪਿਤਾ, ਰਾਜੇ ਹਰੀ ਚੰਦ ਨੂੰ ਪਹਿਲਾਂ ਵਾਰ ਕਰਨ ਲਈ ਕਹਿੰਦੇ ਹਨ। ਜਦ ਉਹ ਫਿਰ ਵੀ ਨਹੀਂ ਸਮਝਦਾ ਤਾਂ ਗੁਰੂ ਜੀ ਵਾਰ ਕਰਦੇ ਹਨ ਜਿਸ ਨਾਲ ਹਰੀ ਚੰਦ ਢੇਰੀ ਹੋ ਜਾਂਦਾ ਹੈ। ਇਸ ਤੋਂ ਸਿੱਧ ਹੁੰਦਾ ਹੈ ਕਿ ਗੁਰੂ ਸਾਹਿਬ ਦਾ ਸਿੱਖਾਂ ਨੂੰ ਸ਼ਸਤਰ ਕਲਾ ਨਾਲ ਜੋੜਨ ਦਾ ਮਕਸਦ ਸਵੈ-ਰੱਖਿਆ ਦੇ ਨਾਲ-ਨਾਲ ਹੱਕ-ਸੱਚ ਦੀ ਪਹਿਰੇਦਾਰੀ ਹੈ। ਭਾਵ ਜਦੋਂ ਸਾਰੇ ਹੀਲੇ-ਵਸੀਲੇ ਖਤਮ ਹੋ ਜਾਣ ਤਾਂ ਫਿਰ ਸ਼ਸਤਰ ਦੀ ਵਰਤੋਂ ਜ਼ਰੂਰੀ ਹੋ ਜਾਂਦੀ ਹੈ। ਦਸਮ ਗੁਰੂ ਜੀ ਨੇ ਇਸ ਵਿਚਾਰ ਨੂੰ ਜ਼ਫਰਨਾਮਾ ਅੰਦਰ 'ਚੁ ਕਾਰ ਅਜ਼ ਹਮਹ ਹੀਲਤੇ ਦਰ ਗੁਜ਼ਸ਼ਤ॥ ਹਲਾਲ ਅਸਤ ਬੁਰਦਨ ਬ ਸ਼ਮਸ਼ੀਰ ਦਸਤ॥' ਰਾਹੀਂ ਪ੍ਰਗਟ ਕੀਤਾ ਹੈ।

ਯੁੱਧ ਕਲਾ ਅਤੇ ਸ਼ਸਤਰ ਸਿਖਲਾਈ ਦਾ ਮੁੱਢਲਾ ਸਬਕ ਗਤਕਾ ਬੇਸ਼ੱਕ ਸਿੱਖ ਪਰੰਪਰਾ ਦਾ ਹਿੱਸਾ ਹੈ ਪਰ ਇਸ ਦਾ ਵਰਤਮਾਨ ਸਰੂਪ ਬਦਲਦਾ ਜਾ ਰਿਹਾ ਹੈ। ਅੱਜ ਗਤਕਾਬਾਜ਼ੀ ਦੇ ਨਾਂ 'ਤੇ ਸਟੰਟਬਾਜ਼ੀ ਭਾਰੂ ਹੁੰਦੀ ਜਾ ਰਹੀ ਹੈ। ਕਈ ਫਿਲਮੀ ਸਟੰਟਾਂ ਵਰਗੇ ਸੀਨ ਗਤਕੇ ਦੇ ਨਾਂ 'ਤੇ ਪ੍ਰਚੱਲਿਤ ਕੀਤੇ ਜਾ ਰਹੇ ਹਨ ਜੋ ਮਾਣਮੱਤੀ ਪਰੰਪਰਾ ਨੂੰ ਵਿਗਾੜਨ ਦੇ ਰਾਹ ਪਾ ਰਹੇ ਹਨ। ਛਾਤੀ ਉੱਤੇ ਇੱਟਾਂ ਰੱਖ ਕੇ ਤੋੜਨੀਆਂ, ਮੂੰਹ ਵਿਚ ਕੱਚ ਰੱਖ ਕੇ ਤੋੜਨਾ, ਮੋਟਰਸਾਈਕਲਾਂ ਦੀਆਂ ਕਲਾਬਾਜ਼ੀਆਂ, ਸਿਰ ਉਪਰ ਨਾਰੀਅਲ ਰੱਖ ਕੇ ਤੋੜਨੇ, ਮੂੰਹ ਵਿਚ ਪੈਟਰੋਲ ਭਰ ਕੇ ਅੱਗ ਦੀ ਖੇਡ ਵਿਖਾਉਣੀ, ਛਾਤੀ ਉਪਰ ਬਰਫ ਰੱਖ ਕੇ ਹਥੌੜਿਆਂ ਨਾਲ ਭੰਨਣੀ ਆਦਿ ਸਟੰਟ ਕਿਸੇ ਵੀ ਤਰ੍ਹਾਂ ਗਤਕੇ ਦਾ ਹਿੱਸਾ ਨਹੀਂ ਹੋ ਸਕਦੇ। ਦੂਸਰੇ ਪਾਸੇ ਕੁਝ ਨਿਹੰਗ ਸਿੰਘ ਜਥੇਬੰਦੀਆਂ, ਗਤਕਾ ਅਖਾੜੇ, ਗਤਕਾ ਫੈਡਰੇਸ਼ਨਾਂ ਅਤੇ ਸਿੱਖ ਸੰਸਥਾਵਾਂ ਗਤਕੇ ਦੀ ਸ਼ੁੱਧ ਰਵਾਇਤ ਅਤੇ ਭਾਵਨਾ ਨੂੰ ਸੰਭਾਲਣ ਲਈ ਯਤਨਸ਼ੀਲ ਵੀ ਹਨ। ਇਸ ਰਵਾਇਤ ਨੂੰ ਸੰਭਾਲਣ ਦਾ ਯਤਨ ਕਰ ਰਹੀਆਂ ਸੰਸਥਾਵਾਂ ਤੇ ਜਥੇਬੰਦੀਆਂ ਨੂੰ ਇਸ ਦੀ ਮੂਲ ਭਾਵਨਾ ਨੂੰ ਸੁਰਜੀਤ ਕਰਨ ਅਤੇ ਸਟੰਟਬਾਜ਼ੀ ਦਾ ਚਲਨ ਖਤਮ ਕਰਨ ਲਈ ਨਿਰੰਤਰ ਕਾਰਜਸ਼ੀਲ ਰਹਿਣਾ ਪਵੇਗਾ। ਇਹ ਜ਼ਰੂਰੀ ਹੈ। ■

ਕਵਿਤਾ

# ਮਰਦ ਅਗੰਮੜਾ

-ਦਾਨ ਸਿੰਘ 'ਕੋਮਲ'*

ਏਸ ਜੱਗ ਤੇ ਸ੍ਰੀ ਦਸਮੇਸ਼ ਵਰਗੀ,
ਘਾਲ ਸਕਦਾ ਕਦੇ ਵੀ ਘਾਲ ਕੋਈ ਨਹੀਂ।
ਜਿਹੜਾ ਬਾਲ ਵਾਰੇ, ਐਸਾ ਪਿਤਾ ਕੋਈ ਨਹੀਂ।
ਜਿਹੜਾ ਪਿਤਾ ਵਾਰੇ ਐਸਾ ਬਾਲ ਕੋਈ ਨਹੀਂ।
ਵੱਸਦੇ ਹਸਦੇ ਨਗਰ ਅਨੰਦਪੁਰ ਨੂੰ,
ਆਣ ਘੱਤਿਆ ਘੇਰਾ ਸੀ ਸ਼ਾਹੀ ਫ਼ੌਜਾਂ।
ਜਿੱਤ ਸਕੇ ਨਾ ਸ੍ਰੀ ਦਸਮੇਸ਼ ਜੀ ਨੂੰ
ਜ਼ੋਰ ਲਾਇਆ ਬਥੇਰਾ ਸੀ ਸ਼ਾਹੀ ਫ਼ੌਜਾਂ।
ਨਿਕਲ ਤੁਰੇ ਜਾਂ ਕਿਲ੍ਹੇ ਅਨੰਦਪੁਰ ਚੋਂ,
ਕਸਮਾਂ ਖਾਧੀਆਂ ਨੂੰ ਜ਼ਾਲਮ ਭੁੱਲ ਗਏ ਸਨ।
ਪੈ ਗਏ ਟੁੱਟ ਕੇ ਵਾਂਗ ਸ਼ਿਕਾਰੀਆਂ ਦੇ,
ਮਾਰਨ ਵਾਸਤੇ ਸਿੰਘਾਂ ਨੂੰ ਤੁੱਲ ਗਏ ਸਨ।
ਕਲਗ਼ੀਧਰ ਏਧਰ, ਸ਼ਾਹੀ-ਦਲ ਓਧਰ,
ਏਧਰ ਸਿੰਘ ਸੂਰੇ, ਹੁਕਮਰਾਨ ਓਧਰ।,
ਬਲੀ ਬੀਰ ਏਧਰ, ਨੌਜਵਾਨ ਓਧਰ,
ਸਿਰਲੱਥ ਏਧਰ, ਖ਼ਬੀ ਖ਼ਾਨ ਓਧਰ।
ਸਿਦਕਵਾਨ ਏਧਰ, ਬੇ-ਜ਼ੁਬਾਨ ਓਧਰ,
ਜੇ ਇਨਸਾਨ ਏਧਰ ਤੇ ਸ਼ੈਤਾਨ ਓਧਰ।
ਲੱਥਣ ਘਾਣ ਏਧਰ, ਲਹੂ ਲੁਹਾਨ ਓਧਰ,
ਮਾਰੋ ਮਾਰ ਏਧਰ ਤੇ ਤੂਫਾਨ ਓਧਰ।
ਮੱਚੇ ਘੋਰ ਘਮਸਾਣ ਵਿਚ ਗੁਰੁ ਦਸਵੇਂ,
ਨਾਲ ਤੀਰਾਂ ਦੇ ਵੈਰੀ ਸੀ ਡੰਗ ਸੁੱਟੇ।
ਐਸੇ ਹੱਥ ਵਿਖਾਏ ਉਸ ਜ਼ਾਲਮਾਂ ਨੂੰ,
ਸੂਰਬੀਰ ਯੋਧੇ ਕਰ ਦੰਗ ਸੁੱਟੇ।
ਪੱਤਾ ਪੱਤਾ ਵੈਰੀ, ਜ਼ੱਰਾ ਜ਼ੱਰਾ ਦੁਸ਼ਮਣ,
ਫਿਰ ਵੀ ਦਿਲ ਨੂੰ ਓਸ ਡੁਲਾਇਆ ਨਹੀਂ ਸੀ।
ਭਾਵੇਂ ਮੀਂਹ ਵਰ੍ਹਿਆ ਤੀਰਾਂ ਗੋਲੀਆਂ ਦਾ,
ਨਿੱਤ ਨੇਮ ਨੂੰ ਤਾਂ ਵੀ ਖੁੰਝਾਇਆ ਨਹੀਂ ਸੀ।

*ਵਿਰਸਾ ਖ਼ਾਲਸੇ ਦਾ ਪੁਸਤਕ ਵਿੱਚੋਂ ਸਤਿਕਾਰ ਸਹਿਤ।

ਸ਼ਾਹੀ ਫੌਜ ਪਿੱਛੇ, ਸਰਸਾ ਨਦੀ ਅੱਗੇ,
ਕਈ ਰੁੜ੍ਹ ਗਏ, ਹੋ ਬੇ-ਹਾਲ ਕਿਧਰੇ।
ਚਾਲੀ ਸਿੰਘ, ਸਤਿਗੁਰ, ਵੱਡੇ ਲਾਲ ਕਿਧਰੇ,
ਮਾਤਾ ਗੁਜਰੀ ਤੇ ਨਿੱਕੇ ਲਾਲ ਕਿਧਰੇ।
ਐਸੀ ਬਿਪਤਾ ਤੇ ਕਸ਼ਟਾਂ ਦੇ ਸਮੇਂ ਅੰਦਰ,
ਗੁਰਾਂ, ਸਾਹਵੇਂ ਚਮਕੌਰ ਦੀ ਗੜ੍ਹੀ ਵੇਖੀ।
ਉਹਦੇ ਵਿਚ ਜਾਂ ਸਿੰਘਾਂ ਦੇ ਨਾਲ ਘਿਰ ਗਏ,
ਮੀਲਾਂ ਤੀਕ ਬਾਹਰ ਫੌਜ ਖੜੀ ਵੇਖੀ।
ਦਸ ਲੱਖ ਫੌਜ ਨੇ ਘੇਰਿਆ ਚਾਲੀਆਂ ਨੂੰ,
ਸੋਚੋ ; ਕਿੰਨੀ ਇਹ ਕਠਿਨ ਸਮੱਸਿਆ ਸੀ।
ਜਿਗਰਾ ਰੱਖ ਕੇ ਫੇਰ ਵੀ ਲੜੀ ਜਾਣਾ,
ਇਹ ਵੀ ਬੜੀ ਇਕ ਵੱਡੀ ਤਪੱਸਿਆ ਸੀ।
ਸਵਾ ਲੱਖ ਨਾਲ ਇਕ ਲੜਾ ਕੇ ਤੇ,
ਉਹਨੇ ਜੋਹਰ ਕਮਾਲ ਦਾ ਦੱਸਿਆ ਸੀ।
ਅੱਖਾਂ ਸਾਹਮਣੇ ਰਣ-ਮੈਦਾਨ ਅੰਦਰ,
ਮਰਦੇ ਪੁੱਤਰਾਂ ਨੂੰ ਵੇਖ ਹੱਸਿਆ ਸੀ।
ਉਹ ਵੀ ਸਮਾਂ ਫਿਰ ਆਇਆ, ਕਿ ਜਿਸ ਵੇਲੇ,
ਸਿੰਘ ਇਕ ਵੀ ਰਿਹਾ ਸੀ ਨਾਲ ਕੋਈ ਨਾ।
'ਨੀਲਾ' ਰਿਹਾ ਕੋਈ ਨਾ, ਰਿਹਾ 'ਬਾਜ਼' ਕੋਈ ਨਾ,
ਰਹੀ ਫੌਜ ਕੋਈ ਨਾ, ਰਿਹਾ ਮਾਲ ਕੋਈ ਨਾ।
'ਗੁਜਰੀ' ਮਾਤ ਕੋਈ ਨਾ, 'ਜੀਤਾਂ' ਨਾਲ ਕੋਈ ਨਾ,
ਚੌਹਾਂ ਬੱਚਿਆਂ 'ਚੋਂ ਰਿਹਾ ਬਾਲ ਕੋਈ ਨਾ।
ਫਿਰ ਵੀ ਯਾਰ ਦੇ ਸੱਥਰ ਨੂੰ ਕਿਹਾ ਚੰਗਾ,
ਰੱਖਿਆ ਦਿਲ ਵਿਚ ਬਿਨਾਂ ਅਕਾਲ ਕੋਈ ਨਾ।
ਏਨੇ ਕਸ਼ਟ ਝੱਲੇ ਫਿਰ ਵੀ ਝੁਕਿਆ ਨਾ,
ਹੋਇਆ ਕਿਸੇ ਦਾ ਕਦੇ ਅਧੀਨ ਨਹੀਂ ਸੀ।
ਭਾਵੇਂ ਸ਼ਾਹ ਤੋਂ ਹੋਇਆ ਫ਼ਕੀਰ ਸੀ ਉਹ,
ਐਪਰ ਕਿਸੇ ਦੀ ਮੰਨੀ ਉਸ ਈਨ ਨਹੀਂ ਸੀ।
ਓਸ ਜਿਹਾ ਕੋਈ ਹੋਇਆ ਨਾ ਮਰਦ ਸੂਰਾ,
ਓਸ ਜਿਹਾ ਕੋਈ ਸਰਬੰਸ-ਦਾਨੀ ਹੀ ਨਹੀਂ।
'ਕੋਮਲ' ਕਵੀ ਦੀ ਕਲਮ ਵੀ ਆਖਦੀ ਏ,
ਗੋਬਿੰਦ ਸਿੰਘ ਜੀ ਦਾ ਕੋਈ ਸਾਨੀ ਹੀ ਨਹੀਂ।

■

ਖ਼ਬਰਨਾਮਾ

# ੩੫੦ ਸਾਲਾ ਪ੍ਰਕਾਸ਼ ਪੁਰਬ ਸਮਾਗਮ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਮਿਸਾਲ- ਪ੍ਰਧਾਨ ਮੰਤਰੀ

# ਸਿੱਖ ਕੌਮ ਨਿਤਿਸ਼ ਕੁਮਾਰ ਦੀ ਹਮੇਸ਼ਾ ਰਿਣੀ ਰਹੇਗੀ- ਬਾਦਲ

# ਸੰਗਤਾਂ ਹਰ ਸਾਲ ਪਟਨਾ ਸਾਹਿਬ ਆਉਣ- ਨਿਤਿਸ਼

## ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਬਿਹਾਰ ਦੇ ਮੁੱਖ ਮੰਤਰੀ ਅਤੇ ਪ੍ਰਸ਼ਾਸਨ ਦੀ ਸ਼ਲਾਘਾ ਕਰਦਿਆਂ ਸਮਾਗਮ ਵਿਚ ਸੇਵਾ ਕਰ ਰਹੇ ਸੰਤ ਮਹਾਂਪੁਰਸ਼ਾਂ, ਜਥੇਬੰਦੀਆਂ, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ

ਪਟਨਾ ਸਾਹਿਬ- ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਦੇ ਆਖਰੀ ਦਿਨ ਗਾਂਧੀ ਮੈਦਾਨ ਵਿਖੇ ਸਜਾਏ ਵਿਸ਼ਾਲ ਪੰਡਾਲ 'ਚ ਮੁੱਖ ਸਮਾਗਮ ਦੌਰਾਨ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵਿਸ਼ੇਸ਼ ਤੌਰ 'ਤੇ ਪੁੱਜੇ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਾਨਵਤਾ ਤੇ ਆਦਰਸ਼ਾਂ ਦੀ ਖਾਤਰ ਆਪਣਾ ਸਰਬੰਸ ਵਾਰ ਦਿੱਤਾ। ਉਨ੍ਹਾਂ ਨੇ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਵੱਲੋਂ ਕੀਤੇ ਬੇਮਿਸਾਲ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਸੰਬੋਧਨ ਦੌਰਾਨ ਕਿਹਾ ਕਿ ਸਿੱਖ ਕੌਮ ਨਿਤਿਸ਼ ਕੁਮਾਰ ਦੀ ਹਮੇਸ਼ਾ ਰਿਣੀ ਰਹੇਗੀ। ਇਸੇ ਦੌਰਾਨ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਕਿਹਾ ਕਿ ਪਟਨਾ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ ਸਾਲਾ ਪ੍ਰਕਾਸ਼ ਪੁਰਬ ਮਨਾਇਆ ਜਾਣਾ ਜਿੱਥੇ ਮਾਣ ਵਾਲੀ ਗੱਲ ਹੈ, ਉੱਥੇ ਹੀ ਆਪਣੇ ਹਿੱਸੇ ਆਈ ਸੇਵਾ ਲਈ ਉਹ ਆਪਣਾ ਸੁਭਾਗ ਸਮਝਦੇ ਹਨ। ਲੱਖਾਂ ਦੀ ਗਿਣਤੀ ਵਿਚ ਸੰਗਤਾਂ ਨੇ ਸਮਾਗਮਾਂ ਵਿਚ ਹਾਜ਼ਰੀ ਭਰੀ।

ਇਸ ਮੌਕੇ ਜਿਥੇ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਸਮੂਹ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਗਈ ਉਥੇ ਬਿਹਾਰ ਦੇ ਮੁੱਖ ਮੰਤਰੀ ਵੱਲੋਂ ਕੀਤੇ ਲਾਮਿਸਾਲ ਪ੍ਰਬੰਧਾਂ ਦੀ ਸ਼ਲਾਘਾ ਵੀ ਕੀਤੀ ਗਈ। ਗਾਂਧੀ ਮੈਦਾਨ ਵਿਖੇ ਸਜਾਏ ਗਏ ਵਿਸ਼ੇਸ਼ ਸਮਾਗਮ ਵਿਚ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਕਿਹਾ ਕਿ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਮਹਿਜ ੪੨ ਸਾਲ ਦੀ ਉਮਰ 'ਚ ਹੀ ਕ੍ਰਾਂਤੀਕਾਰੀ, ਸਮਾਜ ਸੁਧਾਰਕ, ਮਾਨਵਤਾ, ਆਦਰਸ਼ਾਂ, ਸਿਧਾਂਤਾਂ, ਸਰੋਕਾਰਾਂ, ਤਿਆਗਤਾ ਦੀ ਮਿਸਾਲ ਪੈਦਾ ਕੀਤੀ, ਜਿਸ ਦਾ ਜ਼ਿਕਰ ਕਿਸੇ ਵੀ ਇਤਿਹਾਸ 'ਚ ਨਹੀਂ ਮਿਲਦਾ। ਵਿਸ਼ਵ ਦੇ ਕੋਨੇ-ਕੋਨੇ ਵਿਚ ਜਿਥੇ ਵੀ ਸਿੱਖ ਭਾਈਚਾਰੇ ਦੇ ਲੋਕ ਹਨ ਉਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਕੇਂਦਰ ਸਰਕਾਰ ਵੱਲੋਂ ਵੱਖ-ਵੱਖ ਦੇਸ਼ਾਂ 'ਚ ਸਥਿਤ ਭਾਰਤੀ ਅੰਬੈਸੀਆਂ ਰਾਹੀਂ ਪੂਰੀ ਦੁਨੀਆ 'ਚ ਮਨਾਇਆ ਜਾ ਰਿਹਾ ਹੈ ਤਾਂ ਜੋ ਸਮੁੱਚੀ ਮਾਨਵਤਾ ਨੂੰ ਅਹਿਸਾਸ ਕਰਵਾਇਆ ਜਾਵੇ ਕਿ ਅੱਜ ਉਸ ਰਹਿਬਰ ਦਾ ਜਨਮ ਦਿਹਾੜਾ ਹੈ, ਜਿਸ ਨੇ ਮਾਨਵਤਾ ਨੂੰ ਵੱਡੀ ਪ੍ਰੇਰਨਾ ਦਿੱਤੀ। ਇਸ ਮੌਕੇ ਵਿਸ਼ਾਲ ਪੰਡਾਲ 'ਚ ਠਾਠਾਂ ਮਾਰਦੇ ਸੰਗਤਾਂ ਦੇ ਇਕੱਠ ਤੋਂ ਇਲਾਵਾ ਦੁਨੀਆ ਦੇ ਕੋਨੇ-ਕੋਨੇ 'ਚ ਵਸਦੇ ਸਿੱਖਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੰਦਿਆਂ ਮੋਦੀ ਨੇ ਕਿਹਾ ਕਿ ਚਾਹੇ ਅੱਜ ਸੰਤ ਸਿਪਾਹੀ ਬਾਜ਼ਾਂ ਵਾਲੇ ਦਾ ਪ੍ਰਕਾਸ਼ ਦਿਹਾੜਾ ਪਟਨਾ ਸਾਹਿਬ ਦੀ ਪਾਵਨ ਧਰਤੀ 'ਤੇ ਮਨਾਇਆ ਜਾ ਰਿਹਾ ਹੈ ਪਰ ਇਹ ਪੂਰੇ ਵਿਸ਼ਵ ਲਈ ਪ੍ਰੇਰਣਾ-ਸ੍ਰੋਤ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਹਿੰਦੂ ਧਰਮ ਦੀ ਰੱਖਿਆ ਲਈ ਖ਼ੁਦ ਆਪਣੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਬਲੀਦਾਨ ਦੇਣ ਲਈ ਦਿੱਲੀ ਭੇਜਣਾ ਅਤੇ ਆਪਣੀਆਂ ਹੀ ਅੱਖਾਂ ਸਾਹਮਣੇ ਸਾਹਿਬਜ਼ਾਦਿਆਂ ਨੂੰ ਜਬਰ ਤੇ ਜ਼ੁਲਮ ਖਿਲਾਫ਼ ਜੰਗ ਦੇ ਮੈਦਾਨ 'ਚ ਭੇਜਣਾ, ਮਾਨਵਤਾ, ਆਦਰਸ਼ਾਂ ਤੇ ਸਿਧਾਂਤਾਂ ਖ਼ਾਤਰ ਸ਼ਹੀਦ ਕਰਵਾ ਦੇਣਾ ਅਤੇ

ਫਿਰ ਚੜ੍ਹਦੀ ਕਲਾ 'ਚ ਰਹਿਣਾ ਆਪਣੇ-ਆਪ 'ਚ ਹੀ ਮਿਸਾਲ ਹੈ। ਉਥੇ ਹੀ ਜੇਕਰ ਉਹ ਚਾਹੁੰਦੇ ਤਾਂ ਆਪਣੀ ਗੱਦੀ ਵਿਅਕਤੀਗਤ ਰੂਪ 'ਚ ਅੱਗੇ ਦੇ ਸਕਦੇ ਸਨ ਪਰ ਉਨ੍ਹਾਂ ਦੀ ਦੂਰ-ਅੰਦੇਸ਼ੀ ਸੋਚ ਦਾ ਹੀ ਨਤੀਜਾ ਹੈ ਕਿ ਉਨ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਗੱਦੀ ਦਿੱਤੀ, ਜਿਸ ਦਾ ਇਕ-ਇਕ ਸ਼ਬਦ ਯੁੱਗਾਂ ਤੱਕ ਸਮੁੱਚੀ ਮਾਨਵਤਾ ਲਈ ਪ੍ਰੇਰਣਾ-ਦਾਇਕ ਹੈ। ਪ੍ਰਕਾਸ਼ ਪੁਰਬ 'ਚ ਸ਼ਾਮਿਲ ਹੋਣ ਲਈ ਆਪਣੇ-ਆਪ ਨੂੰ ਸੁਭਾਗਾ ਕਹਿਣ ਵਾਲੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਕ ਹੋਰ ਮਿਸਾਲ ਪੈਦਾ ਕਰਦੇ ਹੋਏ ੧੬੯੯ ਈ: ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪੰਜਾਬ 'ਚ ਖ਼ਾਲਸਾ ਪੰਥ ਦੀ ਸਿਰਜਣਾ ਕੀਤੀ, ਜਿਸ 'ਚ ਭਾਰਤ ਦੇਸ਼ ਨੂੰ ਏਕਤਾ ਦੀ ਮਾਲਾ 'ਚ ਜੜਦਿਆਂ ਵੱਖ-ਵੱਖ ਸੂਬਿਆਂ ਤੋਂ ਵੱਖ-ਵੱਖ ਧਰਮਾਂ ਨਾਲ ਸਬੰਧਤ ਯੋਧਿਆਂ ਨੂੰ ਖ਼ਾਲਸਾਈ ਪ੍ਰੰਪਰਾ ਮੁਤਾਬਿਕ ਅੰਮ੍ਰਿਤ ਛਕਾਇਆ ਅਤੇ ਖ਼ੁਦ ਉਨ੍ਹਾਂ ਕੋਲੋਂ ਅੰਮ੍ਰਿਤ ਛਕਿਆ, ਜਿਸ ਤੋਂ ਭਾਵ ਕਿ ਉਨ੍ਹਾਂ ਖ਼ਾਲਸਾ ਪੰਥ ਦੀ ਸਿਰਜਣਾ ਲਈ ਬਣਾਏ ਨਿਯਮਾਂ 'ਚ ਖ਼ੁਦ ਨੂੰ ਵੀ ਸ਼ਾਮਿਲ ਕੀਤਾ ਅਤੇ ਕਥਨੀ ਤੇ ਕਰਨੀ ਦਾ ਸਬੂਤ ਪੇਸ਼ ਕੀਤਾ। ਸ੍ਰੀ ਗੁਰੂ ਗੋਬਿੰਦ ਸਿੰਘ ਦੀ ਲੜਾਈ ਉਚ-ਨੀਚ, ਜਾਤ-ਪਾਤ, ਅੱਤਿਆਚਾਰ ਖਿਲਾਫ਼ ਸੀ, ਜਿਸ ਲਈ ਉਨ੍ਹਾਂ ਆਪਣਾ ਸਰਬੰਸ ਵਾਰ ਦਿੱਤਾ ਅਤੇ ਸੰਤੁਲਿਤ ਸਮਾਜ ਦੀ ਸਿਰਜਣਾ ਕੀਤੀ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਸਰਬਗੁਣ ਸੰਪੂਰਨ ਸਨ ਜਿਨ੍ਹਾਂ ਦਾ ਦ੍ਰਿੜ੍ਹ ਇਰਾਦਾ ਸਮਾਜ ਸੁਧਾਰ ਲਈ ਸਮਾਜਿਕ ਬੁਰਾਈਆਂ ਨੂੰ ਜੜ੍ਹ ਤੋਂ ਪੁੱਟ ਸੁੱਟਣ ਦਾ ਸੀ। ਮੋਦੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਰਸਾਏ ਮਾਰਗ ਤਹਿਤ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਬਿਹਾਰ 'ਚ ਸ਼ਰਾਬਬੰਦੀ ਦਾ ਸਖ਼ਤ ਫ਼ੈਸਲਾ ਕਰਕੇ ਨਸ਼ਾ-ਮੁਕਤ ਸਮਾਜ ਸਿਰਜਣ ਦਾ ਸ਼ਲਾਘਾਯੋਗ ਉਪਰਾਲਾ ਕੀਤਾ ਹੈ, ਜਿਸ ਲਈ ਉਹ ਨਿਤਿਸ਼ ਕੁਮਾਰ ਨੂੰ ਤਹਿ ਦਿਲ ਤੋਂ ਵਧਾਈ ਦਿੰਦੇ ਹਨ। ਇਸ ਮੌਕੇ ਉਨ੍ਹਾਂ ਜਿਥੇ ਸੰਬੋਧਨ ਦੀ ਆਰੰਭਤਾ ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫ਼ਤਹਿ ਨਾਲ ਕੀਤੀ, ਉਥੇ ਹੀ ਭਾਸ਼ਣ ਦੀ ਸਮਾਪਤੀ ਚੜ੍ਹਦੀ ਕਲਾ ਦੇ ਪ੍ਰਤੀਕ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਨਾਲ ਕੀਤੀ। ਇਸ ਦੌਰਾਨ ਬਿਹਾਰ ਸਰਕਾਰ ਵੱਲੋਂ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਾਕ ਟਿਕਟ ਜਾਰੀ ਕੀਤੀ, ਜਿਸ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਮੰਤਰੀ ਰਾਮ ਵਿਲਾਸ ਪਾਸਵਾਨ, ਕੇਂਦਰੀ ਮੰਤਰੀ ਰਵੀ ਸ਼ੰਕਰ ਪ੍ਰਸਾਦ, ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਮੁੱਖ ਮੰਤਰੀ ਨਿਤਿਸ਼ ਕੁਮਾਰ, ਰਾਜਪਾਲ ਬਿਹਾਰ ਸ੍ਰੀ ਰਾਮ ਨਾਥ ਕੋਵਿੰਦ, ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਅਤੇ ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਵੱਲੋਂ ਲੋਕ ਅਰਪਣ ਕੀਤਾ ਗਿਆ। ਇਸ ਦੌਰਾਨ ਮੁੱਖ ਮੰਤਰੀ ਨਿਤਿਸ਼ ਕੁਮਾਰ, ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਰਾਜਪਾਲ ਰਾਮ ਨਾਥ ਕੋਵਿੰਦ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਨਮਾਨਿਤ ਕੀਤਾ।

ਇਸ ਤੋਂ ਪਹਿਲਾਂ ਸਮਾਗਮ ਦੌਰਾਨ ਆਈਆਂ ਹੋਈਆਂ ਸ਼ਖ਼ਸੀਅਤਾਂ ਅਤੇ ਸੰਗਤਾਂ ਨੂੰ ਜੀ ਆਇਆ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਆਖਿਆ ਉਥੇ ਹੀ ਸਟੇਜ ਸਕੱਤਰ ਦੀ ਭੂਮਿਕਾ ਡਾ. ਜਸਪਾਲ ਸਿੰਘ ਉਪ ਕੁਲਪਤੀ ਪਟਿਆਲਾ ਯੂਨੀਵਰਸਿਟੀ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ ਦੌਰਾਨ ਬਿਹਾਰ ਦੇ ਰਾਜਪਾਲ ਸ੍ਰੀ ਰਾਮ ਨਾਥ ਕੋਵਿੰਦ ਨੇ ਵੀ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ, ਸਾਬਕਾ ਕੇਂਦਰੀ ਮੰਤਰੀ ਸ੍ਰੀ ਲਾਲੂ ਪ੍ਰਸਾਦ ਯਾਦਵ, ਸੰਸਦ ਮੈਂਬਰ ਪਟਨਾ ਸਾਹਿਬ ਸ਼ਤਰੂਘਨ ਸਿਨਹਾ, ਸਾਬਕਾ ਮੁੱਖ ਮੰਤਰੀ ਜੀਤਨ ਕੁਮਾਰ ਮਾਂਝੀ, ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ, ਉਪ ਮੁੱਖ ਮੰਤਰੀ ਬਿਹਾਰ ਤੇਜੱਸਵੀ ਯਾਦਵ, ਮੰਤਰੀ ਤੇਜਪ੍ਰਤਾਪ ਯਾਦਵ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਰਾਜ ਸਭਾ ਮੈਂਬਰ ਸ. ਸੁਖਦੇਵ ਸਿੰਘ ਢੀਂਡਸਾ, ਕੈਬਨਿਟ ਮੰਤਰੀ ਸ. ਬਿਕਰਮ ਸਿੰਘ ਮਜੀਠੀਆ, ਸੰਸਦ ਮੈਂਬਰ ਸ. ਪ੍ਰੇਮ ਸਿੰਘ ਚੰਦੂਮਾਜਰਾ, ਸਿੱਖਿਆ ਮੰਤਰੀ ਸ. ਦਲਜੀਤ ਸਿੰਘ ਚੀਮਾ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸ. ਮਨਜੀਤ ਸਿੰਘ ਜੀ. ਕੇ., ਜਨਰਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ, ਕੈਨੇਡਾ ਤੋਂ ਮੈਂਬਰ ਪਾਰਲੀਮੈਂਟ ਡਾ. ਰੂਬੀ ਢਾਲਾ, ਸ. ਵਿਕਰਮਜੀਤ ਸਿੰਘ ਸਾਹਨੀ ਕੌਮੀ ਪ੍ਰਧਾਨ ਵਿਸ਼ਵ ਪੰਜਾਬੀ ਆਰਗੇਨਾਈਜੇਸ਼ਨ ਅਤੇ ਕੌਂਸਲ ਜਨਰਲ ਸਾਊਥ ਅਫ਼ਰੀਕਾ ਆਦਿ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ, ਜਦ ਕਿ ਧਾਰਮਿਕ ਸਟੇਜ 'ਤੇ ਸਿੰਘ ਸਾਹਿਬ

ਗਿਆਨੀ ਗੁਰਬਚਨ ਸਿੰਘ, ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗਿਆਨੀ ਜੋਤਇੰਦਰ ਸਿੰਘ ਮੀਤ ਜਥੇਦਾਰ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਨਾਂਦੇੜ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਦਿ ਹਾਜ਼ਰ ਸਨ। ਇਸ ਦੌਰਾਨ ਇਲਾਹੀ ਗੁਰਬਾਣੀ ਦਾ ਕੀਰਤਨ ਭਾਈ ਰਾਏ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਕੀਤਾ ਗਿਆ। ਇਸ ਤੋਂ ਪਹਿਲਾਂ ਭਾਈ ਚਰਨਜੀਤ ਸਿੰਘ ਲਾਲ ਦਿੱਲੀ ਵਾਲੇ, ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵੱਲੋਂ ਕੀਰਤਨ ਕੀਤਾ ਗਿਆ।

ਸਮਾਗਮ 'ਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਸਮੁੱਚੀ ਮਾਨਵਤਾ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਿੱਖ ਧਰਮ ਦਾ ਇਤਿਹਾਸ ਕੁਰਬਾਨੀਆਂ ਭਰਪੂਰ ਹੈ ਜਿਸ ਨੇ ਦੇਸ਼ ਦੀ ਏਕਤਾ, ਅਖੰਡਤਾ ਨੂੰ ਕਾਇਮ ਰੱਖਣ ਲਈ ੮੦ ਫ਼ੀਸਦੀ ਤੋਂ ਵਧੇਰੇ ਸ਼ਹਾਦਤਾਂ ਦਿੱਤੀਆਂ ਹਨ ਕਿਉਂਕਿ ਸਿੱਖ ਕੌਮ ਨੂੰ ਕੁਰਬਾਨੀਆਂ ਦਾ ਜਜ਼ਬਾ ਵਿਰਾਸਤ 'ਚ ਮਿਲਿਆ ਹੈ। ਅੱਜ ਦੇ ਦਿਹਾੜੇ ਨੂੰ ਇਤਿਹਾਸਕ ਤੇ ਪਾਵਨ ਕਰਾਰ ਦਿੰਦਿਆਂ ਸ. ਬਾਦਲ ਨੇ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ 'ਚ ਬਚਪਨ ਤੋਂ ਹੀ ਜਬਰਨ ਧਰਮ ਤਬਦੀਲੀ, ਜਾਬਰ ਤੇ ਜ਼ੁਲਮ ਖਿਲਾਫ਼ ਲੜਨ ਦਾ ਜਜ਼ਬਾ ਸੀ ਜਿਸਦੀ ਮਿਸਾਲ ਉਨ੍ਹਾਂ ਵੱਲੋਂ ਆਪਣੀ ਮਹਿਜ ੯ ਸਾਲ ਉਮਰ 'ਚ ਪੈਦਾ ਕੀਤੀ ਗਈ ਜਦੋਂ ਕਸ਼ਮੀਰੀ ਪੰਡਿਤ ਸ੍ਰੀ ਅਨੰਦਪੁਰ ਸਾਹਿਬ ਦੀ ਮੁਕੱਦਸ ਧਰਤੀ 'ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਹਿੰਦੂ ਧਰਮ ਦੀ ਰੱਖਿਆ ਲਈ ਫ਼ਰਿਆਦ ਲੈ ਕੇ ਆਏ ਸਨ ਤਾਂ ਹਿੰਦ ਦੀ ਚਾਦਰ ਵੱਲੋਂ ਬਚਨ ਕੀਤਾ ਗਿਆ ਕਿ ਕੋਈ ਮਹਾਨ ਤਪੱਸਵੀ ਮਹਾਂਪੁਰਸ਼ ਹੀ ਆਪਣਾ ਬਲੀਦਾਨ ਦੇ ਕੇ ਹਿੰਦੂ ਧਰਮ ਦੀ ਰੱਖਿਆ ਕਰ ਸਕਦਾ ਹੈ ਤਾਂ ਨਜ਼ਦੀਕ ਹੀ ਖੜ੍ਹੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਕਿਹਾ ਕਿ ਆਪ ਜੀ ਨਾਲੋਂ ਵੱਡਾ ਮਹਾਂਪੁਰਖ ਕੌਣ ਹੋ ਸਕਦਾ ਹੈ? ਜਿਸ ਤੋਂ ਬਾਅਦ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹਿੰਦੂ ਧਰਮ ਦੀ ਰੱਖਿਆ ਲਈ ਦਿੱਲੀ ਚਾਂਦਨੀ ਚੌਕ ਵਿਖੇ ਸ਼ਹਾਦਤ ਦਿੱਤੀ। ਸ. ਬਾਦਲ ਨੇ ਕਿਹਾ ਕਿ ਦਸਮੇਸ਼ ਪਿਤਾ ਦੀ ਦੂਰ-ਅੰਦੇਸ਼ੀ ਸੋਚ ਜਿਸ 'ਚ ਉਨ੍ਹਾਂ ਨੇ ਭਾਂਪ ਲਿਆ ਸੀ ਕਿ ਅੱਤਿਆਚਾਰ ਦੀ ਲੜਾਈ ਦਾ ਪੰਧ ਲੰਮੇਰਾ ਹੈ, ਲਈ ੧੬੯੯ ਈ: ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਚ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਅਤੇ ਦੇਸ਼ 'ਚ ਚਰਮ ਸੀਮਾ 'ਤੇ ਚੱਲ ਰਹੇ ਅੱਤਿਆਚਾਰ, ਜਾਤ-ਪਾਤ ਅਤੇ ਉਚ-ਨੀਚ ਦੇ ਪਾੜੇ ਨੂੰ ਮਿਟਾਉਂਦੇ ਹੋਏ ਵੱਖ-ਵੱਖ ਇਲਾਕਿਆਂ ਨਾਲ ਸਬੰਧਿਤ ਪੰਜ ਸਿਰਲੱਥ ਯੋਧਿਆਂ ਨੂੰ ਅੰਮ੍ਰਿਤ ਦੀ ਦਾਤ ਬਖਸ਼ਿਸ਼ ਕੀਤੀ ਅਤੇ ਖ਼ੁਦ ਉਨ੍ਹਾਂ ਪੰਜ ਪਿਆਰਿਆਂ ਕੋਲੋਂ ਖੰਡੇ ਬਾਟੇ ਦੀ ਪਾਹੁਲ ਛਕੀ ਜਿਸ ਦੀ ਮਿਸਾਲ ਕਿਸੇ ਵੀ ਇਤਿਹਾਸ 'ਚ ਨਹੀਂ ਮਿਲਦੀ ਅਤੇ ਦੇਸ਼ ਨੂੰ ਇਕ ਲੜੀ 'ਚ ਪਿਰੋਣ ਦਾ ਹੰਭਲਾ ਮਾਰਿਆ। ਸ. ਬਾਦਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅੱਜ ਸਵੱਛਤਾ ਦੀ ਗੱਲ ਕਰ ਰਹੇ ਹਨ ਪਰ ਗੁਰੂ ਸਾਹਿਬਾਨ ਨੇ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦਾ ਨਾਅਰਾ ਦਿੱਤਾ ਅਤੇ ਵਾਤਾਵਰਨ ਨੂੰ ਸਾਫ਼ ਤੇ ਸ਼ੁੱਧ ਰੱਖਣ ਦਾ ਉਪਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜੇ ਗਏ ਪੰਜ ਪਿਆਰਿਆਂ 'ਚੋਂ ਤਿੰਨ ਦਲਿਤ ਸਨ, ਜਿਸ ਤੋਂ ਸਾਬਤ ਹੁੰਦਾ ਹੈ ਕਿ ਸਿੱਖ ਧਰਮ 'ਚ ਊਚ-ਨੀਚ, ਜਾਤ-ਪਾਤ ਅਤੇ ਕੱਟੜਤਾ ਲਈ ਕੋਈ ਜਗ੍ਹਾ ਨਹੀਂ ਹੈ। ੩੫੦ ਸਾਲਾ ਪ੍ਰਕਾਸ਼ ਪੁਰਬ ਸਮਾਗਮ ਲਈ ਕੀਤੇ ਜ਼ਬਰਦਸਤ ਪ੍ਰਬੰਧਾਂ ਦਾ ਜ਼ਿਕਰ ਕਰਦਿਆਂ ਸ. ਬਾਦਲ ਨੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਦਾ ਦਿਲ ਦੀਆਂ ਗਹਿਰਾਈਆਂ 'ਚੋਂ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਬੇਮਿਸਾਲ ਪ੍ਰਬੰਧ ਤਾਂ ਉਹ ਵੀ ਨਹੀਂ ਕਰ ਸਕਦੇ ਸਨ ਜਿਵੇਂ ਕਿ ਬਿਹਾਰ ਸਰਕਾਰ ਨੇ ਨਿਤਿਸ਼ ਕੁਮਾਰ ਦੀ ਅਗਵਾਈ 'ਚ ਕੀਤੇ ਹਨ ਜਿਸ ਲਈ ਸਿੱਖ ਕੌਮ ਹਮੇਸ਼ਾ ਉਨਾਂ ਦੀ ਰਿਣੀ ਰਹੇਗੀ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕ੍ਰਿਪਾਲ ਸਿੰਘ ਬਡੂੰਗਰ ਨੇ ਪਟਨਾ ਸਾਹਿਬ ਵਿਖੇ ਪ੍ਰਕਾਸ਼ ਪੁਰਬ ਸਬੰਧੀ ਸਮਾਗਮਾਂ ਦੇ ਸੁਚੱਜੇ ਪ੍ਰਬੰਧਾਂ ਲਈ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਤੇ ਸਥਾਨਕ ਪ੍ਰਸ਼ਾਸਨ ਦੀ ਸ਼ਲਾਘਾ ਕੀਤੀ। ਉਨ੍ਹਾਂ ਸਮਾਗਮ 'ਚ ਹਾਜ਼ਰ ਤੇ ਸੇਵਾ ਨਿਭਾਅ ਰਹੇ ਸੰਤ ਸਮਾਜ, ਸੰਪਰਦਾਵਾਂ, ਟਕਸਾਲਾਂ, ਸੰਤ ਮਹਾਂਪੁਰਸ਼ਾਂ, ਨਿਹੰਗ ਸਿੰਘ ਜਥੇਬੰਦੀਆਂ, ਸਿੰਘ ਸਭਾਵਾਂ, ਉਦਾਸੀਨ ਤੇ ਨਿਰਮਲ ਸੰਪਰਦਾਵਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਦਾ

ਧੰਨਵਾਦ ਕੀਤਾ। ਉਨਾਂ ਭਾਰਤ ਦੇ ਇਲਾਵਾ ਚੀਨ, ਰੂਸ, ਬਰਤਾਨੀਆ, ਅਮਰੀਕਾ ਤੇ ਹੋਰ ਦੇਸ਼ਾਂ ਤੋਂ ਦਰਸ਼ਨ ਕਰਨ ਆਈਆਂ ਸਮੂਹ ਸੰਗਤਾਂ ਦਾ ਵੀ ਧੰਨਵਾਦ ਕੀਤਾ। ਉਨਾਂ ਹਿੰਦੂ, ਮੁਸਲਿਮ, ਜੈਨ, ਪਾਰਸੀ, ਬੋਧੀ ਧਰਮ ਦੇ ਧਾਰਮਿਕ ਮੁਖੀਆਂ, ਜਿਨਾਂ ਨੇ ਸਮਾਗਮ ਵਿਚ ਸ਼ਿਰਕਤ ਕੀਤੀ ਦਾ ਵੀ ਧੰਨਵਾਦ ਕੀਤਾ। ਪ੍ਰੋ. ਬੰਡੂਗਰ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਗ੍ਰਿਹ ਮੰਤਰੀ ਸ੍ਰੀ ਰਾਜਨਾਥ ਸਿੰਘ, ਵਿੱਤ ਮੰਤਰੀ ਅਰੁਣ ਜੇਤਲੀ, ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਤੇ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ, ਪ੍ਰਿੰਟ ਤੇ ਇਲੈਕਟ੍ਰਾਨਿਕ ਮੀਡੀਆ, ਰੈੱਡ ਕਰਾਸ ਤੇ ਮੈਡੀਕਲ ਸੁਸਾਇਟੀਆਂ, ਜੋੜਾ ਘਰ ਸੁਸਾਇਟੀਆਂ, ਦਿੱਲੀ ਸਿੱਖ ਗੁਰਦੁਆਰਾ ਕਮੇਟੀ, ਜਥੇਦਾਰ ਅਵਤਾਰ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਨਾਏ ਗਏ ੩੫੦ ਸਾਲਾ ਪ੍ਰਕਾਸ਼ ਪੁਰਬ 'ਚ ਅਹਿਮ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲੇ ਨਿਤਿਸ਼ ਕੁਮਾਰ ਮੁੱਖ ਮੰਤਰੀ ਬਿਹਾਰ ਜਦ ਗਾਂਧੀ ਮੈਦਾਨ ਦੇ ਮੁੱਖ ਪੰਡਾਲ ਵਿਖੇ ਸੰਬੋਧਨ ਲਈ ਮੰਚ 'ਤੇ ਆਏ ਤਾਂ ਪ੍ਰਬੰਧਾਂ ਤੋਂ ਗਦ-ਗਦ ਹੋਏ ਲੱਖਾਂ ਦੀ ਤਾਦਾਦ 'ਚ ਸੰਗਤਾਂ ਵੱਲੋਂ ਉਨਾਂ ਦਾ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਗੂੰਜਵੇਂ ਜੈਕਾਰਿਆਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਨਿਤਿਸ਼ ਕੁਮਾਰ ਨੇ ਗੁਰੂ ਫ਼ਤਹਿ ਅਰਜ਼ ਕਰਦਿਆਂ ਸੰਬੋਧਨ ਸ਼ੁਰੂ ਕੀਤਾ। ਉਨਾਂ ਕਿਹਾ ਕਿ ਜਨਮ ਤੇ ਕਰਮ ਦੀ ਪਾਵਨ ਧਰਤੀ ਪਟਨਾ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ ਸਾਲਾ ਪ੍ਰਕਾਸ਼ ਪੁਰਬ ਮਨਾਇਆ ਜਾਣਾ ਜਿਥੇ ਮਾਣ ਵਾਲੀ ਗੱਲ ਹੈ ਉਥੇ ਹੀ ਉਹ ਆਪਣੇ ਹਿੱਸੇ ਆਈ ਇਸ ਸੇਵਾ ਲਈ ਸੁਭਾਗ ਸਮਝਦੇ ਹਨ। ਇਸ ਦੀ ਤਿਆਰੀ ਪਿਛਲੇ ਕਈ ਸਾਲਾਂ ਤੋਂ ਆਰੰਭ ਦਿੱਤੀ ਗਈ ਸੀ ਤੇ ਦਸਮੇਸ਼ ਪਿਤਾ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਕੌਮੀ ਪੱਧਰ 'ਤੇ ਤਿਆਰੀਆਂ ਕੀਤੀਆਂ ਗਈਆਂ, ਜਿਸ ਲਈ ਸਥਾਨਕ ਅਧਿਕਾਰੀਆਂ ਨੇ ਪੰਜਾਬੀ ਵੀ ਸਿੱਖ ਲਈ ਤਾਂ ਜੋ ਆਉਣ ਵਾਲੇ ਸ਼ਰਧਾਲੂਆਂ ਨੂੰ ਕੋਈ ਸਮੱਸਿਆ ਪੈਦਾ ਨਾ ਹੋਵੇ। ਇਸ ਮੌਕੇ ਨਿਤਿਸ਼ ਕੁਮਾਰ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੁੱਚੀ ਲੋਕਾਈ ਦੀ ਭਲਾਈ ਲਈ ਆਪਣਾ ਸਰਬੰਸ ਵਾਰ ਦਿੱਤਾ ਤਾਂ ਜੋ ਦੱਬੇ ਕੁਚਲੇ ਲੋਕਾਂ 'ਚ ਇਕ ਨਵੀਂ ਊਰਜਾ, ਜੋਸ਼ ਪੈਦਾ ਕੀਤਾ ਜਾ ਸਕੇ। ਉਨਾਂ ਕਿਹਾ ਕਿ ਉਹ ਜਦ ਗੁਰੂ ਗੋਬਿੰਦ ਸਿੰਘ ਦੇ ਜੀਵਨ 'ਤੇ ਝਾਤੀ ਮਾਰਦੇ ਹਨ ਤਾਂ ਉਨਾਂ ਨੂੰ ਅਜਿਹਾ ਮਹਾਂਪੁਰਖ ਪੂਰੀ ਦੁਨੀਆ ਦੇ ਇਤਿਹਾਸ 'ਚ ਕਿਧਰੇ ਨਜ਼ਰ ਨਹੀਂ ਆਉਂਦਾ। ਰਹਿੰਦੀ ਦੁਨੀਆ ਤੱਕ ਉਨਾਂ ਵੱਲੋਂ ਸਜਾਈ ਗਈ ਫੌਜ ਖ਼ਾਲਸਾ ਪੰਥ ਗੁਰੂ ਸਾਹਿਬਾਨਾਂ ਦੇ ਦਰਸਾਏ ਮਾਰਗ ਅਨੁਸਾਰ ਅੱਤਿਆਚਾਰ ਜਬਰ ਜ਼ੁਲਮ ਖਿਲਾਫ਼ ਡਟਣ ਅਤੇ ਭਾਈਚਾਰੇ ਦੀ ਸਾਂਝ ਲਈ ਅਹਿਮ ਭੂਮਿਕਾ ਨਿਭਾਉਂਦਾ ਰਹੇਗਾ। ਉਨ੍ਹਾਂ ਕਿਹਾ ਕਿ ਬਿਹਾਰ ਦੀ ਧਰਤੀ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਇਲਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਵੀ ਆਏ ਸਨ। ਉਨਾਂ ਕਿਹਾ ਕਿ ਦਸਮੇਸ਼ ਪਿਤਾ ਸਰਬਗੁਣ ਸੰਪੂਰਨ ਸੰਤ ਸਿਪਾਹੀ, ਬਹੁ ਭਾਸ਼ਾਵਾਂ ਦੇ ਗਿਆਤਾ, ਮਹਾਨ ਵਿਦਵਾਨ, ਮਹਾਨ ਲਿਖਾਰੀ, ਮਹਾਨ ਨਿਰਦੇਸ਼ਕ, ਮਹਾਨ ਸਮਾਜ ਸੁਧਾਰਕ, ਕ੍ਰਾਂਤੀਕਾਰੀ, ਸੂਰਬੀਰ ਯੋਧੇ ਸਨ, ਜਿਨਾਂ ਵੱਲੋਂ ਦੇਸ਼ ਨੂੰ ਏਕਤਾ ਦੇ ਮੰਚ 'ਤੇ ਇਕੱਠਾ ਕਰਕੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਅਤੇ ਅੱਤਿਆਚਾਰ ਜਬਰ ਜ਼ੁਲਮ ਖਿਲਾਫ਼ ਲੜਨ ਲਈ ਜੋਸ਼ ਪੈਦਾ ਕੀਤਾ, ਜਿਨਾਂ ਦੇ ਜੀਵਨ ਤੋਂ ਸੇਧ ਲੈ ਕੇ ਉਹ ਬਿਹਾਰ ਨੂੰ ਬਿਹਤਰੀ ਵੱਲ ਲੈ ਜਾਣਗੇ। ਇਸੇ ਤਹਿਤ ਉਨਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਬਿਹਾਰ 'ਚ ਸ਼ਰਾਬਬੰਦੀ ਕਰਨ ਦਾ ਫੈਸਲਾ ਕੀਤਾ ਸੀ। ਉਨਾਂ ਨਰਿੰਦਰ ਮੋਦੀ ਦੀ ਤਾਰੀਫ਼ ਕਰਦਿਆਂ ਕਿਹਾ ਕਿ ਜਦ ਉਹ ਗੁਜਰਾਤ ਦੇ ਮੁੱਖ ਮੰਤਰੀ ਸਨ ਤਾਂ ਉਨਾਂ ਵੇਲੇ ਤੋਂ ਹੀ ਸ਼ਰਾਬਬੰਦੀ ਲਾਗੂ ਕੀਤੀ ਗਈ ਸੀ, ਕਿਉਂਕਿ ਨਸ਼ਾ-ਮੁਕਤ ਦੇਸ਼ ਹੀ ਤਰੱਕੀ ਕਰੇਗਾ। ਇਸ ਦੌਰਾਨ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸੇ ਤਰਾਂ ਹੀ ਹਰ ਸਾਲ ਹੁੰਮ-ਹੁਮਾ ਕੇ ਪਟਨਾ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਸਮਾਗਮ 'ਚ ਸ਼ਿਰਕਤ ਕਰਿਆ ਕਰਨ। ਉਨਾਂ ਇਥੇ ਸਥਿਤ ਵੱਖ-ਵੱਖ ਗੁਰਧਾਮਾਂ ਨੂੰ ਇਕ ਲੜੀ 'ਚ ਜੋੜਨ ਵਾਸਤੇ 'ਗੁਰੂ ਸਰਕਿਟ' ਬਣਾਉਣ ਦਾ ਐਲਾਨ ਕੀਤਾ ਤਾਂ ਜੋ ਸਮੂਹ ਗੁਰਧਾਮਾਂ ਦੇ ਦਰਸ਼ਨ ਸੰਗਤਾਂ ਅਸਾਨੀ ਨਾਲ ਕਰ ਸਕਣ। ਇਸੇ ਪ੍ਰਕਾਰ ਹੀ ਉਨਾਂ ਗੁਰਦੁਆਰਾ ਗੁਰੂ ਕਾ

ਬਾਗ ਵਿਖੇ ਬਹੁ ਪ੍ਰਕਾਸ਼ ਕੇਂਦਰ ਬਣਾਉਣ ਦਾ ਵਾਅਦਾ ਕੀਤਾ। ਇਸ ਮੌਕੇ ਨਿਤਿਸ਼ ਕੁਮਾਰ ਨੇ ਪ੍ਰਕਾਸ਼ ਪੁਰਬ ਸਮਾਗਮ ਦੀ ਤਿਆਰੀ ਦੀ ਦੇਖ-ਰੇਖ ਕਰ ਰਹੇ ਸਾਬਕਾ ਅਧਿਕਾਰੀ ਜੀ. ਐਸ. ਕੰਗ, ਬਲਜੀਤ ਸਿੰਘ, ਸ੍ਰੀ ਗੁਰੂ ਨਾਨਕ ਨਿਸ਼ਕਾਮ ਜਥਾ ਬਰਮਿੰਘਮ ਦੇ ਮੁਖੀ ਭਾਈ ਮਹਿੰਦਰ ਸਿੰਘ, ਬਾਬਾ ਕਸ਼ਮੀਰਾ ਸਿੰਘ ਕਾਰ ਸੇਵਾ ਭੂਰੀ ਵਾਲਿਆਂ ਤੋਂ ਇਲਾਵਾ ਹੋਰਨਾਂ ਜਥੇਬੰਦੀਆਂ, ਮਹਾਂਪੁਰਖਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਉਨਾਂ ਕੇਂਦਰ ਸਰਕਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ, ਸ਼੍ਰੋਮਣੀ ਗੁ: ਪ੍ਰ: ਕਮੇਟੀ, ਪੰਜਾਬ ਸਰਕਾਰ ਦਾ ਤਹਿ ਦਿੱਲੋਂ ਧੰਨਵਾਦ ਕੀਤਾ। ਉਨਾਂ ਪੰਜਾਬ ਨਾਲ ਸੰਬੰਧਿਤ ਅਧਿਕਾਰੀਆਂ ਜਿਸ ਵਿਚ ਪ੍ਰਿੰਸੀਪਲ ਸਕੱਤਰ ਹਰਜੋਤ ਕੌਰ, ਡਾ. ਸਾਲਿਨ ਪੁਲਿਸ ਉੱਚ ਅਧਿਕਾਰੀ ਸਨ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ।

*੫ ਜਨਵਰੀ*

# ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ੨ ਲੱਖ ਤੋਂ ਵੱਧ ਸਕੂਲੀ ਬੱਚਿਆਂ ਨੂੰ ਗੁਰਬਾਣੀ ਦੇ ਜਾਪ ਕਰਵਾਏ

ਅੰਮ੍ਰਿਤਸਰ- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਚੇ-ਬੱਚੀਆਂ ਨੂੰ ਸਾਕਾ ਚਮਕੌਰ ਸਾਹਿਬ ਤੇ ਸਾਕਾ ਸਰਹਿੰਦ ਦੀ ਦਰਦਨਾਕ ਦਾਸਤਾਨ ਦੇ ਰੂਬਰੂ ਕਰਵਾਉਣ ਅਤੇ ਸਾਹਿਬਜ਼ਾਦਿਆਂ ਨੂੰ ਸ਼ਰਧਾ-ਸਤਿਕਾਰ ਭੇਟ ਕਰਨ ਲਈ ਸਕੂਲਾਂ-ਕਾਲਜਾਂ ਦੇ ਬੱਚੇ-ਬੱਚੀਆਂ ਨੂੰ ਗੁਰਬਾਣੀ ਜਾਪ ਨਾਲ ਜੋੜਿਆ ਗਿਆ। ਅੱਜ ਵਿਸ਼ਾਲ ਪੱਧਰ ਤੇ ਆਯੋਜਿਤ ਕੀਤੇ ਗਏ ਸਮਾਗਮਾਂ ਤਹਿਤ ਵੱਖ-ਵੱਖ ਥਾਵਾਂ ਵਿਖੇ ਵਿਦਿਅਕ ਸੰਸਥਾਵਾਂ ਅੰਦਰ ਸਵੇਰੇ ੧੧ ਵਜੇ ਜਪੁਜੀ ਸਾਹਿਬ ਤੇ ਚੌਪਈ ਸਾਹਿਬ ਦੇ ਜਾਪ ਕੀਤੇ ਗਏ ਅਤੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਅਰਦਾਸ ਕੀਤੀ ਗਈ। ਇਨ੍ਹਾਂ ਸਮਾਗਮਾਂ ਵਿੱਚ ਪੰਜਾਬ ਭਰ ਤੋਂ ਇਲਾਵਾ ਭਾਰਤ ਦੇ ਵੱਖ-ਵੱਖ ਸੂਬਿਆਂ ਅੰਦਰ ੨ ਲੱਖ ਤੋਂ ਵੱਧ ਬੱਚੇ-ਬੱਚੀਆਂ ਨੇ ਹਿੱਸਾ ਲਿਆ ਅਤੇ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਦਾ ਧਿਆਨ ਧਰਦਿਆਂ ਅਕੀਦਤ ਭੇਟ ਕੀਤੀ ਗਈ।

ਇਸ ਸਬੰਧ ਵਿੱਚ ਲਗਭਗ ਪਿਛਲੇ ਇਕ ਮਹੀਨੇ ਤੋਂ ਕੀਤੇ ਜਾ ਰਹੇ ਯਤਨਾਂ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਸਕੂਲਾਂ ਦੇ ਨਾਲ-ਨਾਲ ਹੋਰਨਾਂ ਸਿੱਖਿਆ ਸੰਸਥਾਵਾਂ ਵਿੱਚ ਵੀ ਬੱਚਿਆਂ ਨੂੰ ਜਪੁਜੀ ਸਾਹਿਬ, ਚੌਪਈ ਸਾਹਿਬ ਦੇ ਪਾਠ ਦ੍ਰਿੜ੍ਹ ਕਰਵਾਏ ਗਏ ਸਨ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਇਸ ਸਬੰਧੀ ਵਿਸ਼ੇਸ਼ ਇਕੱਤਰਤਾਵਾਂ ਕਰ ਕੇ ਪ੍ਰਚਾਰਕਾਂ, ਢਾਡੀ=ਕਵੀਸ਼ਰਾਂ, ਸਕੂਲਾਂ-ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਗੁਰੂ-ਘਰਾਂ ਦੇ ਮੈਨੇਜਰਾਂ ਨੂੰ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਦੇ ਸਹਿਯੋਗ ਨਾਲ ਵੱਧ ਤੋਂ ਵੱਧ ਬੱਚੇ ਬੱਚੀਆਂ ਨੂੰ ਇਸ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ ਸੀ।

ਇਸੇ ਤਹਿਤ ਅੱਜ ਸ੍ਰੀ ਅੰਮ੍ਰਿਤਸਰ ਵਿਖੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਰੀਬ ਅੱਠ ਹਾਜ਼ਰ ਬੱਚਿਆਂ ਨੇ ਗੁਰਬਾਣੀ ਜਾਪ ਸਮਾਗਮ ਵਿੱਚ ਹਿੱਸਾ ਲਿਆ। ਇਸ ਮੌਕੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਬੱਚਿਆਂ ਨਾਲ ਸਾਹਿਬਜ਼ਾਦਿਆਂ ਦੇ ਇਤਿਹਾਸ ਅਤੇ ਲਾਸਾਨੀ ਸ਼ਹਾਦਤਾਂ ਸਬੰਧੀ ਵਿਚਾਰ ਸਾਂਝੇ ਕੀਤੇ। ਪ੍ਰੋਫ਼ੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਸਿੱਖ ਕੌਮ ਦੇ ਇਤਿਹਾਸ ਦਾ ਉਹ ਲਾਸਾਨੀ ਪੰਨਾ ਹੈ, ਜਿਸ ਨੂੰ ਪੜ੍ਹ-ਸੁਣ ਕੇ ਸਿੱਖ ਨੌਜਵਾਨੀ ਨੇ ਸੇਧ ਅਤੇ ਅਗਵਾਈ ਪ੍ਰਾਪਤ ਕਰਨੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਗੁਰਬਾਣੀ, ਗੁਰਮਤਿ ਸਿਧਾਂਤਾਂ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਯਾਦਾ ਨਾਲ ਜੋੜਨ ਲਈ ਮਾਪੇ ਅਤੇ ਅਧਿਆਪਕ ਵੱਡੀ ਭੂਮਿਕਾ ਨਿਭਾਅ ਸਕਦੇ ਹਨ। ਉਨ੍ਹਾਂ ਕਿਹਾ ਕਿ ਛੋਟੀ ਉਮਰ ਵਿੱਚ ਬੱਚਿਆਂ ਅੰਦਰ ਧਰਮ ਅਤੇ ਵਿਰਸੇ ਦੀ ਸੋਝੀ ਦੀ ਜਾਗ ਉਨ੍ਹਾਂ ਦੇ ਜੀਵਨ ਦਾ ਸਦੀਵ ਕਾਲ ਹਿੱਸਾ ਬਣ ਸਕਦੀ ਹੈ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭਾਈ ਜਗਦੀਪ ਸਿੰਘ ਹਜ਼ੂਰੀ ਰਾਗੀ

ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਗੁਰਮਤਿ ਵਿਚਾਰਾਂ ਸਾਝੀਆਂ ਕੀਤੀਆਂ।

ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਉਮਰ ਦੀ ਆਰੰਭਿਕ ਅਵਸਥਾ ਦੇ ਧਾਰਨੀ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਦੀ ਭਾਵਨਾ ਦਾ ਬੱਚੇ-ਬੱਚੀਆਂ ਅਤੇ ਨੌਜਵਾਨੀ ਅੰਦਰ ਸੰਚਾਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬਜ਼ਾਦਿਆਂ ਦੇ ਜੀਵਨ ਤੇ ਸ਼ਹਾਦਤ ਸਬੰਧੀ ਜਾਣਕਾਰੀ ਦੇਣ ਦਾ ਯਤਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪ੍ਰਾਪਤ ਰਿਪੋਰਟਾਂ ਅਨੁਸਾਰ ਅੱਜ ਵੱਖ-ਵੱਖ ਥਾਵਾਂ ਤੇ ਕਰੀਬ ੨ ਲੱਖ ਤੋਂ ਵੱਧ ਬੱਚੇ ਬੱਚੀਆਂ ਨੇ ਗੁਰਬਾਣੀ ਦਾ ਜਾਪ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਕਾਰਜ ਵਿਚ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਤੋਂ ਇਲਾਵਾ ਬਹੁਤ ਸਾਰੇ ਹੋਰ ਵਿਦਿਅਕ ਅਦਾਰਿਆਂ ਅਤੇ ਸੰਸਥਾਵਾਂ ਨੇ ਵੀ ਸਹਿਯੋਗ ਦਿੱਤਾ ਹੈ। ਇਸ ਉਪਰਾਲੇ ਦਾ ਹਿੱਸਾ ਬਣਨ ਵਾਲਿਆਂ ਵਿੱਚ ਅਕਾਲ ਅਕੈਡਮੀ ਬੜੂ ਸਾਹਿਬ ਟ੍ਰਸਟ, ਖਾਲਸਾ ਕਾਲਜ ਅੰਮ੍ਰਿਤਸਰ, ਚੀਫ ਖਾਲਸਾ ਦੀਵਾਨ, ਸੰਤ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਚੜ੍ਹਦੀ ਕਲਾ ਸੰਸਥਾ ਪਟਿਆਲਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਪ੍ਰੋ. ਬਡੂੰਗਰ ਨੇ ਕਿਹਾ ਕਿ ਇਹ ਕਾਰਜ ਸਾਰਾ ਸਾਲ ਚੱਲਦਾ ਰਹੇਗਾ ਅਤੇ ਬੱਚਿਆਂ ਅਤੇ ਨੌਜਵਾਨਾਂ ਅੰਦਰ ਸਿੱਖ ਵਿਰਾਸਤ ਨਾਲ ਜੁੜਨ ਦੀ ਭਾਵਨਾ ਨੂੰ ਪੱਕਿਆਂ ਕਰਨ ਲਈ ਯਤਨ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ੧੦ ਜਨਵਰੀ ੨੦੧੭ ਨੂੰ ਖ਼ਾਲਸੇ ਦੀ ਜਨਮ ਭੂਮੀ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਕਾਲਜਾਂ ਦੇ ਨੌਜਵਾਨਾਂ ਦਾ ਇਕ ਵਿਸ਼ੇਸ਼ ਧਾਰਮਿਕ ਸੰਮੇਲਨ ਕਰਵਾਇਆ ਜਾਵੇਗਾ, ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਨਿਰੋਲ ਪੰਥਕ ਵਿਚਾਰਧਾਰਾ ਨੂੰ ਪ੍ਰਚਾਰਨ ਵਾਲੇ ਸਿੱਖ ਵਿਦਵਾਨਾਂ ਵੱਲੋਂ ਗੁਰਮਤਿ ਸਿਧਾਂਤਾਂ, ਗੁਰ ਇਤਿਹਾਸ ਅਤੇ ਸਿੱਖ ਰਹਿਤ ਮਰਯਾਦਾ ਸਬੰਧੀ ਜਾਣਕਾਰੀ ਨੌਜਵਾਨਾਂ ਨੂੰ ਦਿੱਤੀ ਜਾਵੇਗੀ। ਪ੍ਰੋ. ਬਡੂੰਗਰ ਨੇ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਗੁਰਮਤਿ ਸਮਾਗਮ, ਨਗਰ ਕੀਤਰਨ ਅਤੇ ਸੈਮੀਨਾਰ ਕਰਵਾਏ ਜਾ ਰਹੇ ਹਨ ਅਤੇ ਸ਼੍ਰੋਮਣੀ ਕਮੇਟੀ ਇਸ ਸਬੰਧੀ ਵਿਸ਼ਾਲ ਪੱਧਰ 'ਤੇ ਉਪਰਾਲੇ ਕਰ ਰਹੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ, ਸ. ਗੁਰਮੇਲ ਸਿੰਘ ਸੰਗਤਪੁਰਾ ਤੇ ਸ. ਸੁਰਜੀਤ ਸਿੰਘ ਭਿੱਟੇਵੱਡ, ਬੀਬੀ ਕਿਰਨਜੋਤ ਕੌਰ ਮੈਂਬਰ, ਸ. ਅਜੈਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿਜੀ ਸਕੱਤਰ, ਐਡੀ. ਸਕੱਤਰ ਡਾ. ਪਰਮਜੀਤ ਸਿੰਘ ਸਰੋਆ, ਸ. ਰਣਜੀਤ ਸਿੰਘ, ਸ. ਬਿਜੈ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਕੇਵਲ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਜਗਜੀਤ ਸਿੰਘ,ਸ. ਹਰਜਿੰਦਰ ਸਿੰਘ, ਸ. ਹਰਿੰਦਰਪਾਲ ਸਿੰਘ, ਸ. ਮਹਿੰਦਰ ਸਿੰਘ, ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਗੁਰਮੀਤ ਸਿੰਘ ਬੁੱਟਰ, ਸ. ਸੁਲੱਖਣ ਸਿੰਘ ਮੈਨੇਜਰ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ ਅਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਬੱਚੇ ਹਾਜ਼ਰ ਸਨ। *੨੨ ਦਸੰਬਰ*

# ਸਿੱਖ ਸ਼ਸਤਰ ਕਲਾ ਨੂੰ ਪ੍ਰਫੁੱਲਿਤ ਕਰਨ ਦੇ ਯਤਨ ਕੀਤੇ ਜਾਣਗੇ

## ਗਤਕਾ ਪ੍ਰਦਰਸ਼ਨੀ ਮੁਕਾਬਲੇ ਦੌਰਾਨ ਖਿਡਾਰੀਆਂ ਨੇ ਵਿਖਾਏ ਜੌਹਰ

ਸ੍ਰੀ ਫਤਿਹਗੜ੍ਹ ਸਾਹਿਬ- ਮਾਤਾ ਗੁਜਰੀ ਕਾਲਜ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਲਾਲਾਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਗਤਕਾ ਪ੍ਰਦਰਸ਼ਨੀ ਮੁਕਾਬਲੇ ਆਯੋਜਿਤ ਕੀਤੇ ਗਏ। ਇਨ੍ਹਾਂ ਮੁਕਾਬਲਿਆਂ ਦੀ ਆਰੰਭਤਾ ਕਰਵਾਉਣ ਲਈ ਪੁੱਜੇ ਸ਼੍ਰੋਮਣੀ ਗੁਰਦੁਆਰਾ

ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖਸ਼ੀ ਰਵਾਇਤੀ ਜੰਗਜੂ ਖੇਡ ਗਤਕਾ (ਸਿੱਖ ਸ਼ਸਤਰ ਕਲਾ) ਨੂੰ ਹੋਰ ਪ੍ਰਫੁੱਲਤ ਕੀਤਾ ਜਾ ਰਿਹਾ ਹੈ। ਇਸ ਕਾਰਜ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ ਸਥਾਪਿਤ ਕੀਤਾ ਗਿਆ ਡਾਇਰੈਕਟੋਰੇਟ ਆਫ ਗਤਕਾ ਆਪਣੀ ਸਰਗਰਮ ਭੂਮਿਕਾ ਨਿਭਾਅ ਰਿਹਾ ਹੈ। ਇਸ ਨਾਲ ਸਿੱਖ ਨੌਜਵਾਨ ਪੀੜ੍ਹੀ ਨੂੰ ਆਪਣੀ ਰਵਾਇਤੀ ਸ਼ਸਤਰ ਕਲਾ ਦੀ ਸੂਰਬੀਰਤਾ ਵਾਲੀ ਖੇਡ ਦੀ ਰੁਚੀ ਪੈਦਾ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਗਤਕਾ ਮੁਕਾਬਲੇ ਵਿਚ ਵੱਖ-ਵੱਖ ਕਾਲਜਾਂ ਤੋਂ ਪੁੱਜੇ ਸਮੂਹ ਗਤਕਾ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਦਿਆਂ ਕਿਹਾ ਕਿ ਉਹ ਪੂਰੀ ਨਿਸ਼ਠਾ, ਲਗਨ, ਦਲੇਰੀ ਤੇ ਸੂਰਬੀਰਤਾ ਨਾਲ ਭਰਪੂਰ ਗਤਕੇ ਦੀ ਖੇਡ ਨਾਲ ਜੁੜ ਕੇ ਆਪਣੀ ਵਿਰਾਸਤੀ ਖੇਡ ਦੀ ਵੱਧ ਤੋਂ ਵੱਖ ਸੰਭਾਲ ਵੀ ਕਰਨ ਤਾਂ ਕਿ ਆਉਣ ਵਾਲੇ ਸਮੇਂ ਦੌਰਾਨ ਇਸ ਪ੍ਰੰਪਰਾਗਤ ਖੇਡ ਦੀ ਮੂਲ ਭਾਵਨਾ ਨੂੰ ਬਰਕਰਾਰ ਰੱਖਦਿਆਂ ਹੋਇਆਂ ਦੇਸ਼-ਵਿਦੇਸ਼ ਵਿਚ ਇਸ ਦੀ ਚੜ੍ਹਤ ਨੂੰ ਬੁਲੰਦ ਕੀਤਾ ਜਾ ਸਕੇ।

ਸ਼੍ਰੋਮਣੀ ਕਮੇਟੀ ਦੇ ਗਤਕਾ ਡਾਇਰੈਕਟੋਰੇਟ ਵੱਲੋਂ ਕਰਵਾਏ ਗਏ ਇਨ੍ਹਾਂ ਗਤਕਾ ਪ੍ਰਦਰਸ਼ਨੀ ਮੁਕਾਬਲਿਆਂ ਵਿਚ ਵੱਖ-ਵੱਖ ਕਾਲਜਾਂ ਦੀਆਂ ਲੜਕਿਆਂ ਤੇ ਲੜਕੀਆਂ ਦੀਆਂ ਟੀਮਾਂ ਨੇ ਭਾਗ ਲਿਆ। ਇਨ੍ਹਾਂ ਵਿਚ ਮੀਰੀ ਪੀਰੀ ਖਾਲਸਾ ਕਾਲਜ ਭਦੌੜ, ਮਾਤਾ ਗੁਜਰੀ ਕਾਲਜ ਫ਼ਤਿਹਗੜ੍ਹ ਸਾਹਿਬ, ਤ੍ਰੈ ਸ਼ਤਾਬਦੀ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ, ਜੀ.ਐਸ.ਐਸ.ਡੀ.ਜੀ.ਐਸ. ਖਾਲਸਾ ਕਾਲਜ ਪਟਿਆਲਾ, ਐਸ.ਜੀ.ਟੀ.ਬੀ. ਕਾਲਜ ਸ੍ਰੀ ਅਨੰਦਪੁਰ ਸਾਹਿਬ, ਗੁਰੂ ਕਾਸ਼ੀ ਕਾਲਜ ਆਫ ਸਿੱਖ ਸਟੱਡੀਜ਼ ਤਲਵੰਡੀ ਸਾਬੋ, ਗੁਰੂ ਨਾਨਕ ਕਾਲਜ ਬਟਾਲਾ, ਗੁਰੂ ਨਾਨਕ ਕਾਲਜ ਫਾਰ ਗਰਲਜ਼ ਸ੍ਰੀ ਮੁਕਤਸਰ ਸਾਹਿਬ, ਮਾਤਾ ਸਾਹਿਬ ਕੌਰ ਗਰਲਜ਼ ਕਾਜਲ ਤਲਵੰਡੀ ਭਾਈ, ਜੀ.ਜੀ.ਐਸ. ਖਾਲਸਾ ਕਾਲਜ ਫਾਰ ਗਰਲਜ਼ ਝਾੜ ਸਾਹਿਬ ਦੀਆਂ ਟੀਮਾਂ ਸ਼ਾਮਲ ਸਨ। ਇਨ੍ਹਾਂ ਟੀਮਾਂ ਦੇ ਗਤਕਾ ਖਿਡਾਰੀਆਂ ਨੇ ਪੂਰੇ ਖਾਲਸਾਈ ਜਾਹੋ-ਜਲਾਲ ਦੇ ਨਾਲ ਸਿੱਖ ਮਾਰਸ਼ਲ ਆਰਟ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਡਾ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਵਿੱਦਿਆ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਕੇਵਲ ਸਿੰਘ ਐਡੀ. ਸਕੱਤਰ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਤੇ ਸ. ਹਰਜੀਤ ਸਿੰਘ ਮੀਤ ਸਕੱਤਰ, ਡਾ. ਜਤਿੰਦਰ ਸਿੰਘ ਪ੍ਰਿਸੀਪਲ ਮਾਤਾ ਗੁਜਰੀ ਕਾਲਜ, ਪ੍ਰਿੰ. ਪ੍ਰੀਤ ਮਹਿੰਦਰ ਸਿੰਘ, ਪ੍ਰਿੰ. ਕਸ਼ਮੀਰ ਸਿੰਘ, ਪ੍ਰਿੰ. ਪ੍ਰਭਜੀਵਨ ਸਿੰਘ, ਪ੍ਰਿੰ. ਜਸਵੀਰ ਸਿੰਘ, ਚੀਫ ਰੈਫਰੀ ਸੁਪ੍ਰੀਤ ਸਿੰਘ, ਹਰਦੀਪ ਸਿੰਘ ਪਟਿਆਲਾ, ਗੁਰਸਾਹਿਬ ਸਿੰਘ ਤੇ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

*੨੫ ਦਸੰਬਰ*

# ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਜਬਰ ਤੇ ਜ਼ੁਲਮ ਵਿਰੁੱਧ ਫ਼ਤਹਿ ਦਾ ਐਲਾਨਨਾਮਾ ਸੀ- ਪ੍ਰੋ. ਕਿਰਪਾਲ ਸਿੰਘ ਬਡੂੰਗਰ

## ਸਿੱਖ ਇਤਿਹਾਸ ਨੂੰ ਦਰਸਾਉਂਦੀ ਚਿੱਤਰ ਪ੍ਰਦਰਸ਼ਨੀ ਲਗਾਈ ਗਈ

ਸ੍ਰੀ ਫ਼ਤਹਿਗੜ੍ਹ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰ ਕੌਰ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਦੀ ਸ਼ਹਾਦਤ ਜਬਰ ਤੇ ਜ਼ੁਲਮ ਦੇ ਵਿਰੁੱਧ ਫਤਹਿ ਦਾ ਐਲਾਨਨਾਮਾ ਸੀ, ਜਿਸ ਨੇ ਜਾਲਮ ਮੁਗਲੀਆ ਹਕੂਮਤ ਦੀਆਂ ਜੜ੍ਹਾਂ ਪੁੱਟਣ ਦੀ ਬੁਨਿਆਦ ਰੱਖੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਮਾਤਾ ਗੁਜਰੀ ਕਾਲਜ ਫਤਹਿਗੜ੍ਹ ਸਾਹਿਬ ਵਿਖੇ ਅੱਜ ਵੱਖ ਵੱਖ ਕਾਲਜਾਂ ਦੇ ਵਿਦਿਆਰਥੀਆਂ ਦੇ ਕਰਵਾਏ ਗਏ ਕਵੀਸ਼ਰੀ, ਕਵਿਤਾ, ਵਾਰ ਗਾਇਨ, ਕੋਰਿਓਗ੍ਰਾਫੀ ਤੇ ਸੁੰਦਰ ਦਸਤਾਰ ਮੁਕਾਬਲਿਆਂ ਸਮੇਂ ਆਪਣੇ ਸੰਬੋਧਨ ਵਿਚ ਕੀਤਾ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨਾ ਸਾਡਾ ਸਭ ਦਾ ਕੌਮੀ ਫਰਜ਼ ਹੈ, ਜਿਸ ਦੀ ਪੂਰਤੀ ਲਈ ਸਮੁੱਚੀ

ਕੌਮ ਨੂੰ ਉਨ੍ਹਾਂ ਦਾ ਸ਼ਹੀਦੀ ਦਿਹਾੜਾ ਉੱਚੀ-ਸੁੱਚੀ ਸੋਚ ਰੱਖਦਿਆਂ ਪੂਰਨ ਸਾਦਗੀ ਨਾਲ ਮਨਾਉਣਾ ਚਾਹੀਦਾ ਹੈ। ਉਨ੍ਹਾਂ ਨੇ ਨੌਜਵਾਨ ਪੀੜੀ ਨੂੰ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਹੱਕ-ਸੱਚ ਅਤੇ ਸਿਦਕਦਿਲੀ ਦੀ ਭਾਵਨਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਅਤੇ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਅਪੀਲ ਵੀ ਕੀਤੀ। ਇਸ ਦੌਰਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਮਾਤਾ ਗੁਜਰੀ ਕਾਲਜ ਵੱਲੋਂ ਤਿਆਰ ਕੀਤਾ ਛੋਟੇ ਸਾਹਿਬਜ਼ਾਦਿਆਂ ਨੂੰ ਸਮਰਪਿਤ ਵਿਸ਼ੇਸ਼ ਕੈਲੰਡਰ ਵੀ ਜੈਕਾਰਿਆਂ ਦੀ ਗੂੰਜ ਵਿਚ ਜਾਰੀ ਕੀਤਾ ਅਤੇ ਨਾਲ ਹੀ ਸ਼੍ਰੋਮਣੀ ਕਮੇਟੀ ਦੇ ਡਾਇਰੈਟਰ ਵਿੱਦਿਆ ਡਾ. ਧਰਮਿੰਦਰ ਸਿੰਘ ਉੱਭਾ ਦੇ ਵਿਸ਼ੇਸ਼ ਉਪਰਾਲੇ ਸਦਕਾ ਛੋਟੇ ਸਾਹਿਬਜ਼ਾਦਿਆਂ ਦੇ ਜੀਵਨ ਨਾਲ ਸਬੰਧਤ ਤਿਆਰ ਕਰਵਾਈ ਗਈ ਤਸਵੀਰ ਵੀ ਜਾਰੀ ਕੀਤੀ। ਇਸ ਦੌਰਾਨ ਅਯੋਜਿਤ ਕੀਤੇ ਗਏ ਕਵੀਸ਼ਰੀ, ਕਵਿਤਾ, ਵਾਰ ਗਾਇਨ, ਸੁੰਦਰ ਦਸਤਾਰ ਤੇ ਕੋਰਿਓਗ੍ਰਾਫੀ ਮੁਕਾਬਲਿਆਂ ਵਿਚ ਵੱਖ-ਵੱਖ ੪੧ ਕਾਲਜਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਪੂਰਵਕ ਭਾਗ ਲੈ ਕੇ ਆਪੋ ਆਪਣੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿਚ ੧੯ ਕਾਲਜਾਂ ਦੇ ਵਿਦਿਆਰਥੀਆਂ ਨੇ ਸਾਹਿਬਜ਼ਾਦਿਆਂ ਦੇ ਜੀਵਨ ਨਾਲ ਸਬੰਧਤ ਇਤਿਹਾਸ ਨੂੰ ਚਿਤਰ ਕਲਾ ਦੁਆਰਾ ਰੂਪਮਾਨ ਕੀਤਾ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਸਿੱਖ ਇਤਿਹਾਸ ਤੇ ਵਿਰਸੇ ਨੂੰ ਦਰਸਾਉਂਦੀ ਹੋਈ ਚਿੱਤਰ ਪ੍ਰਦਰਸ਼ਨੀ ਦਾ ਵੀ ਰਸਮੀ ਤੌਰ ਤੇ ਉਦਘਾਟਨ ਕੀਤਾ ਅਤੇ ਕੈਂਸਰ ਕੇਅਰ ਚੇਰੀਟੇਬਲ ਸੁਸਾਇਟੀ ਵੱਲੋਂ ਮਾਤਾ ਗੁਜਰੀ ਕਾਲਜ ਫਤਹਿਗੜ੍ਹ ਸਾਹਿਬ ਦੇ ਸਹਿਯੋਗ ਨਾਲ ਲਗਾਏ ਗਏ ਕੈਂਸਰ ਚੈਕਅਪ ਕੈਂਪ ਅਤੇ ਰੈੱਡ ਕਰਾਸ ਸੁਸਾਇਟੀ ਵੱਲੋਂ ਲਗਾਏ ਗਏ ਮੈਡੀਕਲ ਕੈਂਪ ਦਾ ਵੀ ਨਰੀਖਣ ਕੀਤਾ।

ਇਸ ਮੌਕੇ ਡਾ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਵਿੱਦਿਆ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਕੇਵਲ ਸਿੰਘ ਐਡੀ. ਸਕੱਤਰ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਤੇ ਸ. ਹਰਜੀਤ ਸਿੰਘ ਮੀਤ ਸਕੱਤਰ, ਡਾ. ਜਤਿੰਦਰ ਸਿੰਘ ਪ੍ਰਿੰਸੀਪਲ ਮਾਤਾ ਗੁਜਰੀ ਕਾਲਜ, ਪ੍ਰਿੰ. ਪ੍ਰੀਤ ਮਹਿੰਦਰ ਸਿੰਘ, ਪ੍ਰਿੰ. ਕਸ਼ਮੀਰ ਸਿੰਘ, ਪ੍ਰਿੰ. ਪ੍ਰਭਜੀਵਨ ਸਿੰਘ, ਪ੍ਰਿੰ. ਜਸਵੀਰ ਸਿੰਘ, ਪ੍ਰਿੰ. ਸਾਹਿਬ ਸਿੰਘ, ਡਾ. ਜਤਿੰਦਰ ਕੌਰ, ਪ੍ਰਿੰ. ਹਰਬੰਸ ਕੌਰ ਆਦਿ ਹਾਜ਼ਰ ਸਨ।

*੨੫ ਦਸੰਬਰ*

# ਸਾਰੀਆਂ ਪੰਥਕ ਧਿਰਾਂ ਕੌਮੀ ਮਸਲਿਆਂ 'ਤੇ ਇਕਸੁਰ ਅਤੇ ਇਕਜੁੱਟ ਹੋਣ- ਪ੍ਰੋ. ਕਿਰਪਾਲ ਸਿੰਘ ਬਡੂੰਗਰ

ਸ੍ਰੀ ਫ਼ਤਿਹਗੜ੍ਹ ਸਾਹਿਬ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚੱਲ ਰਹੇ ਜੋੜ ਮੇਲ ਦੌਰਾਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ਹੀਦੀ ਕਾਨਫਰੰਸ ਆਯੋਜਿਤ ਕੀਤੀ ਗਈ। ਇਸ ਕਾਨਫਰੰਸ ਵਿਚ ਸ. ਪਰਕਾਸ਼ ਸਿੰਘ ਬਾਦਲ ਸਰਪ੍ਰਸਤ ਸ਼੍ਰੋਮਣੀ ਅਕਾਲੀ ਦਲ ਤੇ ਮੁੱਖ ਮੰਤਰੀ ਪੰਜਾਬ, ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਵਿਸ਼ੇਸ਼ ਤੌਰ 'ਤੇ ਆਪਣੀ ਹਾਜ਼ਰੀ ਲਗਾਉਂਦਿਆਂ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਲੈ ਕੇ ਦਸਮ ਗੁਰੂ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤਕ ਦਾ ਸਫਰ ਸਿੱਖ ਕੌਮ ਦੇ ਇਤਿਹਾਸ ਅੰਦਰ ਅਹਿਮ ਮੁਕਾਮ ਰੱਖਦਾ ਹੈ, ਕਿਉਂਕਿ ਇਨ੍ਹਾਂ ਸ਼ਹਾਦਤਾਂ ਦੀ ਬਦੌਲਤ ਹੀ ਸਿੱਖ ਕੌਮ ਅੰਦਰ ਸੰਗਠਨ ਦੀ ਭਾਵਨਾ ਪ੍ਰਚੰਡ ਹੋਈ। ਸਿੱਖ ਕੌਮ ਦੇ

ਇਸ ਮਾਣਮੱਤੇ ਇਤਿਹਾਸ ਨੂੰ ਨੌਜਵਾਨੀ ਦੇ ਰੂਬਰੂ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਵੱਖ-ਵੱਖ ਯਾਦਗਾਰਾਂ ਦੀ ਉਸਾਰੀ ਕਰਵਾਉਣ ਦਾ ਵਡਮੁੱਲਾ ਉਪਰਾਲਾ ਕੀਤਾ ਹੈ, ਜਿਨ੍ਹਾਂ ਵਿਚ ਛੋਟੇ ਤੇ ਵੱਡੇ ਘੱਲੂਘਾਰੇ ਦੀਆਂ ਯਾਦਗਾਰਾਂ, ਬਾਬਾ ਬੰਦਾ ਸਿੰਘ ਬਹਾਦਰ ਦੀ ਯਾਦਗਾਰ ਚੱਪੜਚਿੜੀ, ਵਿਰਾਸਤ-ਏ-ਖਾਲਸਾ ਸ੍ਰੀ ਅਨੰਦਪੁਰ ਸਾਹਿਬ ਵਿਸ਼ੇਸ਼ ਹਨ। ਇਨ੍ਹਾਂ ਯਾਦਗਾਰਾਂ ਦੀ ਉਸਾਰੀ ਲਈ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਸਰਕਾਰ ਅਤੇ ਵਿਸ਼ੇਸ਼ ਕਰਕੇ ਸ. ਪਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਪੰਜਾਬ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਥਕ ਏਕਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਰੀਆਂ ਪੰਥਕ ਧਿਰਾਂ ਨੂੰ ਕੌਮੀ ਮਸਲਿਆਂ ਤੇ ਇਕਸੁਰ ਤੇ ਇਕਜੁੱਟ ਹੋ ਕੇ ਚੱਲਣ ਦੀ ਵੱਡੀ ਲੋੜ ਹੈ ਤਾਂ ਕਿ ਸਿੱਖ ਮਸਲਿਆਂ ਦਾ ਮਿਲ ਬੈਠ ਕੇ ਹੱਲ ਲੱਭਿਆ ਜਾ ਸਕੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਅੰਤ੍ਰਿੰਗ ਮੈਂਬਰ ਸ. ਨਿਰਮਲ ਸਿੰਘ ਹਰਿਆਓ, ਮੈਂਬਰ ਸ. ਕਰਨੈਲ ਸਿੰਘ ਪੰਜੋਲੀ, ਸ. ਰਵਿੰਦਰ ਸਿੰਘ ਖਾਲਸਾ, ਸ. ਅਵਤਾਰ ਸਿੰਘ ਰਿਆ, ਸ. ਸੁਰਜੀਤ ਸਿੰਘ ਗੜ੍ਹੀ, ਸ. ਨਿਰਮੈਲ ਸਿੰਘ ਜੌਲਾਂ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਐਡੀ. ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਤੇ ਸ. ਕੇਵਲ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਤੇ ਸ. ਹਰਜੀਤ ਸਿੰਘ, ਸ. ਨੱਥਾ ਸਿੰਘ ਮੈਨੇਜਰ ਆਦਿ ਹਾਜ਼ਰ ਸਨ। *੨੬ ਦਸੰਬਰ*

# ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਵੱਲੋਂ ਬਖਸ਼ੀ ਵਿਰਾਸਤ ਨੂੰ ਸੰਭਾਲਣ ਦੀ ਜ਼ਰੂਰਤ- ਸ. ਅਮਰਜੀਤ ਸਿੰਘ ਚਾਵਲਾ

## ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਗੁਰਬਾਣੀ ਦਿਵਸ ਮਨਾਇਆ ਗਿਆ

ਅੰਮ੍ਰਿਤਸਰ- ਵੱਡੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਜ ਹਜ਼ਾਰਾਂ ਦੀ ਗਿਣਤੀ ਵਿੱਚ ਸਕੂਲਾਂ/ਕਾਲਜਾਂ ਦੇ ਬੱਚਿਆਂ ਨੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਦੀਵਾਨ ਹਾਲ ਵਿੱਚ ਇਕੱਤਰਤ ਹੋ ਕੇ ਜਪੁਜੀ ਸਾਹਿਬ ਤੇ ਚੌਪਈ ਸਾਹਿਬ ਦੇ ਪਾਠ ਕਰਕੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਗੁਰਬਾਣੀ ਦਿਵਸ ਮਨਾਇਆ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਮੁੱਚੇ ਸਿੱਖ ਪੰਥ ਦੇ ਬੱਚਿਆਂ ਨੂੰ ਵੱਡੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ 'ਤੇ ਸਾਹਿਬਜ਼ਾਦਿਆਂ, ਮਾਤਾ ਗੁਜਰੀ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਜਪੁਜੀ ਸਾਹਿਬ, ਚੌਪਈ ਸਾਹਿਬ ਦੇ ਪਾਠ ਕਰਨ ਦੀ ਅਪੀਲ ਕੀਤੀ ਸੀ। ਅੱਜ ਸਵੇਰ ਤੋਂ ਹੀ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਸਜੇ ਸੁੰਦਰ ਦੀਵਾਨ ਹਾਲ ਅੰਦਰ ਸਕੂਲਾਂ/ਕਾਲਜਾਂ ਦੇ ਬੱਚੇ ਪਹੁੰਚਣੇ ਸ਼ੁਰੂ ਹੋ ਗਏ ਸਨ। ਇਸ ਮੌਕੇ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ, ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਫਾਰ ਵੂਮੈਨ ਝਾੜ ਸਾਹਿਬ, ਮਾਤਾ ਗੰਗਾ ਜੀ ਕਾਲਜ ਮੰਜੀ ਸਾਹਿਬ ਕੋਟਾਂ, ਖਾਲਸਾ ਸਕੂਲ ਪਰਿਵਾਰ ਵਿਛੋੜਾ, ਅਕਾਲ ਅਕੈਡਮੀ ਕਾਮਲਪੁਰ ਆਦਿ ਸਕੂਲ ਦੇ ਬੱਚਿਆਂ ਨੇ ਭਾਗ ਲਿਆ। ਪਾਠ ਤੇ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਵਿੱਤਰ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਲਿਆ।

ਇਸ ਮੌਕੇ ਬੋਲਦਿਆਂ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ ਨੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਧੰਨਵਾਦ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਬੱਚੇ-ਬੱਚੀਆਂ ਦਾ ਗੁਰਬਾਣੀ ਜਾਪ ਸਮਾਗਮ ਕਰਵਾ ਕੇ ਪ੍ਰਸੰਸਾਯੋਗ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰ ਹਾਂ। ਸਾਨੂੰ ਗੁਰੂ ਜੀ ਵੱਲੋਂ ਬਖਸ਼ੀ ਵਿਰਾਸਤ ਨੂੰ ਸੰਭਾਲ ਕੇ ਰੱਖਣਾ ਚਾਹੀਦਾ ਹੈ। ਸਾਨੂੰ ਬਾਣੀ ਤੇ ਬਾਣੇ ਦੇ ਧਾਰਨੀ ਬਣ ਕੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ

ਸੱਚੇ ਪੁੱਤਰ ਹੋਣ ਦਾ ਪ੍ਰਮਾਣ ਦੇਣਾ ਚਾਹੀਦਾ ਹੈ।

ਇਸ ਮੌਕੇ ਸ. ਪਰਮਜੀਤ ਸਿੰਘ ਲੱਖੇਵਾਲ ਮੈਂਬਰ ਸ਼੍ਰੋਮਣੀ ਕਮੇਟੀ, ਪ੍ਰਿੰਸੀਪਲ ਕਸ਼ਮੀਰ ਸਿੰਘ, ਪ੍ਰਿੰਸੀਪਲ ਝਾੜ ਸਾਹਿਬ, ਪ੍ਰਿੰਸੀਪਲ ਖਾਲਸਾ ਕਾਲਜ ਢੰਡ ਸਾਹਿਬ, ਪ੍ਰਿੰਸੀਪਲ ਖਾਲਸਾ ਕਾਲਜ ਪਰਿਵਾਰ ਵਿਛੋੜਾ, ਪ੍ਰਿੰਸੀਪਲ ਖਾਲਸਾ ਸਕੂਲ ਜਿੰਦਵੜੀ, ਪ੍ਰਿੰਸੀਪਲ ਮਾਤਾ ਗੰਗਾ ਕਾਲਜ ਮੰਜੀ ਸਾਹਿਬ ਕੋਟਾਂ, ਸ. ਜਸਬੀਰ ਸਿੰਘ ਮੈਨੇਜਰ ਗੁਰਦੁਆਰਾ ਭੱਠਾ ਸਾਹਿਬ ਰੋਪੜ, ਸ. ਸਤਿੰਦਰ ਸਿੰਘ ਮੈਨੇਜਰ ਚਮਕੌਰ ਸਾਹਿਬ, ਸ. ਸਤਨਾਮ ਸਿੰਘ ਚੀਫ ਗੁਰਦੁਆਰਾ ਇੰਸਪੈਕਟਰ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦਾ ਸਮੁੱਚਾ ਸਟਾਫ ਤੇ ਸੰਗਤਾਂ ਹਾਜ਼ਰ ਸਨ। *੨੨ ਦਸੰਬਰ*

# ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਮਹਾਨ ਸੁੰਦਰ ਨਗਰ ਕੀਰਤਨ ਸਜਾਇਆ ਗਿਆ

ਅੰਮ੍ਰਿਤਸਰ- ਸਰਬੰਸਦਾਨੀ ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੀਆਂ ਗੁਰੂ ਨਾਨਕ ਨਾਮ-ਲੇਵਾ ਸੰਗਤਾਂ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਜਪੁਜੀ ਸਾਹਿਬ ਦਾ ਪਾਠ ਕੀਤਾ ਅਤੇ ਆਰੰਭਤਾ ਦੀ ਅਰਦਾਸ ਗਿਆਨੀ ਹਰਪਾਲ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨੇ ਕੀਤੀ। ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਗਏ ਇਸ ਨਗਰ ਕੀਰਤਨ ਅੰਦਰ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਨੇ ਪੂਰਨ ਸ਼ਰਧਾ ਤੇ ਸਤਿਕਾਰ ਨਾਲ ਸ਼ਮੂਲੀਅਤ ਕਰਕੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕੀਤਾ।

ਨਗਰ ਕੀਰਤਨ ਦੀ ਆਰੰਭਤਾ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜ ਪਿਆਰਿਆਂ, ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ। ਫੁੱਲਾਂ ਨਾਲ ਸਜੀ ਹੋਈ ਪਾਲਕੀ ਸਾਹਿਬ ਵਾਲੀ ਬੱਸ ਅੰਦਰ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਬਿਆ ਬੈਠੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਚੌਰ ਸਾਹਿਬ ਦੀ ਸੇਵਾ ਕਰ ਰਹੇ ਸਨ। ਇਸ ਸਮੇਂ ਧਾਰਮਿਕ ਸ਼ਖਸੀਅਤਾਂ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੋਂ ਇਲਾਵਾ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ, ਬਾਬਾ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ, ਬਾਬਾ ਨਾਗਰ ਸਿੰਘ ਤਰਨਾ ਦਲ ਹਰੀਆਂ ਵੇਲਾਂ, ਬਾਬਾ ਜੋਗਾ ਸਿੰਘ ਕਰਨਾਲ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਗੁਰਦੁਆਰਾ ਦੂਖ ਨਿਵਾਰਨ ਸਾਹਿਬ ਪਟਿਆਲਾ ਦੇ ਮੁੱਖ ਗ੍ਰੰਥੀ ਗਿਆਨੀ ਪ੍ਰਨਾਮ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਫੂਲਾ ਸਿੰਘ ਸਮੇਤ ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ। ਨਗਰ ਕੀਰਤਨ ਅੰਦਰ ਦੇਸ਼-ਵਿਦੇਸ਼ ਤੋਂ ਪੁੱਜੀਆਂ ਸੰਗਤਾਂ ਨੇ ਮੂਲ ਮੰਤਰ ਦਾ ਜਾਪ ਕਰਦਿਆਂ ਹੋਇਆਂ ਹਾਜ਼ਰੀ ਭਰੀ। ਇਸ ਤੋਂ ਇਲਾਵਾ ਧਾਰਮਿਕ ਸਭਾ ਸੁਸਾਇਟੀਆਂ, ਗੱਤਕਾ ਪਾਰਟੀਆਂ, ਵੱਖ-ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀ ਨੇ ਵੀ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ। ਖਾਲਸਾਈ ਜਾਹੋ-ਜਲਾਲ ਨਾਲ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਨਗਰ ਕੀਰਤਨ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸੰਪੰਨ ਹੋਇਆ।

ਨਗਰ ਕੀਰਤਨ ਦੀ ਸਮਾਪਤੀ ਮੌਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਜੋੜਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਸੰਗਤਾਂ ਜਿਥੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀਆਂ ਸ਼ਹਾਦਤਾਂ ਨੂੰ ਯਾਦ ਕਰਦੀਆਂ ਹਨ, ਉਥੇ ਨਾਲ ਹੀ ਮੋਤੀ

ਰਾਮ ਮਹਿਰਾ ਤੇ ਦੀਵਾਨ ਟੋਡਰ ਮੱਲ ਨੂੰ ਵੀ ਸਤਿਕਾਰ ਨਾਲ ਯਾਦ ਕਰਦੀਆਂ ਹਨ, ਜਿਨ੍ਹਾਂ ਦੀ ਵਡਮੁੱਲੀ ਕੁਰਬਾਨੀ ਨੂੰ ਵਿਸਾਰਿਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸਾਕਾ ਸਰਹਿੰਦ ਸਿੱਖ ਕੌਮ ਦੀ ਮਾਨਸਿਕਤਾ ਦਾ ਸਦੀਵੀ ਹਿਸਾ ਬਣ ਚੁੱਕਾ ਹੈ ਅਤੇ ਸਰਹਿੰਦ ਦੀਆਂ ਨੀਹਾਂ ਵਿੱਚੋਂ ਕੌਮ ਨੂੰ ਹਮੇਸ਼ਾਂ ਜੋਸ਼ ਅਤੇ ਜਜ਼ਬਾ ਪ੍ਰਾਪਤ ਹੁੰਦਾ ਰਹੇਗਾ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਨੇ ਆਪਣੀਆਂ ਅਦੁੱਤੀ ਸ਼ਹਾਦਤਾਂ ਨਾਲ ਜੋ ਇਤਿਹਾਸ ਸਿਰਜਿਆ ਹੈ, ਉਹ ਦੁਨੀਆਂ ਦੇ ਧਾਰਮਿਕ ਇਤਿਹਾਸ ਨਾਲੋਂ ਵੱਖਰਾ ਅਤੇ ਲਾਸਾਨੀ ਹੈ ਜਿਸ ਦਾ ਕੋਈ ਮੁਕਾਬਲਾ ਨਹੀਂ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅੱਜ ਜਦੋਂ ਅਸੀਂ ਛੋਟੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾ ਰਹੇ ਹਾਂ ਤਾਂ ਇਸ ਮੌਕੇ ਸਾਡਾ ਮੁੱਢਲਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਅੰਦਰ ਝਾਤੀ ਮਾਰੀਏ। ਉਨ੍ਹਾਂ ਕਿਹਾ ਕਿ ਸਾਡੀ ਅਕਸਰ ਇਹ ਚਿੰਤਾ ਰਹਿੰਦੀ ਹੈ ਕਿ ਸਾਡੀ ਨੌਜਵਾਨੀ ਆਪਣੇ ਵਿਰਸੇ ਨਾਲੋਂ ਟੁੱਟਦੀ ਜਾ ਰਹੀ ਹੈ ਲੇਕਿਨ ਜੇਕਰ ਅਸੀਂ ਆਪਣੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਪ੍ਰੇਰਨਾਮਈ ਇਤਿਹਾਸ ਦੇ ਸਨਮੁੱਖ ਕਰਾਵਾਂਗੇ ਤਾਂ ਨਿਰਸੰਦੇਹ ਉਨ੍ਹਾਂ ਅੰਦਰ ਸਿੱਖੀ ਜਜ਼ਬਾ ਦ੍ਰਿੜ੍ਹ ਹੋਵੇਗਾ ਅਤੇ ਉਹ ਬਾਣੀ ਅਤੇ ਬਾਣੇ ਨਾਲ ਜੁੜਨਗੇ। ਉਨ੍ਹਾਂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਬਾਅਦ ਜਬਰ ਤੇ ਜ਼ੁਲਮ ਦਾ ਨਾਸ ਕਰਨ ਵਾਲੇ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡੇ ਇਤਿਹਾਸ ਨੂੰ ਇਹ ਮਾਣ ਵੀ ਹਾਸਲ ਹੈ ਕਿ ਸਿੱਖ ਕੌਮ ਜ਼ੁਲਮ ਅਤੇ ਜਾਲਮ ਦਾ ਨਾਸ ਕਰਨ ਦਾ ਜਿਗਰਾ ਵੀ ਰੱਖਦੀ ਹੈ। ਉਨ੍ਹਾਂ ਕਿਹਾ ਕਿ ਐਨੀ ਮਹਾਨ ਪਰੰਪਰਾ ਦੀ ਵਾਰਸ ਸਿੱਖ ਕੌਮ ਨੂੰ ਇਕਜੁੱਟ ਤੇ ਇੱਕਮੁੱਠ ਹੋ ਕੇ ਕੌਮੀ ਸੰਗਠਨ ਦੀ ਭਾਵਨਾ ਦਾ ਪ੍ਰਗਟਾਵਾ ਕਰਨਾ ਅਤਿ ਲੋੜੀਂਦਾ ਹੈ ਤਾਂ ਜੋ ਪੂਰੀ ਦੁਨੀਆਂ ਅੰਦਰ ਸਿੱਖ ਕੌਮ ਦੀ ਚੜ੍ਹਦੀ ਕਲਾ ਦੇ ਝੰਡੇ ਬੁਲੰਦ ਰਹਿਣ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਦਸਮ ਪਾਤਸ਼ਾਹ ਜੀ ਦੇ ਛੋਟੇ ਲਾਲਾਂ ਅਤੇ ਮਾਤਾ ਜੀ ਦੇ ਜੀਵਨ ਤੇ ਸ਼ਹਾਦਤ ਤੋਂ ਸਮੁੱਚੀ ਲੋਕਾਈ ਨੂੰ ਸੇਧ ਲੈਣ ਦੀ ਲੋੜ ਹੈ। ਇਸ ਮੌਕੇ ਤੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਸਾਕਾ ਸਰਹੰਦ ਦਾ ਦਿਹਾੜਾ ਸਮੁੱਚੀ ਕੌਮ ਦੇ ਹਿਰਦਿਆਂ ਨੂੰ ਪੀੜਾ ਦੇ ਰੂਬਰੂ ਕਰਵਾਉਂਦਾ ਹੈ। ਉਨ੍ਹਾਂ ਕਿਹਾ ਕਿ ਦਸਵੇਂ ਪਾਤਸ਼ਾਹ ਵੱਲੋਂ ਸਾਰਾ ਸਰਬੰਸ ਕੁਰਬਾਨ ਕਰਵਾਉਣ ਉਪਰੰਤ ਵੀ ਉਨ੍ਹਾਂ ਦੀਆਂ ਅੱਖਾਂ ਵਿਚ ਇੱਕ ਵੀ ਹੰਝੂ ਨਹੀਂ ਸੀ ਸਗੋਂ ਸਵੈਮਾਣ ਅਤੇ ਤਸੱਲੀ ਦਾ ਪ੍ਰਗਟਾਵਾ ਸੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜੈਪਾਲ ਸਿੰਘ ਮੰਡੀਆਂ ਤੇ ਸ. ਗੁਰਮੇਲ ਸਿੰਘ ਸੰਗਤਪੁਰਾ, ਮੈਂਬਰ ਸ. ਰਵਿੰਦਰ ਸਿੰਘ ਖਾਲਸਾ, ਸ. ਅਵਤਾਰ ਸਿੰਘ ਰਿਆ, ਸ. ਕਰਨੈਲ ਸਿੰਘ ਪੰਜੋਲੀ ਤੇ ਸ. ਗੁਰਪ੍ਰੀਤ ਸਿੰਘ ਰੰਧਾਵੇ ਵਾਲੇ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਨਿੱਜੀ ਸਕੱਤਰ, ਸ. ਹਰਭਜਨ ਸਿੰਘ ਮਨਾਵਾਂ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਕੇਵਲ ਸਿੰਘ ਐਡੀ. ਸਕੱਤਰ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ ਤੇ ਸ. ਹਰਜੀਤ ਸਿੰਘ ਮੀਤ ਸਕੱਤਰ, ਸੀਨੀਅਰ ਅਕਾਲੀ ਆਗੂ ਸ. ਦਰਬਾਰਾ ਸਿੰਘ ਗੁਰੂ, ਸ. ਦੀਦਾਰ ਸਿੰਘ ਭੱਟੀ ਤੇ ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਫੈਡਰੇਸ਼ਨ ਆਗੂ ਸ. ਕਰਨੈਲ ਸਿੰਘ ਪੀਰ ਮੁਹੰਮਦ, ਸ. ਦਲਮੇਘ ਸਿੰਘ ਸਾਬਕਾ ਸਕੱਤਰ, ਸ. ਨੱਥਾ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਇਲਾਵਾ ਲੱਖਾਂ ਦੀ ਤਦਾਦ ਵਿੱਚ ਸੰਗਤਾਂ ਹਾਜ਼ਰ ਸਨ। *੨੭ ਦਸੰਬਰ*

# ਗੁਰੂ ਕੇ ਲੰਗਰਾਂ ਵਿੱਚੋਂ ਪਲਾਸਟਿਕ ਦੇ ਬਰਤਨ ਬੰਦ ਕੀਤੇ ਜਾਣਗੇ- ਪ੍ਰੋ. ਬਡੂੰਗਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪ੍ਰਬੰਧਕੀ ਬਲਾਕ ਦੇ ਇਕੱਤਰਤਾ ਹਾਲ ਵਿਖੇ ਪੱਤਰਕਾਰ ਵਾਰਤਾ ਦੌਰਾਨ ਦੱਸਿਆ ਕਿ ਦਿਨੋਂ-ਦਿਨ ਵਾਤਾਵਰਣ ਦੇ ਹੋ ਰਹੇ ਗੰਦਲੇਪਨ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਹੁਤ ਚਿੰਤਤ ਹੈ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਬਖਸ਼ੇ ਸਿਧਾਂਤ

*(ਬਾਕੀ ਪੰਨਾ ੫੧ 'ਤੇ)*



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰੂ ਸਾਹਿਬਾਨ ਦੇ ਸ਼ਸਤਰਾਂ-ਬਸਤਰਾਂ ਦੇ ਦਰਸ਼ਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਸੰਗਤਾਂ।

(21 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਨੂੰ ਰਵਾਨਾ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਹਰਦੇਵ ਸਿੰਘ ਚੀਮਾ, ਸ. ਕਰਨੈਲ ਸਿੰਘ ਪੰਜੋਲੀ, ਸ. ਰਵਿੰਦਰ ਸਿੰਘ ਖਾਲਸਾ, ਸ. ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸੰਗਤਾਂ।

(21 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ ਤੋਂ ਰਵਾਨਾ ਕਰਨ ਸਮੇਂ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ 'ਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਸ. ਰਘੂਜੀਤ ਸਿੰਘ ਵਿਰਕ ਸਾਬਕਾ ਸੀਨੀਅਰ ਮੀਤ ਪ੍ਰਧਾਨ ਅਤੇ ਸੰਗਤਾਂ। (22 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ ਤੋਂ ਰਵਾਨਾ ਹੋਣ ਤੋਂ ਪਹਿਲਾਂ ਪੰਜ ਪਿਆਰੇ ਸਾਹਿਬਾਨ ਨਾਲ ਸ. ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਸ. ਰਘੂਜੀਤ ਸਿੰਘ ਵਿਰਕ ਸਾਬਕਾ ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਅਧਿਕਾਰੀ ਅਤੇ ਸੰਗਤਾਂ। (22 ਦਸੰਬਰ 2016)



ਗੁਰਦੁਆਰਾ ਪਾਤਸ਼ਾਹੀ ਪਹਿਲੀ ਤੇ ਦਸਵੀਂ ਕਪਾਲ ਮੋਚਨ ਤੋਂ ਨਗਰ ਕੀਰਤਨ ਦੀ ਰਵਾਨਗੀ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ 'ਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਸ. ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ ਅਤੇ ਸੰਗਤਾਂ। (23 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਪਾਤਸ਼ਾਹੀ ਪਹਿਲੀ ਤੇ ਦਸਵੀਂ ਕਪਾਲ ਮੋਚਨ ਤੋਂ ਨਗਰ ਕੀਰਤਨ ਦੀ ਰਵਾਨਗੀ ਸਮੇਂ ਪੰਜ ਪਿਆਰਿਆਂ ਨਾਲ ਸ. ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਬੀਬੀ ਮਨਜੀਤ ਕੌਰ ਮੈਂਬਰ, ਬਾਬਾ ਸੁੱਖਾ ਸਿੰਘ ਕਾਰ-ਸੇਵਾ ਵਾਲੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ ਅਤੇ ਸੰਗਤਾਂ। (23 ਦਸੰਬਰ 2016)



ਨਗਰ ਕੀਰਤਨ ਦੇ ਨਾਨਕਪੁਰਾ ਆਸ਼ਰਮ ਹਰਿਦੁਆਰ ਤੋਂ ਰਵਾਨਾ ਹੋਣ ਸਮੇਂ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਨਮਾਨਤ ਕਰਨ ਸਮੇਂ ਬਾਬਾ ਬਚਨ ਸਿੰਘ ਬੂਰੀ ਵਾਲੇ, ਬਾਬਾ ਗੋਪਾਲ ਸਿੰਘ ਨਿਰਮਲੇ, ਸ. ਚਾਨਣ ਸਿੰਘ ਮੀਤ ਸਕੱਤਰ ਤੇ ਸੰਗਤਾਂ। (24 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਤੋਂ ਅਗਲੇ ਪੜਾਅ ਲਈ ਰਵਾਨਾ ਹੋਣ ਸਮੇਂ ਦਾ ਦ੍ਰਿਸ਼। (25 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੀ ਗੁਰਦੁਆਰਾ ਸਾਹਿਬ (ਪੀਲੀਭੀਤ) ਤੋਂ ਰਵਾਨਗੀ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ 'ਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੀਆਂ ਹੋਈਆਂ ਸੰਗਤਾਂ। (26 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਲਖਨਊ ਤੋਂ ਰਵਾਨਗੀ ਸਮੇਂ ਫੁੱਲਾਂ ਨਾਲ ਸਜੀ ਪਾਲਕੀ ਸਾਹਿਬ ਨਾਲ ਪੰਜ ਪਿਆਰੇ, ਨਿਸ਼ਾਨਚੀ ਸਿੰਘ ਅਤੇ ਸੰਗਤਾਂ। (27 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਗੋਬਿੰਦ ਧਾਮ ਫੈਜ਼ਾਬਾਦ ਅਯੁੱਧਿਆ ਤੋਂ ਰਵਾਨਗੀ ਸਮੇਂ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨਾਲ ਸੰਗਤਾਂ।

(28 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਲਾਹਾਬਾਦ ਤੋਂ ਰਵਾਨਾ ਹੋਣ ਸਮੇਂ ਨਗਰ ਕੀਰਤਨ ਵਿਚ ਸ਼ਾਮਲ ਸਿੰਘ ਜਥੇਬੰਦੀ ਅਲਾਹਾਬਾਦ ਦੇ ਨੌਜਵਾਨ ਅਤੇ ਸੰਗਤਾਂ।

(29 ਦਸੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਚਾਚਾਫੱਗੂਮਲ ਜੀ, ਸਾਸਾਰਾਮ (ਬਿਹਾਰ) ਤੋਂ ਰਵਾਨਾ ਹੋਣ ਸਮੇਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਨਾਲ ਸ. ਬਿਜੇ ਸਿੰਘ ਐਡੀ. ਸਕੱਤਰ ਅਤੇ ਸੰਗਤਾਂ।

(31 ਦਸੰਬਰ 2016)



ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਯੋਜਿਤ ਨਗਰ ਕੀਰਤਨ ਸਮੇਂ ਪੰਜ ਪਿਆਰਿਆਂ ਦੀ ਅਗਵਾਈ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਪਾਲਕੀ ਸਾਹਿਬ 'ਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸੰਗਤਾਂ।

(3 ਦਸੰਬਰ 2016)



ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਵਾਤਾਵਰਣ ਸ਼ੁੱਧਤਾ ਲਹਿਰ ਸਬੰਧੀ ਹੋਈ ਇਕੱਤਰਤਾ ਸਮੇਂ ਸੰਬੋਧਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਬਾਬਾ ਬਲਬੀਰ ਸਿੰਘ ਸੀਚੇਵਾਲ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ, ਬੀਬੀ ਸੁਪ੍ਰੀਤ ਕੌਰ ਪ੍ਰਧਾਨ ਈਕੋ ਸਿੱਖ। ਹੇਠਾਂ: ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ। (15 ਦਸੰਬਰ 2016)



ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਵੱਲੋਂ ਸੰਪਾਦਤ ਪੁਸਤਕ 'ਦਸਮੇਸ਼ ਪ੍ਰਕਾਸ਼' ਲੋਕ ਅਰਪਣ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਸ. ਹਰਚਰਨ ਸਿੰਘ ਮੁੱਖ ਸਕੱਤਰ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸਾਹਿਬਾਨ। (17 ਦਸੰਬਰ 2016)



ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਅਸਥਾਨ ਤੇ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਕੁਲਵਿੰਦਰ ਸਿੰਘ। ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਅਧਿਕਾਰੀ, ਕਰਮਚਾਰੀ ਤੇ ਸੰਗਤਾਂ।

(3 ਦਸੰਬਰ 2016)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਸੁਲਤਾਨ ਸਿੰਘ ਅਤੇ ਅਰਦਾਸ 'ਚ ਸ਼ਾਮਲ ਸੰਗਤਾਂ।

(10 ਦਸੰਬਰ 2016)

(ਪੰਨਾ ੪੨ ਦਾ ਬਾਕੀ)

ਮੁਤਾਬਿਕ ਵਾਤਾਵਰਣ ਦੀ ਸ਼ੁੱਧਤਾ ਲਈ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਸਥਾਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਬਾਬਾ ਬਲਬੀਰ ਸਿੰਘ ਸੀਚੇਵਾਲ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ ਤੇ ਹੋਰ ਬਹੁਤ ਸਾਰੇ ਵਾਤਾਵਰਣ ਪ੍ਰੇਮੀਆਂ ਨਾਲ ਇਕੱਤਰਤਾ ਕੀਤੀ ਗਈ ਹੈ, ਜੋ ਵਾਤਾਵਰਣ ਦੀ ਸ਼ੁੱਧਤਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਨਾਲ ਪੂਰੀ ਤਰ੍ਹਾਂ ਸਹਿਮਤ ਹਨ। ਉਨ੍ਹਾਂ ਅੱਗੇ ਦੱਸਿਆ ਕਿ ੨੦੧੯ ਵਿੱਚ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਆ ਰਿਹਾ ਹੈ ਤੇ ਇਹ ਵਾਤਾਵਰਣ ਦੀ ਸ਼ੁੱਧਤਾ ਉਨ੍ਹਾਂ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਕਾਰਜ ਵਿੱਚ ਮੈਨੇਜਰ, ਕਥਾਵਾਚਕ, ਪ੍ਰਚਾਰਕ ਸਾਹਿਬਾਨ, ਵਾਤਾਵਰਣ ਪ੍ਰੇਮੀਆਂ ਨੂੰ ਨਾਲ ਲੈ ਕੇ ਇਕ ਟੀਮ ਦੇ ਤੌਰ ਤੇ ਕੰਮ ਕਰਦਿਆਂ ਲੋਕਾਂ ਨੂੰ ਇਸ ਮੁਹਿੰਮ ਬਾਰੇ ਜਾਗਰੂਕ ਕਰਨਗੇ। ਉਨ੍ਹਾਂ ਫਤਿਹਗੜ੍ਹ ਸਾਹਿਬ ਵਿਖੇ ਇਕੱਤਰਤਾ ਵਿੱਚ ਪਹੁੰਚੇ ਵਾਤਾਵਰਣ ਪ੍ਰੇਮੀਆਂ ਦਾ ਧੰਨਵਾਦ ਵੀ ਕੀਤਾ। ਨੌਜਵਾਨ ਪੀੜ੍ਹੀ ਬਾਰੇ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਤਿੰਨ ਜ਼ੋਨ ਬਣਾ ਕੇ ਇਕੱਤਰਤਾਵਾਂ ਕੀਤੀਆਂ ਗਈਆਂ ਹਨ। ਸ਼੍ਰੋਮਣੀ ਕਮੇਟੀ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਪ੍ਰਤੀ ਜਾਗਰੂਕ ਕਰਨ ਲਈ ਯਤਨਸ਼ੀਲ ਰਹੇਗੀ। ਉਨ੍ਹਾਂ ਅੱਗੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਫੈਸਲੇ ਮੁਤਾਬਿਕ ਰਿਹਾਇਸ਼ੀ ਸਰਾਵਾਂ ਦੇ ਕਮਰਿਆਂ ਦੀ ਬੁਕਿੰਗ ਆਨਲਾਈਨ ਕਰਨ ਦਾ ਕੰਮ ਜਾਰੀ ਹੈ। ਉਨ੍ਹਾਂ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧ ਨੂੰ ਹੋਰ ਸਹੀ ਢੰਗ ਨਾਲ ਚਲਾਉਣ ਲਈ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਰਾਗੀ ਸਿੰਘਾਂ ਨਾਲ ਜ਼ਰੂਰੀ ਵਿਚਾਰਾਂ ਕੀਤੀਆਂ ਗਈਆਂ ਹਨ। ਸਾਰੇ ਰਾਗੀ ਸਿੰਘਾਂ ਨੂੰ ਗੁਰਬਾਣੀ ਦੇ ਹੋਰ ਸ਼ੁੱਧ ਉਚਾਰਣ ਲਈ ਕਿਹਾ ਗਿਆ ਹੈ। ਉਨ੍ਹਾਂ ਦੱਸਿਆ ਕਿ ਰਾਗੀ ਸਿੰਘਾਂ ਦੀਆਂ ਜਿਹੜੀਆਂ ਵੀ ਮੁਸ਼ਕਿਲਾਂ ਹੋਣਗੀਆਂ ਉਸ ਸਬੰਧੀ ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ ਤੇ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਆਪਸੀ ਮਿਲ ਬੈਠ ਕੇ ਵਿਚਾਰ ਕਰਨਗੇ।

ਇਸ ਮੌਕੇ ਸ. ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਸੁਰਜੀਤ ਸਿੰਘ ਭਿੱਟੇਵੱਡ ਮੈਂਬਰ ਅੰਤ੍ਰਿੰਗ ਕਮੇਟੀ, ਸ. ਅਜਾਇਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਦਲਬੀਰ ਸਿੰਘ ਸ਼ਾਹ ਸਾਬਕਾ ਮੈਂਬਰ ਧਰਮ ਪ੍ਰਚਾਰ ਕਮੇਟੀ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਬਿਜੈ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਸਕੱਤਰ ਸਿੰਘ, ਸ. ਕੁਲਵਿੰਦਰ ਸਿੰਘ 'ਰਮਦਾਸ', ਸ. ਗੁਰਮੀਤ ਸਿੰਘ ਬੁੱਟਰ ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ ਆਦਿ ਹਾਜ਼ਰ ਸਨ। *੧੨ ਦਸੰਬਰ*

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹੋਵੇਗੀ 'ਵਾਤਾਵਰਨ ਸ਼ੁੱਧਤਾ ਲਹਿਰ' -ਪ੍ਰੋ: ਕਿਰਪਾਲ ਸਿੰਘ ਬਡੂੰਗਰ

ਸ੍ਰੀ ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜੀ ਦੀ ਅਗਵਈ ਹੇਠ ਸ਼ਹੀਦਾਂ ਦੀ ਪਾਵਨ ਪਵਿੱਤਰ ਧਰਤੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ (ਸਰਹਿੰਦ) ਵਿਖੇ ਵਿਸ਼ੇਸ਼ ਇਕਤਰਤਾ ਹੋਈ। ਇਸ ਇਕੱਤਰਤਾ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਗੰਭੀਰ ਵਿਚਾਰਾ ਕੀਤੀਆਂ ਗਈਆਂ। ਪੰਜਾਬ ਦੇ ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਨੂੰ ਸੁਧਾਰਨ ਲਈ ਹੋਈ ਇਸ ਇਕੱਤਰਤਾ ਵਿਚ ਸੰਤਾਂ-ਮਹਾਂਪੁਰਸ਼ਾਂ, ਨਿਹੰਗ ਸਿੰਘ ਜਥੇਬੰਦੀਆਂ, ਹਰ ਧਰਮ ਦੇ ਵਾਤਾਵਰਣ ਪ੍ਰੇਮੀਆਂ ਅਤੇ ਸੁਸਾਇਟੀਆਂ ਨੇ ਬਹੁਤ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਇਕੱਤਰਤਾ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਦਿਹਾੜੇ ਨੂੰ

ਸਮਰਪਿਤ ਵਾਤਾਵਰਣ ਸ਼ੁੱਧਤਾ ਲਹਿਰ ਨੂੰ ਵੱਡੇ ਪੱਧਰ 'ਤੇ ਉਲੀਕਣ ਸਬੰਧੀ ਗੰਭੀਰ ਵਿਚਾਰਾਂ ਹੋਈਆਂ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਖਾਲਸਾ ਪੰਥ ਨੂੰ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਬਹੁਤ ਵੱਡੀਆਂ ਉਮੀਦਾਂ ਹਨ। ਉਨ੍ਹਾਂ ਕਿਹਾ ਮੈਂ ਅੱਜ ਇਸ ਇਕੱਤਰਤਾ ਵਿੱਚ ਹਾਜ਼ਰ ਸਮੁੱਚੀਆਂ ਸੰਸਥਾਵਾਂ ਤੇ ਜਥੇਬੰਦੀਆਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਇਸ ਸੰਸਥਾ ਨੂੰ ਗੁਰੂ ਸਾਹਿਬਾਨ ਦੇ ਆਸੇ ਅਨੁਸਾਰ ਚਲਾਉਣ ਦੀ ਕੋਸ਼ਿਸ਼ ਕਰਾਂਗਾ। ਉਨ੍ਹਾਂ ਕਿਹਾ ਮੇਰੀ ਦਿਲੀ ਇੱਛਾ ਹੈ ਕਿ ਵਾਤਾਵਰਣ ਸਬੰਧੀ ਗੁਰੂ ਸਾਹਿਬਾਨ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਲਈ ਕੇਵਲ ਸਿੱਖ ਪੰਥ ਹੀ ਨਹੀਂ ਹਰ ਧਰਮ, ਹਰ ਵਰਗ, ਹਰ ਖਿੱਤੇ ਦੇ ਲੋਕਾਂ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ। ਇਸ ਨਿਸ਼ਾਨੇ ਨਾਲ ਅੱਜ ਹਰ ਸੰਸਥਾ ਨੂੰ ਇਸ ਇਕੱਤਰਤਾ ਵਿੱਚ ਬੁਲਾਇਆ ਗਿਆ ਹੈ ਅਤੇ ਜੋ ਰਹਿ ਗਏ ਹਨ ਉਨ੍ਹਾਂ ਨਾਲ ਵੀ ਬਹੁਤ ਜਲਦ ਸੰਪਰਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਾਤਰਵਰਣ ਦੀ ਸਾਂਭ ਸੰਭਾਲ ਲਈ ਇਕ ਵੱਖਰਾ ਵਿਭਾਗ ਸ. ਕੇਵਲ ਸਿੰਘ ਵਧੀਕ ਸਕੱਤਰ ਦੀ ਨਿਗਰਾਨੀ ਹੇਠ ਖੋਹਲ ਦਿੱਤਾ ਗਿਆ ਹੈ।ਕੋਈ ਵੀ ਲਹਿਰ ਹਮੇਸ਼ਾਂ ਜਨਤਾ ਤੋਂ ਹੀ ਉਜਾਗਰ ਹੁੰਦੀ ਹੈ ਤੇ ਇਨਕਲਾਬ ਵੀ ਜਨਤਾ ਹੀ ਲਿਆਉਂਦੀ ਹੈ। ਸਮੁੱਚੇ ਸੰਸਾਰ ਵਿੱਚ ਵਾਤਾਵਰਣ ਦੀ ਸ਼ੁੱਧਤਾ ਸਬੰਧੀ ਲਹਿਰ ਨੂੰ ਪ੍ਰਚੰਡ ਕਰਨ ਲਈ ਜਨਤਾ ਨੇ ਹੀ ਹੰਭਲਾ ਮਾਰਨਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮੇਰੀ ਆਵਾਜ਼ ਤੇ ਬਹੁਤ ਸਾਰੀਆਂ ਸੰਸਥਾਵਾਂ ਨੇ ਵਧ ਰਹੇ ਪ੍ਰਦੂਸ਼ਣ ਤੇ ਕੰਟਰੋਲ ਕਰਨ ਤੇ ਪਵਣ ਪਾਣੀ ਦੀ ਸ਼ੁੱਧਤਾ ਲਈ ਯੋਗਦਾਨ ਪਾਉਣ ਵਿੱਚ ਵਿਸ਼ਵਾਸ ਦਿਵਾਇਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਸਬੰਧੀ ਗੰਭੀਰ ਅਤੇ ਚਿੰਤਤ ਹੈ। ਪ੍ਰਧਾਨ ਸਾਹਿਬ ਨੇ ੧੪ ਮਾਰਚ ਵਾਲੇ ਦਿਨ ਨੂੰ 'ਸਿੱਖ ਵਾਤਾਵਰਣ ਦਿਵਸ' ਵਜੋਂ ਮਨਾਏ ਜਾਣ ਦਾ ਐਲਾਨ ਕੀਤਾ।

ਇਸ ਮੌਕੇ 'ਤੇ ਸੰਤ ਬਲਬੀਰ ਸਿੰਘ ਨਿਰਮਲ ਕੁਟੀਆ ਸੀਚੇਵਾਲ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਲਈ ਕੇਵਲ ਸ਼੍ਰੋਮਣੀ ਕਮੇਟੀ ਹੀ ਨਹੀਂ ਬਲਕਿ ਹਰ ਗੁਰੂ ਘਰ ਦੇ ਨਾਲ-ਨਾਲ ਮੰਦਰ, ਮਸੀਤਾਂ, ਗਿਰਜਾ ਘਰ, ਡੇਰਿਆਂ ਅਤੇ ਹੋਰ ਧਾਰਮਿਕ ਅਸਥਾਨਾ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਵੀ ਇਸ ਲਹਿਰ ਨੂੰ ਅੱਗੇ ਤੋਰਨ ਲਈ ਨਾਲ ਚੱਲਣਾ ਚਾਹੀਦਾ ਹੈ। ਪਾਣੀ ਤੇ ਹਵਾ ਦੇ ਪ੍ਰਦੂਸ਼ਿਤ ਹੋਣ ਨਾਲ ਅਸੀਂ ਭਿਆਨਕ ਬੀਮਾਰੀਆਂ ਦਾ ਸ਼ਿਕਾਰ ਹੁੰਦੇ ਜਾ ਰਹੇ ਹਾਂ। ਅੱਜ ਲੋੜ ਹੈ ਸਮੁੱਚੀ ਮਨੁੱਖਤਾ ਦੀ ਭਲਾਈ ਲਈ ਵਾਤਾਵਰਣ ਦੀ ਸਾਂਭ ਸੰਭਾਲ ਕੀਤੀ ਜਾਵੇ।

ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਕਿਹਾ ਕਿ ਵਿਚਾਰਾਂ ਦੇ ਨਾਲ-ਨਾਲ ਹਰ ਕੰਮ ਨੂੰ ਪ੍ਰੈਕਟੀਕਲੀ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿੱਥੇ ਵੱਧ ਤੋਂ ਵੱਧ ਬੂਟੇ ਲਾਉਣੇ ਹਨ ਓਥੇ ਉਨ੍ਹਾਂ ਦੀ ਸੇਵਾ ਸੰਭਾਲ ਕਰਨ ਦੀ ਵੀ ਬਹੁਤ ਜ਼ਰੂਰਤ ਹੈ। ਹਰ ਗੁਰੂ ਘਰ ਦੇ ਪੰਜ ਕਿੱਲੋਂ ਮੀਟਰ ਦੇ ਘੇਰੇ ਨੂ ਹਰਿਆ ਭਰਿਆ ਰੱਖਣ ਲਈ ਬੂਟੇ ਲਗਾਉਣ ਦਾ ਉਪਰਾਲਾ ਕਰਨਾ ਚਾਹੀਦਾ ਹੈ। ਈਕੋ ਸਿੱਖ ਦੀ ਪ੍ਰਧਾਨ ਬੀਬਾ ਸੁਪ੍ਰੀਤ ਕੌਰ ਨੇ ਕਿਹਾ ਕਿ ਦੀਵਾਲੀ ਤੇ ਹੋਲਾ ਮਹੱਲਾ ਪ੍ਰਦੂਸ਼ਣ ਰਹਿਤ ਮਨਾਇਆ ਜਾਵੇ। ਉਨ੍ਹਾਂ ਕਿਹਾ ਕਿ ਹੌਲਾ ਮਹੱਲਾ ਤੇ ਦੀਵਾਲੀ ਵੀ ਗਰੀਨ ਮਨਾਈ ਜਾਵੇ।

ਇਸ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੰਤ ਬਲਬੀਰ ਸਿੰਘ ਸੀਚੇਵਾਲ, ਸੰਤ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ ਅਤੇ ਬੀਬੀ ਸੁਰਿੰਦਰ ਕੌਰ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਮੋਤੀ ਰਾਮ ਮਹਿਰਾ ਯਾਦਾਰੀ ਟਰੱਸਟ ਵੱਲੋਂ ਸਿਰੋਪਾਓ ਤੇ ਲੋਈ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਪ੍ਰਮੁੱਖ ਸਖ਼ਸ਼ੀਅਤਾਂ ਦੇ ਇਲਾਵਾ ਸ. ਗੁਰਮੀਤ ਸਿੰਘ ਤੇ ਸ. ਗੁਰਿੰਦਰਪਾਲ ਸਿੰਘ ਫਾਊਂਡਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਬਾਬਾ ਸੰਤੋਖ ਸਿੰਘ ਹਮੀਰਾ, ਸ. ਹਰਦੀਪ ਸਿੰਘ ਸਨੌਲ, ਸ. ਗੁਰਦਿਆਲ ਸਿੰਘ ਸੀਤਲ, ਬਾਬਾ ਇੰਦਰ ਸਿੰਘ ਬੁੱਢਾ ਦਲ, ਸੰਤ ਦਰਵਾਰਾ ਸਿੰਘ ਰੋਹੀ ਸਾਹਿਬ ਵਾਲੇ, ਸ. ਗੁਰਮੇਲ ਸਿੰਘ ਭਗਤ ਪੂਰਨ ਸਿੰਘ ਵਾਤਾਵਰਣ ਸੰਭਾਲ ਸੁਸਾਇਟੀ, ਸ. ਰਣਧੀਰ ਸਿੰਘ ਚੀਮਾ ਮੈਂਬਰ ਸ਼੍ਰੋਮਣੀ ਕਮੇਟੀ ਨੇ ਵੀ ਸੰਬੌਧਨ ਕੀਤਾ। ਇਕੱਤਰਤਾ ਦੇ ਅਖੀਰ ਵਿੱਚ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ ਨੇ ਹਾਜ਼ਰ ਸੰਤਾਂ-ਮਹਾਂਪੁਰਸ਼ਾਂ, ਨਿਹੰਗ ਸਿੰਘ ਜਥੇਬੀਦੀਆਂ, ਧਾਰਮਿਕ ਸੁਸਾਇਟੀਆਂ ਅਤੇ ਸੰਸਥਾਵਾਂ ਦਾ ਧੰਨਵਾਦ ਕੀਤਾ ।

ਇਸ ਮੌਕੇ ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ, ਸ. ਕਰਨੈਲ ਸਿੰਘ ਪੰਜੋਲੀ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖਾਲਸਾ, ਸ. ਰਣਧੀਰ ਸਿੰਘ ਚੀਮਾ ਤੇ ਸ. ਦਵਿੰਦਰ ਸਿੰਘ ਖਟੜਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿੱਜੀ ਸਕੱਤਰ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਕੇਵਲ ਸਿੰਘ ਵਧੀਕ ਸਕੱਤਰ, ਸ. ਸਿਮਰਜੀਤ ਸਿੰਘ ਮੀਤ ਸਕੱਤਰ ਮੀਡੀਆ, ਸ. ਨੱਥਾ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ, ਸ. ਗੁਰਮੀਤ ਸਿੰਘ ਮੈਨੇਜਰ ਗੁਰਦੁਆਰਾ ਸਾਹਿਬ ਮਾਛੀਵਾੜਾ, ਸ. ਜੋਗਾ ਸਿੰਘ ਗੁਰਦੁਆਰਾ ਸਾਹਿਬ ਪਾ: ਨੌਵੀਂ ਬਹਾਦਰਗੜ੍ਹ, ਸ. ਅਮਰਜੀਤ ਸਿੰਘ ਮੈਨੇਜਰ ਗੁਰਦੁਆਰਾ ਅੰਬ ਸਾਹਿਬ ਮੋਹਾਲੀ, ਸ. ਜਸਬੀਰ ਸਿੰਘ ਮੈਨੇਜਰ ਗੁਰਦੁਆਰਾ ਭੱਠਾ ਸਾਹਿਬ ਰੋਪੜ, ਸ. ਗੁਰਦੀਪ ਸਿੰਘ ਕੰਗ ਮੈਨੇਜਰ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਰਾਣਵਾਂ, ਬਾਬਾ ਗੁਰਜੀਤ ਸਿੰਘ ਜੀ, ਸੰਤ ਬਾਬਾ ਅਵਤਾਰ ਸਿੰਘ ਜੀ ਬਾਬਾ ਬਿਧੀ ਚੰਦ ਦਲ ਤੇ ਬਾਬਾ ਨਿਹਾਲ ਸਿੰਘ ਜੀ, ਸੰਤ ਬਾਬਾ ਘੋਲਾ ਸਿੰਘ ਜੀ ਕਾਰਸੇਵਾ ਸਰਹਾਲੀ ਤੇ ਬਾਬਾ ਗੁਰਪਾਲ ਸਿੰਘ ਜੀ, ਸੰਤ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਵਾਲੇ ਤੇ ਬਾਬਾ ਬਲਜਿੰਦਰ ਸਿੰਘ ਜੀ, ਸੰਤ ਬਾਬਾ ਅਵਤਾਰ ਸਿੰਘ ਜੀ ਟਿੱਬੀ ਸਾਹਿਬ ਰੋਪੜ ਤੇ ਬਾਬਾ ਅਜੇ ਸਿੰਘ ਜੀ, ਸੰਤ ਬਾਬਾ ਮੱਖਣ ਸਿੰਘ ਜੀ ਤਰਨਾਦਲ ਬਾਬਾ ਬਕਾਲਾ ਤੇ ਬਾਬਾ ਸੁੱਖਾ ਸਿੰਘ ਜੀ, ਸੰਤ ਬਾਬਾ ਲਾਭ ਸਿੰਘ ਜੀ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਤੇ ਬਾਬਾ ਸ਼ਮਸ਼ੇਰ ਸਿੰਘ ਜੀ, ਸੰਤ ਬਾਬਾ ਬਲਵੀਰ ਸਿੰਘ ਜੀ ਬੁੱਢਾਦਲ ਤੇ ਬਾਬਾ ਜੱਸਾ ਸਿੰਘ ਜੀ, ਸੰਤ ਬਾਬਾ ਬਲਬੀਰ ਸਿੰਘ ਜੀ ਸੀਚੇਵਾਲ, ਸੰਤ ਬਾਬਾ ਅਮਰੀਕ ਸਿੰਘ ਜੀ ਖੁਖਰੈਣ, ਸੰਤ ਬਾਬਾ ਲੀਡਰ ਸਿੰਘ ਜੀ ਸੈਫਲਾਬਾਦ, ਸੰਤ ਬਾਬਾ ਦਇਆ ਸਿੰਘ ਜੀ ਟਾਹਲੀ ਸਾਹਿਬ, ਸੰਤ ਬਾਬਾ ਜਗਜੀਤ ਸਿੰਘ ਜੀ ਹਰਖੋਵਾਲ ਵਾਲੇ, ਸੰਤ ਬਾਬਾ ਜਗਤਾਰ ਸਿੰਘ ਜੀ ਕਾਰਸੇਵਾ ਤਰਨਾਦਲ ਤੇ ਬਾਬਾ ਜੋਗਾ ਸਿੰਘ ਜੀ, ਸੰਤ ਬਾਬਾ ਹਰਨਾਮ ਸਿੰਘ ਜੀ ਮਹਿਤਾ ਚੌਂਕ ਤੇ ਬਾਬਾ ਹਰਮਨਦੀਪ ਸਿੰਘ ਜੀ, ਸੰਤ ਬਾਬਾ ਮਾਨ ਸਿੰਘ ਜੀ ਮੜੀਆਂ ਵਾਲੇ ਬਟਾਲਾ ਤੇ ਬਾਬਾ ਰਾਮ ਸਿੰਘ ਜੀ, ਸੰਤ ਬਾਬਾ ਮੇਜਰ ਸਿੰਘ ਜੀ ਦਸਮੇਸ਼ ਦਲ ਬਟਾਲਾ ਤੇ ਬਾਬਾ ਕੁਲਵੰਤ ਸਿੰਘ ਜੀ, ਸੰਤ ਬਾਬਾ ਜੋਗਾ ਸਿੰਘ ਜੀ ਸ਼ਹੀਦ ਬਾਬਾ ਜੀਵਨ ਸਿੰਘ ਦਲ ਬਟਾਲਾ, ਸੰਤ ਬਾਬਾ ਹਰਜੀਤ ਸਿੰਘ ਜੀ ਗਰੀਬ ਨਿਵਾਜ ਟਰੱਸਟ ਬਟਾਲਾ, ਭਾਈ ਰਜਿੰਦਰ ਸਿੰਘ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਬਟਾਲਾ, ਬਾਬਾ ਪਰਮਜੀਤ ਸਿੰਘ ਜੀ ਰਾੜਾ ਸਾਹਿਬ ਵਾਲੇ, ਬਾਬਾ ਕਸ਼ਮੀਰਾ ਸਿੰਘ ਜੀ ਗੁ:ਸਿੱਧਸਰ ਸਾਹਿਬ ਅਲੋਹਰਾ (ਨਾਭਾ), ਬਾਬਾ ਅਮਰੀਕ ਸਿੰਘ ਜੀ ਕਾਰਸੇਵਾ ਪਟਿਆਲੇ ਵਾਲੇ, ਬਾਬਾ ਪਰਮਜੀਤ ਸਿੰਘ ਜੀ ਹੰਸਲੀ ਵਾਲੇ, ਬਾਬਾ ਗੁਲਜ਼ਾਰ ਸਿੰਘ ਜੀ ਕਾਰਸੇਵਾ ਦਿੱਲੀ ਵਾਲੇ (ਗੁਰਦੁਆਰਾ ਫਤਹਿਗੜ੍ਹ ਸਾਹਿਬ), ਜਥੇਦਾਰ ਬਾਬਾ ਬਹਾਦਰ ਸਿੰਘ ਜੀ ਬਾਬਾ ਬਿਕਰਮ ਸਿੰਘ ਜੀ ਗੁ:ਥੇਹ ਸਾਹਿਬ ਧੂੰਦਾ (ਨਿਰਮਲੇ) ਬਾਬਾ ਮੁਖਤਿਆਰ ਸਿੰਘ ਜੀ ਕਾਰਸੇਵਾ ਝੰਡੇਰ, ਬਾਬਾ ਨੰਦ ਸਿੰਘ ਜੀ ਬਾਬਾ ਬਿਧੀ ਚੰਦ ਦਲ ਮੁੰਡਾਪਿੰਡ, ਬਾਬਾ ਬੰਤਾ ਸਿੰਘ ਜੀ, ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਗੁਰਪੁਰੀ ਸਰਹਾਲੀ ਸਾਹਿਬ, ਬਾਬਾ ਸਰਦਾਰਾ ਸਿੰਘ ਜੀ ਕਾਰਸੇਵਾ ਛਾਪੜੀ ਸਾਹਿਬ, ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਬੋਪਾਰਾਏ (ਅੰਮ੍ਰਿਤਸਰ), ਬਾਬਾ ਮੇਜਰ ਸਿੰਘ ਜੀ ਮਾਂਗਾਸਰਾਏ (ਅੰਮ੍ਰਿਤਸਰ), ਬਾਬਾ ਅਮਰ ਸਿੰਘ ਜੱਬੋਵਾਲ (ਅੰਮ੍ਰਿਤਸਰ), ਬਾਬਾ ਸੁਰਜਣ ਸਿੰਘ ਬੁਤਾਲਾ (ਅੰਮ੍ਰਿਤਸਰ), ਬਾਬਾ ਜਸਵੰਤ ਸਿੰਘ ਗੁ:ਢਾਲਸਰ ਦੋਲੋਨੰਗਲ, ਭਾਈ ਜਤਿੰਦਰ ਸਿੰਘ ਜੀ ਪ੍ਰਧਾਨ ਕਲਗੀਧਰ ਸਭਾ, ਬਾਬਾ ਬਕਾਲਾ, ਭਾਈ ਪ੍ਰਭਜੀਤ ਸਿੰਘ ਜੀ ਪ੍ਰਧਾਨ ਗੁਰਮਤਿ ਪ੍ਰਚਾਰ ਨਾਭਾ, ਬਾਬਾ ਬਲਜਿੰਦਰ ਸਿੰਘ ਜੀ ਡੇਰਾ ਬਾਬਾ ਸੰਤੋਖ ਸਿੰਘ ਜੀ ਸ਼ੁਰਾਪੁਰ ਵਾਲੇ, ਬਾਬਾ ਹਰਦੀਪ ਸਿੰਘ ਜੀ ਡੇਰਾ ਰਾੜਾ ਸਾਹਿਬ, ਬਾਬਾ ਆਤਮਾ ਸਿੰਘ ਜੀ ਡੇਰਾ ਭੂਰੀ ਵਾਲੇ, ਬਾਬਾ ਹਰਨੇਕ ਸਿੰਘ ਜੀ ਡੇਰਾ ਨਸਲਪੁਰ ਵਾਲੇ, ਬਾਬਾ ਦਰਬਾਰਾ ਸਿੰਘ ਜੀ ਡੇਰਾ ਪਿੰਡ ਮਹਦੀਆ, ਬਾਬਾ ਬਲਬੀਰ ਸਿੰਘ ਡੇਰਾ ਸਿਹੋੜੇ ਵਾਲੇ, ਬਾਬਾ ਭਿੰਦਰ ਸਿੰਘ ਡੇਰਾ ਬਾਬਾ ਸ੍ਰੀ ਚੰਦ ਵਾਲੇ, ਬਾਬਾ ਬਲਵਿੰਦਰ ਸਿੰਘ ਜੀ ਡੇਰਾ ਬਾਬਾ ਬਲਵਿੰਦਰ ਸਿੰਘ ਨੇੜੇ ਜੋਤੀ ਸਰੂਪ ਸਾਹਿਬ, ਸੰਤ ਹਰੀ ਸਿੰਘ ਜੀ ਡੇਰਾ ਰੰਧਾਵੇ ਵਾਲਿਆਂ ਦਾ, ਬਾਬਾ ਅਜੈਬ ਸਿੰਘ ਜੀ ਕਾਰ ਸੇਵਾ ਮੱਖਣ ਵਿੰਡੀ, ਬਾਬਾ ਮਨਮੋਹਣ ਸਿੰਘ ਜੀ, ਗੁ:ਬੀਰ ਸਿੰਘ ਜੀ ਭੰਗਾਨੀ, ਸੰਤ ਬਾਬਾ ਕ੍ਰਿਪਾਲ ਦਾਸ ਜੀ ਸਰਹਾਨਾ ਵਾਲੇ, ਬਾਬਾ ਸਵਿੰਦਰ ਸਿੰਘ ਜੀ ਟਾਹਲੀ ਸਾਹਿਬ, ਬਾਬਾ ਸੱਜਣ ਸਿੰਘ ਗੁ:ਬੇਰ ਸਾਹਿਬ ਬੋਧਰਾਏ, ਬਾਬਾ ਮੁਹਤੇਜ ਸਿੰਘ ਖਜਾਨਾ, ਬਾਬਾ ਕਰਨੈ ਸਿੰਘ ਜੀ ਭੇਗੇ ਵਾਲ, ਮਾਸਟਰ ਅਵਤਾਰ ਸਿੰਘ ਜੀ, ਸ. ਸੁਖਵੰਤ ਸਿੰਘ ਜੀ ਸੇਵਕ ਜਥਾ ਇਸ਼ਨਾਨ ਰਾਮਦਾਸ, ਸ. ਸਵਿੰਦਰ ਸਿੰਘ ਜੀ ਸੁਖਮਨੀ

ਸਾਹਿਬ ਸੇਵਾ ਸੁਸਾਇਟੀ ਰਾਮਦਾਸ, ਸ. ਅਵਤਾਰ ਸਿੰਘ ਗੁਰੂ ਨਾਨਕ ਸੇਵਕ ਜਥਾ ਰਾਮਦਾਸ, ਸ. ਗੁਰਦੀਪ ਸਿੰਘ ਨਿਹੰਗ ਸਿੰਘ ਜਥੇਬੰਦੀ ਰਾਮਦਾਸ, ਸ. ਇੰਦਰਜੀਤ ਸਿੰਘ, ਬਾਬਾ ਸਰਬਜੀਤ ਸਿੰਘ ਉਦਾਸੀਏ, ਬਾਬਾ ਬਲਵਿੰਦਰ ਸਿੰਘ ਨਾਨਕਸਰੀਏ, ਹੰਸ ਦਾਸ ਡੇਰਾ ਉਦਾਸੀਨ ਵੱਡਾ ਅਖਾੜਾ, ਹਰਜਸ ਡੇਰਾ ਉਦਾਸੀਨ, ਗੁਰਮੇਲ ਸਿੰਘ ਠਾਠ ਨਾਨਕਸਰ, ਪ੍ਰਭਜੋਤ ਸਿਘ ਡੇਰਾ ਬਾਬਾ ਮਸਤਾਨ ਸਿੰਘ, ਬਾਬਾ ਪ੍ਰੀਤਮ ਸਿੰਘ ਜੀ ਡੇਰਾ ਕਾਰਸੇਵਾ ਦਿੱਲੀ ਵਾਲੇ, ਬਾਬਾ ਸੁਖਦੇਵ ਸਿੰਘ ਜੀ ਡੇਰਾ ਬਾਬਾ ਰੂਸੀਵਾਲੇ, ਬਾਬਾ ਮੱਖਣ ਸਿੰਘ ਜੀ ਬਾਬਾ ਬਕਾਲਾ ਸਾਹਿਬ, ਬਾਬਾ ਗੱਜਣ ਸਿੰਘ ਬਾਬਾ ਬਕਾਲਾ ਸਾਹਿਬ, ਬਾਬਾ ਹਰਨਾਮ ਸਿੰਘ ਮਹਿਤਾ, ਬਾਬਾ ਘੇਲਾ ਸਿੰਘ ਜੀ ਸਰਹਾਲੀ ਕਲਾਂ, ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ, ਬਾਬਾ ਮੇਜਰ ਸਿੰਘ ਜੀ ਮਾਂਗਾਸਰਾਏ, ਬਾਬਾ ਅਮਰ ਸਿੰਘ ਜੀ, ਜੱਬੋਵਾਲ, ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ, ਬਾਬਾ ਸੁਰਜਨ ਸਿੰਘ ਜੀ ਡੇਰਾ ਬਾਬਾ ਨੱਥਾ ਸਿੰਘ ਜੀ, ਬਾਬਾ ਜਸਵੰਤ ਸਿੰਘ ਜੀ ਗੁ:ਢਾਬਸਰ ਸਾਹਿਬ, ਭਾਈ ਜਸਵਿੰਦਰ ਸਿੰਘ ਜੀ ਬਾਬਾ ਬਕਾਲਾ ਸਾਹਿਬ, ਭਾਈ ਪ੍ਰਭਜੀਤ ਸਿੰਘ ਜੀ ਬਾਬਾ ਬਕਾਲਾ ਸਾਹਿਬ, ਮਾਸਟਰ ਇਕਬਾਲ ਸਿੰਘ ਜੀ ਬਾਬਾ ਬਕਾਲਾ ਸਾਹਿਬ, ਬਾਬਾ ਗੁਰਮੇਲ ਸਿੰਘ, ਭਗਤ ਮਿਲਖਾ ਸਿੰਘ ਜੀ, ਸ. ਸਾਹਿਬ ਸ੍ਰੀ ਸਿੰਘ ਸਭਾ ਫਿਰੋਜ਼ਪੁਰ, ਸ੍ਰੀ ਅਕਾਲਗੜ੍ਹ ਸੁਸਾਇਟੀ, ਮਾਤਾ ਸਾਹਿਬ ਕੌਰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਗੁ: ਫਿਰੋਜ਼ਪੁਰ, ਪ੍ਰਧਾਨ ਖਾਲਸਾ, ਬਾਬਾ ਗੁਰਨਾਮ ਸਿੰਘ ਜੀ, ਸ. ਹਰਪਾਲ ਸਿੰਘ, ਬਾਬਾ ਗੱਫਾ ਸਿੰਘ ਗੁ:ਭਾੜੀ ਸਾਹਿਬ, ਬਾਬਾ ਹਰਜਿੰਦਰ ਸਿੰਘ ਜੀ ਗੁ:ਭਾਈ ਸੰਗਤ ਸਿੰਘ ਜੀ, ਬਾਬਾ ਮਨਜੀਤ ਸਿੰਘ ਜੀ ਗੁ:ਨਾਨਕਸਰ ਠਾਠ, ਸ. ਗੁਰਮੀਤ ਸਿਘ ਜੀ ਬੁੰਗਾ ਸਾਹਿਬ, ਸੰਤ ਹਰਦੇਵ ਸਿੰਘ ਜੀ ਗੁ:ਪੰਜ ਪਿਆਰੇ ਸਾਹਿਬ, ਬਾਬਾ ਕਰਮ ਸਿੰਘ ਜੀ, ਗੁ:ਬੀਬੀ ਸ਼ਰਨ ਕੌਰ ਜੀ, ਸੰਤ ਪ੍ਰਭਦਾਸ ਜੀ ਡੇਰਾ ਬਾਬਾ ਬੁੱਧ ਦਾਸ ਜੀ, ਭਾਈ ਅਮਰਜੀਤ ਸਿੰਘ ਜੀ ਗੁ:ਰਣਜੀਤਗੜ੍ਹ ਸਾਬਿ ਜੀ, ਸੰਤ ਬਾਬਾ ਤਰਲੋਕ ਸਿੰਘ ਜੀ ਗੁ:ਨਰੈਣ ਪੁਰੀ ਹਮੀਰਾ, ਸੰਤ ਬਾਬਾ ਬਖਸ਼ੀਸ਼ ਸਿੰਘ ਜੀ, ਸੰਤ ਬਾਬਾ ਸੁਲੱਖਣ ਸਿੰਘ ਜੀ ਘੁਗਬੇਟ, ਸੰਤ ਬਾਬਾ ਨਿਰਮਲ ਸਿੰਘ ਜੀ ਬੂੜੇਵਾਲ, ਸੰਤ ਬਾਬਾ ਸ਼ਮਸ਼ੇਰ ਸਿੰਘ ਜੀ ਨਰੈਣਗੜ੍ਹ ਸੰਗੋਜਲਾ, ਸੰਤ ਬਾਬਾ ਮਨਜੀਤ ਸਿੰਘ ਗੁ:ਗੁਰੂ ਨਾਨਕ ਨਗਰ ਡੋਗਰਾਵਾਲਾ ਆਦਿ ਹਾਜ਼ਰ ਸਨ। *੧੦ ਦਸੰਬਰ*

# ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਦੀ ਤਸਵੀਰ ਸੁਸ਼ੋਭਿਤ ਕੀਤੀ

## ਗਿਆਨੀ ਤਰਲੋਚਨ ਸਿੰਘ ਸੱਚੇ ਪੰਥਕ ਸੇਵਾਦਾਰ ਸਨ- ਪ੍ਰੋ: ਕਿਰਪਾਲ ਸਿੰਘ ਬਡੂੰਗਰ

ਅੰਮ੍ਰਿਤਸਰ– ਪੰਥ ਦੀ ਸਰਵਉੱਚ ਸਖ਼ਸ਼ੀਅਤ, ਨਾਮ ਬਾਣੀ ਦੇ ਰਸੀਏ, ਪੰਥਕ ਸੋਚ ਦੇ ਧਾਰਨੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਦੇ ਸਾਬਕਾ ਜਥੇਦਾਰ ਸਵਰਗੀ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਦੀ ਤਸਵੀਰ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸੁਸ਼ੋਭਿਤ ਕੀਤੀ ਗਈ। ਉਨ੍ਹਾਂ ਦੀ ਤਸਵੀਰ ਤੋਂ ਪਰਦਾਕਸੀ ਦੀ ਰਸਮ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਅਤੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਦਾ ਕੀਤੀ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕੀਰਤਨੀਏ ਭਾਈ ਰਾਏ ਸਿੰਘ ਦੇ ਰਾਗੀ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਭਾਈ ਸਲਵਿੰਦਰ ਸਿੰਘ ਨੇ ਕੀਤੀ।

ਇਸ ਸਮੇਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਇਨਸਾਨੀ ਕਦਰਾਂ ਕੀਮਤਾਂ 'ਤੇ ਪਹਿਰਾ ਦੇਣਾ ਅਤੇ ਆਪਣੀ ਉਸਾਰੂ ਸੋਚ ਨੂੰ ਪੰਥਕ ਕਾਰਜਾਂ ਵਿਚ ਲਗਾ ਕੇ ਸਿੱਖ ਕੌਮ ਨੂੰ ਨਵੀਂ ਸੇਧ ਪ੍ਰਦਾਨ ਕਰਨ ਵਾਲੀ ਉੱਘੀ ਪੰਥਕ ਸ਼ਖਸੀਅਤ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਸਾਬਕਾ ਜੱਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਅਨੰਦਰਪੁਰ

ਸਾਹਿਬ) ਇੱਕ ਸੱਚੇ ਪੰਥਕ ਸੇਵਾਦਾਰ ਸਨ, ਜਿਨ੍ਹਾਂ ਨੇ ਗਿਆਰਾਂ ਸਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਸੇਵਾ-ਸੰਭਾਲ ਬਤੌਰ ਸਿੰਘ ਸਾਹਿਬ ਵਜੋਂ ਪੂਰੀ ਨਿਸ਼ਠਾ ਦੇ ਦਿਆਨਤਦਾਰੀ ਨਾਲ ਨਿਭਾਅ ਕੇ ਸੇਵਾ ਦੀ ਇੱਕ ਅਲੌਕਿਕ ਮਿਸਾਲ ਕਾਇਮ ਕੀਤੀ।

ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਸਮਾਗਮ ਵਿਚ ਹਾਜ਼ਰ ਸੰਗਤਾਂ ਨੂੰ ਆਪਣੇ ਸੰਬੋਧਨ ਵਿਚ ਕਿਹਾ ਕਿ ਸਿੱਖ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਦੀ ਮੁਹਿੰਮ ਨੂੰ ਪ੍ਰਚੰਡ ਕਰਨ ਵਾਲੇ, ਪੰਥਕ ਏਕਤਾ ਦੇ ਧਾਰਨੀ ਅਤੇ ਸੰਗਤਾਂ ਅੰਦਰ ਸੇਵਾ ਦੇ ਸੰਕਲਪ ਨੂੰ ਉਭਾਰਨ ਵਾਲੇ ਗਿਆਨੀ ਤਰਲੋਚਨ ਸਿੰਘ ਜੀ ਬੇਸ਼ੱਕ ਸਰੀਰਕ ਤੌਰ 'ਤੇ ਸਾਨੂੰ ਤਿੰਨ ਸਾਲ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਹਨ, ਪਰ ਉਨ੍ਹਾਂ ਵੱਲੋਂ ਕੀਤੇ ਗਏ ਪੰਥਕ ਕਾਰਜਾਂ ਦੀਆਂ ਵਡਮੁੱਲੀਆਂ ਯਾਦਾਂ ਹਮੇਸ਼ਾਂ ਸਾਡੇ ਅੰਗ ਸੰਗ ਵੱਸਦੀਆਂ ਰਹਿਣਗੀਆਂ। ਇਸੇ ਉਦੇਸ਼ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੀ ਯੋਗ ਅਗਵਾਈ ਹੇਠ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਗਿਆਨੀ ਜੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਸ਼ੋਭਿਤ ਕਰਨਾ ਸਮੁੱਚੇ ਪੰਥ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਸ਼ਹੀਦਾਂ, ਪੰਥ ਦੀ ਚੜ੍ਹਦੀ ਕਲਾ ਕਰਨ ਵਾਲੀਆਂ ਤੇ ਸਿੱਖੀ ਦੇ ਝੰਡੇ ਨੂੰ ਸੰਸਾਰ ਪੱਧਰ 'ਤੇ ਬੁਲੰਦ ਕਰਨ ਵਾਲੀਆਂ ਪ੍ਰਮੁੱਖ ਸ਼ਖਸੀਅਤਾਂ ਦੀਆਂ ਤਸਵੀਰਾਂ ਨੂੰ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕਰਨਾ ਆਪਣੀ ਵਿਰਾਸਤ ਦੀ ਸੰਭਾਲ ਕਰਨ ਵਾਲਾ ਵੱਡਮੁੱਲਾ ਕਾਰਜ ਹੈ। ਜਿਸ ਸਦਕਾ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਮਹਾਨ ਪੰਥਕ ਸ਼ਖਸੀਅਤਾਂ ਦੇ ਕਾਰਜਾਂ ਅਤੇ ਸਿੱਖੀ ਦੇ ਸ਼ਾਨਾਂਮੱਤੇ ਇਤਿਹਾਸ ਤੋਂ ਜਾਣੂੰ ਹੋ ਕੇ ਆਪਣੀ ਵਿਰਾਸਤ ਨਾਲ ਜੁੜ ਸਕਣਗੀਆਂ। ਇਸ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ, ਸਿੰਘ ਸਾਹਿਬ ਗਿਆਨੀ ਮੱਲ ਸਿੰਘ ਤੇ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਨੇ ਸਵਰਗੀ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਦੀ ਧਰਮ ਪਤਨੀ ਬੀਬੀ ਅਵਤਾਰ ਕੌਰ, ਸਪੁੱਤਰ ਸ. ਹਰਦੇਵ ਸਿੰਘ ਅਤੇ ਉਨ੍ਹਾਂ ਦੀਆਂ ਦੋਵੇਂ ਸਪੁੱਤਰੀਆਂ ਬੀਬੀ ਪਰਮਿੰਦਰ ਕੌਰ ਅਤੇ ਬੀਬੀ ਰਾਜਵਿੰਦਰ ਕੌਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀ: ਹੈਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਜੀ ਵੇਦਾਂਤੀ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਸੁਰਜੀਤ ਸਿੰਘ ਭਿੱਟੇਵੱਢ ਮੈਂਬਰ ਅੰਤ੍ਰਿੰਗ ਕਮੇਟੀ, ਸ. ਗੁਰਨਾਮ ਸਿੰਘ ਜੱਸਲ ਮੈਂਬਰ, ਸ. ਅਜੈਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਰਤਨ ਸਿੰਘ ਜਫਰਵਾਲ, ਬਾਬਾ ਤੀਰਥ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ, ਸ. ਸਤਪਾਲ ਸਿੰਘ ਅੰਬੈਸਡਰ ਆਫ ਸਿੱਖ ਧਰਮ, ਬਾਬਾ ਹਰਦਿਆਲ ਸਿੰਘ ਜੱਥਾ ਹਰੀਆਂ ਵੇਲਾਂ ਤਰਨਾ ਦਲ, ਬਾਬਾ ਸਵਰਨ ਸਿੰਘ ਸਰਾ ਪੱਤਣ, ਸ. ਹਰਦਲਬੀਰ ਸਿੰਘ ਸ਼ਾਹ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿੱਜੀ ਸਕੱਤਰ, ਸ. ਹਰਭਜਨ ਸਿੰਘ ਮਨਾਵਾਂ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਰਣਜੀਤ ਸਿੰਘ ਤੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਸਿਮਰਜੀਤ ਸਿੰਘ ਤੇ ਸ. ਕੁਲਵਿੰਦਰ ਸਿੰਘ ਰਮਦਾਸ ਮੀਤ ਸਕੱਤਰ, ਸ. ਮੁਖਤਾਰ ਸਿੰਘ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਸ. ਲਖਵਿੰਦਰ ਸਿੰਘ, ਸ. ਹਰਜਿੰਦਰ ਸਿੰਘ ਤੇ ਸ. ਇਕਬਾਲ ਸਿੰਘ ਐਡੀ: ਮੈਨੇਜਰ, ਗਿਆਨੀ ਸੁਖਵਿੰਦਰ ਸਿੰਘ ਜੀ ਸਾਬਕਾ ਹੈਡ ਗ੍ਰੰਥੀ ਤਖਤ ਸ੍ਰੀ ਕੇਸਗੜ੍ਹ ਸਾਹਿਬ, ਭਾਈ ਗੁਰਦਿਆਲ ਸਿੰਘ, ਬਾਬਾ ਸਵਰਨ ਸਿੰਘ, ਭਾਈ ਜਗਦੇਵ ਸਿੰਘ ਪ੍ਰਭਾਤ ਜੀਰਕਪੁਰ, ਸ. ਕੁਲਦੀਪ ਸਿੰਘ ਕਪੂਰਥਲਾ, ਸ. ਜਗਤਾਰ ਸਿੰਘ ਕੁਰਾਲਾ, ਭਾਈ ਰਾਮਜੀ ਦਾਸ (ਬਾਲੂ ਰਾਮਜੀ) ਤੇ ਭਾਈ ਦਿਲਦਾਰ ਸਿੰਘ ਆਦਿ ਹਾਜ਼ਰ ਸਨ। *੧੨ ਦਸੰਬਰ*

# ਪੰਜਾਬ ਦੇ ਸ਼ਾਂਤਮਈ ਮਾਹੌਲ ਨੂੰ ਭੰਗ ਨਹੀਂ ਹੋਣ ਦਿਆਂਗੇ- ਪ੍ਰੋ. ਬਡੂੰਗਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਲੁਧਿਆਣਾ ਦੇ ਚੰਦਰ ਨਗਰ ਇਲਾਕੇ ਵਿੱਚ ਮੱਲੀ ਪੈਲਸ ਨਜ਼ਦੀਕ ਸ੍ਰੀ ਜਪੁਜੀ ਸਾਹਿਬ ਤੇ ਸ੍ਰੀ ਸੁਖਮਨੀ ਸਾਹਿਬ (ਗੁਟਕਾ ਸਾਹਿਬ)

ਦੇ ਅੰਗ ਸੜਕ 'ਤੇ ਫਟੇ ਹੋਏ ਮਿਲਣ ਦੀ ਘਟਨਾ ਨੂੰ ਦੁਖਦਾਈ ਦੱਸਦਿਆਂ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ ਹੈ।

ਉਨ੍ਹਾਂ ਨੇ ਕਿਹਾ ਕਿ ਸ਼ਰਾਰਤੀ ਅਨਸਰਾਂ ਵੱਲੋਂ ਗਿਣੀ-ਮਿਥੀ ਸਾਜਿਸ਼ ਤਹਿਤ ਪੰਜਾਬ ਦੇ ਸ਼ਾਂਤਮਈ ਮਾਹੌਲ ਨੂੰ ਖ਼ਰਾਬ ਕਰਨ ਦੀਆਂ ਕੋਸ਼ਿਸ਼ਾਂ ਨੂੰ ਕਦੇ ਵੀ ਸਫਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਚੰਦ ਪੈਸਿਆਂ ਖਾਤਰ ਆਪਣਾ ਜ਼ਮੀਰ ਵੇਚਣ ਵਾਲੇ ਲੋਕਾਂ ਨੂੰ ਇਹ ਕੋਈ ਹੱਕ ਨਹੀਂ ਕਿ ਉਹ ਧਰਮ ਦੇ ਨਾਮ 'ਤੇ ਫਿਰਕੂ ਭਾਵਨਾਵਾਂ ਫੈਲਾਉਣ। ਉਨ੍ਹਾਂ ਕਿਹਾ ਕਿ ਗੁਰਬਾਣੀ ਤੋਂ ਸਰਬੱਤ ਦੇ ਭਲੇ ਤੇ ਹਰ ਧਰਮ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਮਿਲਦੀ ਹੈ, ਪਰ ਕੁਝ ਪੰਥ ਦੋਖੀ ਭਾਈਚਾਰਕ ਸਾਂਝ, ਆਪਸੀ ਪਿਆਰ ਤੇ ਸਦਭਾਵਨਾ ਨੂੰ ਨੁਕਸਾਨ ਪਹੁੰਚਾਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਇਸ ਮੰਦਭਾਗੀ ਘਟਨਾ ਨਾਲ ਦੇਸ਼-ਵਿਦੇਸ਼ ਵਿੱਚ ਵੱਸਦੇ ਸਿੱਖ ਭਾਈਚਾਰੇ ਦੇ ਹਿਰਦੇ ਵਲੂੰਧਰੇ ਗਏ ਹਨ। ਉਨ੍ਹਾਂ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਤਾਂ ਜੋ ਅਜਿਹੀਆਂ ਕਾਰਵਾਈਆਂ ਮੁੜ ਨਾ ਵਾਪਰਨ। *੩ ਦਸੰਬਰ*

# ਧਰਮ ਪ੍ਰਚਾਰ ਕਮੇਟੀ ਦੀ ਪਲੇਠੀ ਮੀਟਿੰਗ ਵਿੱਚ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਦਾ ਫੈਸਲਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੁਣੇ ਗਏ ਨਵੇਂ ਸੈਸ਼ਨ ਦੀ ਧਰਮ ਪ੍ਰਚਾਰ ਕਮੇਟੀ ਦੀ ਪਲੇਠੀ ਮੀਟਿੰਗ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਮੀਟਿੰਗ ਹਾਲ ਵਿੱਚ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕੀਤੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੁਣੇ ਗਏ ਨਵੇਂ ਮੈਂਬਰ ਸ. ਤਜਿੰਦਰਪਾਲ ਸਿੰਘ ਹਰਿਆਣਾ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਸ. ਅਜਾਇਬ ਸਿੰਘ ਅਭਿਆਸੀ, ਸ. ਮਨਜੀਤ ਸਿੰਘ ਬਪੀਆਣਾ, ਸ. ਰਾਮਪਾਲ ਸਿੰਘ ਬੈਹਣੀਵਾਲ ਅਤੇ ਸ. ਸੁਖਵਰਸ਼ ਸਿੰਘ ਆਦਿ ਸ਼ਾਮਲ ਹੋਏ। ਮੀਟਿੰਗ ਦੀ ਅਰੰਭਤਾ ਅਰਦਾਸ ਨਾਲ ਹੋਈ ਅਤੇ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮੂਹ ਮੈਂਬਰਾਂ ਨੂੰ ਦਿਲੀਂ ਮੁਬਾਰਕ ਦਿੰਦਿਆਂ ਕਿਹਾ ਕਿ ਅਸੀਂ ਗੁਰਮਿਤ ਜੁਗਤ ਅੰਦਰ ਰਹਿੰਦਿਆਂ ਫੈਸਲੇ ਕਰਕੇ ਖਾਲਸਾ ਪੰਥ ਦਾ ਨਾਮ ਉੱਚਾ ਕਰਾਂਗੇ। ਉਨ੍ਹਾਂ ਨੇ ਸਮੂਹ ਮੈਂਬਰਾਂ ਨੂੰ ਜੋਰਦਾਰ ਤਾਕੀਦ ਕਰਦਿਆਂ ਹੋਇਆਂ ਕਿਹਾ ਕਿ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਪੂਰੀ ਤਨਦੇਹੀ ਨਾਲ ਘਰ-ਘਰ ਪਹੁੰਚਾਣ ਦਾ ਯਤਨ ਕਰਨ ਤਾਂ ਕਿ ਮਜੌਦਾ ਸਮੇਂ ਦੀ ਸਿੱਖ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਬਣਾ ਕੇ ਆਪਣੇ ਅਮੀਰ ਵਿਰਸੇ ਨਾਲ ਜੋੜਿਆ ਜਾ ਸਕੇ। ਇਸ ਦੌਰਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਦਸਮੇਸ਼ ਪਿਤਾ ਦੇ ਵੱਡੇ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ੨੨ ਦਸੰਬਰ ਨੂੰ ਸਕੂਲਾਂ, ਕਾਲਜਾਂ ਦੇ ਵਿਦਿਆਰਥੀ ਵੱਡੀ ਗਿਣਤੀ ਵਿੱਚ ੧੧:੦੦ ਤੋਂ ੧੧:੩੦ ਦੇ ਵਿਚਕਾਰ ਜਪੁਜੀ ਸਾਹਿਬ, ਚੌਪਈ ਸਾਹਿਬ ਦੇ ਪਾਠ ਅਤੇ ਪੰਥ ਦੀ ਚੜ੍ਹਦੀ ਕਲਾ ਤੇ ਸਰਬੱਤ ਭਲੇ ਲਈ ਅਰਦਾਸ ਕਰਨਗੇ। ਉਨ੍ਹਾਂ ਨੇ ਧਰਮ ਪ੍ਰਚਾਰ ਕਮੇਟੀ ਦੇ ਸਮੂਹ ਮੈਂਬਰਾਨ ਨੂੰ ਇਸ ਕਾਰਜ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਕਿਹਾ ਅਤੇ ਨਾਲ ਹੀ ਪੰਥ ਦੇ ਸਮੂਹ ਪ੍ਰਚਾਰਕਾਂ, ਗ੍ਰੰਥੀ ਸਿੰਘਾਂ, ਰਾਗੀਆਂ, ਢਾਡੀਆਂ ਅਤੇ ਸਮੂਹ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਅਤੇ ਸ਼੍ਰੋਮਣੀ ਕਮੇਟੀ ਦੇ ਸਕੂਲਾਂ, ਕਾਲਜਾਂ ਦੇ ਪ੍ਰਿੰਸੀਪਲਾਂ ਨੂੰ ਵੀ ਉਕਤ ਸਮਾਗਮ ਅੰਦਰ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ ਦੀ ਪ੍ਰੇਰਨਾ ਕੀਤੀ। ਇਸ ਮੀਟਿੰਗ ਦੌਰਾਨ ਧਰਮ ਪ੍ਰਚਾਰ ਦੇ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜਮਾਂ ਦਾ ਰੀਫ੍ਰੈਸ਼ਰ ਕੋਰਸ ਆਰੰਭ ਕਰਨ ਦੀ ਯੋਜਨਾ 'ਤੇ ਵਿਚਾਰ ਕੀਤੀ ਗਈ। ਇਸ ਮੌਕੇ ਫੈਸਲਾ ਕੀਤਾ ਗਿਆ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਦੇਸ਼ ਦੇ ਵੱਖ-ਵੱਖ ਭਾਗਾਂ ਵਿੱਚ ਚੱਲ ਰਹੇ ਸਿੱਖ ਪ੍ਰਚਾਰ ਮਿਸ਼ਨ ਦੇ ਪ੍ਰਚਾਰ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾਵੇਗੀ ਤਾਂ ਕਿ ਸਿੱਖੀ ਦੀ ਫੁੱਲਵਾੜੀ ਸਮੁਚੇ ਦੇਸ਼ ਅੰਦਰ ਮਹਿਕਾਂ ਵੰਡ ਸਕੇ। ਪ੍ਰਧਾਨ ਸਾਹਿਬ ਨੇ ਸਪਸ਼ਟ ਰੂਪ ਵਿੱਚ ਕਿਹਾ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ੩੫੦ ਸਾਲਾ ਪ੍ਰਕਾਸ਼ ਪੁਰਬ

ਸਬੰਧੀ ਆਯੋਜਿਤ ਕੀਤੇ ਜਾ ਰਹੇ ਗੁਰਮਿਤ ਸਮਾਗਮਾਂ ਨੂੰ ਸਫਲ ਕਰਨ ਹਿੱਤ ਸ਼੍ਰੋਮਣੀ ਕਮੇਟੀ ਵੱਲੋਂ ਆਪਣਾ ਪੂਰਨ ਰੂਪ ਵਿੱਚ ਯੋਗਦਾਨ ਪਾਇਆ ਜਾਵੇਗਾ। ਮੀਟਿੰਗ ਦੌਰਾਨ ਕੀਤੀਆਂ ਗਈਆਂ ਵਿਚਾਰਾਂ ਉਪਰੰਤ ਧਰਮ ਪ੍ਰਚਾਰ ਕਮੇਟੀ ਦੇ ਸਮੂਹ ਮੈਂਬਰਾਨ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੂੰ ਪੂਰਨ ਰੂਪ ਵਿੱਚ ਭਰੋਸਾ ਦਿੰਦਿਆਂ ਹੋਇਆਂ ਕਿਹਾ ਕਿ ਧਰਮ ਪ੍ਰਚਾਰ ਦੀ ਮੁਹਿਮ ਨੂੰ ਪ੍ਰਚੰਡ ਕਰਨ ਦੇ ਲਈ ਉਨ੍ਹਾਂ ਵੱਲੋਂ ਵੱਧ ਚੜ੍ਹ ਕੇ ਆਪਣਾ ਹਿੱਸਾ ਪਾਇਆ ਜਾਵੇਗਾ। ਮੀਟਿੰਗ ਵਿੱਚ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾ. ਰੂਪ ਸਿੰਘ ਸਕੱਤਰ, ਸ. ਹਰਭਜਨ ਸਿੰਘ ਮਨਾਵਾਂ ਤੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ. ਸਿਮਰਜੀਤ ਸਿੰਘ ਮੀਤ ਸਕੱਤਰ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਕਰਮਚਾਰੀ ਸ਼ਾਮਲ ਸਨ। *੧੨ ਦਸੰਬਰ*

## ਸਿੱਖ ਇਤਿਹਾਸ ਰੀਸਰਚ ਬੋਰਡ ਦੇ ਮੈਂਬਰਾਂ ਦੀ ਹੋਈ ਮੀਟਿੰਗ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਸਾਰ ਭਰ ਵਿੱਚ ਵਸਦੀਆਂ ਸਿੱਖ ਸੰਗਤਾ ਨੂੰ ਆਪਣੇ ਇਤਿਹਾਸ ਅਤੇ ਪੁਰਾਤਨ ਵਿਰਸੇ ਨਾਲ ਜੋੜਨ ਦੇ ਲਈ ਸਥਾਪਿਤ ਕੀਤੇ ਗਏ ਸਿੱਖ ਇਤਿਹਾਸ ਰੀਸਰਚ ਬੋਰਡ ਦੇ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ ਜੋਰਦਾਰ ਯਤਨ ਕੀਤੇ ਜਾ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਮੀਟਿੰਗ ਹਾਲ ਵਿੱਚ ਸਿੱਖ ਇਤਿਹਾਸ ਰੀਸਰਚ ਬੋਰਡ ਦੇ ਨਵੇਂ ਮੈਂਬਰਾਂ ਦੀ ਸੱਦੀ ਗਈ ਪਲੇਠੀ ਮੀਟਿੰਗ ਉਪਰੰਤ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆਂ ਕੀਤਾ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਹੇਠ ਹੋਈ ਇਕਤੱਰਤਾ ਦੌਰਾਨ ਡਾ. ਬਲਵੰਤ ਸਿੰਘ ਢਿਲੋਂ, ਡਾ. ਪਰਮਵੀਰ ਸਿੰਘ, ਪ੍ਰੋ. ਪ੍ਰਭਜੋਤ ਕੌਰ ਅਤੇ ਸ. ਹਰਵਿੰਦਰ ਸਿੰਘ ਖਾਲਸਾ ਸ਼ਾਮਲ ਹੋਏ। ਮੀਟਿੰਗ ਦੀ ਆਰੰਭਤਾ ਅਰਦਾਸ ਕਰਕੇ ਕੀਤੀ ਗਈ। ਮੀਟਿੰਗ ਦੌਰਾਨ ਅਹਿਮ ਫੈਸਲੇ ਲੈਂਦਿਆਂ ਹੋਇਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਦੌਰਾਨ ਗੁਰਮਿਤ ਸਾਹਿਤ ਦੇ ਕਾਰਜਾਂ ਵਿੱਚ ਆਈ ਹੋਈ ਖੜੋਤ ਨੂੰ ਦੂਰ ਕਰਕੇ ਨਵੇਂ ਖੋਜ ਕਾਰਜਾਂ ਨੂੰ ਹੋਰ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਕੌਮ ਦੇ ਦੁਰਲਭ ਵਿਰਸੇ ਦੀ ਸੰਭਾਲ ਕਰਨ ਹਿੱਤ ਸਥਾਪਿਤ ਕੀਤੀ ਗਈ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਆਧੁਨਿਕ ਬਣਾਉਣ ਲਈ ਕਾਰਜ ਆਰੰਭੇ ਜਾਣਗੇ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਲਈ ਪੁਰਾਤਨ ਹੱਥ ਲਿਖਤ ਗ੍ਰੰਥ ਇੱਕਠੇ ਕਰਨ ਲਈ ਸਮੁਚੇ ਸੰਸਾਰ ਵਿੱਚ ਵਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਜਾਵੇਗੀ। ਇਸ ਦੇ ਨਾਲ ਹੀ ਪੁਰਾਣੀਆਂ ਪੁਸਤਕਾਂ ਅਤੇ ਅਖਬਾਰਾਂ ਦੀ ਸੰਭਾਲ ਡਿਜਿਟਲ ਵਿਧੀ ਰਾਹੀਂ ਕੀਤੀ ਜਾਵੇਗੀ। ਸਿੱਖ ਰੈਫਰੈਂਸ ਲਾਇਬ੍ਰੇਰੀ ਜਿਸ ਵਿੱਚ ਸੰਸਾਰ ਭਰ ਤੋਂ ਆਉਣ ਵਾਲੇ ਖੋਜਾਰਥੀਆਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਤਾਂ ਕਿ ਉਹ ਸਿੱਖ ਇਤਿਹਾਸ ਦਾ ਅਧਿਐਨ ਹੋਰ ਸੁਖਮਤਾ ਨਾਲ ਕਰ ਸਕਣ। ਇਸ ਮੀਟਿੰਗ ਦੇ ਵਿੱਚ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਹਰਚਰਨ ਸਿੰਘ ਚੀਫ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾ. ਰੂਪ ਸਿੰਘ ਸਕੱਤਰ, ਸ. ਬਲਵਿੰਦਰ ਸਿੰਘ ਜੋੜਾਸਿੰਘਾ ਤੇ ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ. ਸਿਮਰਜੀਤ ਸਿੰਘ ਮੀਤ ਸਕੱਤਰ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਕਰਮਚਾਰੀ ਵਿਸ਼ੇਸ਼ ਤੋਰ ਤੇ ਸ਼ਾਮਲ ਸਨ। *੧੨ ਦਸੰਬਰ*

## ਇਤਿਹਾਸਕ ਲੇਖਾਂ ਦੀ ਸੰਪਾਦਤ ਪੁਸਤਕ 'ਦਸਮੇਸ਼ ਪ੍ਰਕਾਸ਼' ਲੋਕ ਅਰਪਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਆਗਮਨ ਪੁਰਬ ਦੇ ਸਬੰਧ ਵਿਚ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਿਤ ਦਸਮੇਸ਼ ਪ੍ਰਕਾਸ਼ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜੀਵਨ ਦਰਪਣ) ਕੇਵਲ ਇਤਿਹਾਸਕ ਲੇਖਾਂ ਦੀ ਪੁਸਤਕ ਹੀ ਨਹੀਂ ਬਲਕਿ ਗਿਆਨ ਦਾ ਇਕ ਅਜ਼ੀਮ ਖਜ਼ਾਨਾ ਹੈ। ਇਹ ਪੁਸਤਕ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਇਤਿਹਾਸਕ ਦਸਤਾਵੇਜ਼ ਬਣੇਗੀ। ਸ਼੍ਰੋਮਣੀ

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਵੱਲੋਂ ਗੁਰਮਤਿ ਪ੍ਰਕਾਸ਼ ਵਿਚ ਵੱਖ-ਵੱਖ ਸਮਿਆਂ ਦੌਰਾਨ ਪ੍ਰਕਾਸ਼ਿਤ ਕੀਤੇ ਗਏ ਵਿਦਵਾਨ ਲੇਖਕਾਂ ਦੇ ਦੁਰਲੱਭ ਅਤੇ ਇਤਿਹਾਸਕ ਲੇਖਾਂ ਨੂੰ ਪੁਨਰ ਸੰਪਾਦਿਤ ਕਰਕੇ ਤਿਆਰ ਕੀਤੀ ਗਈ ਪੁਸਤਕ ਦਸਮੇਸ਼ ਪ੍ਰਕਾਸ਼ (ਸ੍ਰੀ ਗੁਰੂ ਗੋਬਿੰਦ ਸਿੰਘ ਜੀ: ਜੀਵਨ ਦਰਸ਼ਨ) ਨੂੰ ਲੋਕ ਅਰਪਣ ਕਰਨ ਸਬੰਧੀ ਕਰਵਾਏ ਗਏ ਸਮਾਗਮ ਦੌਰਾਨ ਇਕੱਤਰ ਹੋਈਆਂ ਪ੍ਰਮੁੱਖ ਸ਼ਖਸੀਅਤਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸਾਹਿਤ ਵਿਚ ਕੌਮਾਂ ਦੀ ਤਕਦੀਰ ਬਦਲਣ ਦੀ ਸਮਰੱਥਾ ਹੁੰਦੀ ਹੈ। ਆਪਣੇ ਵਡਮੁੱਲੇ ਸਾਹਿਤ ਰਾਹੀਂ ਕੌਮਾਂ ਆਪਣੇ ਨਵੇਂ ਇਤਿਹਾਸ ਦੀ ਸਿਰਜਣਾ ਕਰਦੀਆਂ ਹਨ। ਉਨ੍ਹਾਂ ਨੇ ਡਾ. ਰੂਪ ਸਿੰਘ ਵਲੋਂ ਮੁੱਖ ਸੰਪਾਦਕ ਦੇ ਰੂਪ ਵਜੋਂ ਪ੍ਰਕਾਸ਼ਿਤ ਕੀਤੀ ਗਈ ਉਕਤ ਪੁਸਤਕ ਦੀ ਜ਼ੋਰਦਾਰ ਸ਼ਬਦਾਂ ਵਿਚ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਕੀਤਾ ਗਿਆ ਉਪਰੋਕਤ ਕਾਰਜ ਸੰਗਤਾਂ ਨੂੰ ਆਪਣੇ ਅਮੀਰ ਸਿੱਖੀ ਵਿਰਸੇ, ਲਾਸਾਨੀ ਇਤਿਹਾਸ ਖਾਸ ਕਰਕੇ ਦਸਮੇਸ਼ ਪਿਤਾ ਦੀਆਂ ਕੁਰਬਾਨੀਆਂ ਤੋਂ ਜਾਣੂੰ ਕਰਵਾਉਣ ਵਿਚ ਸਹਾਈ ਸਿੱਧ ਹੋਣਗੇ।

ਦਸਮੇਸ਼ ਪ੍ਰਕਾਸ਼ ਪੁਸਤਕ ਦੇ ਮੁੱਖ ਸੰਪਾਦਕ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਉਕਤ ਪੁਸਤਕ ਅੰਦਰ ਉਘੇ ਸਿੱਖ ਵਿਦਵਾਨਾਂ ਤੇ ਲੇਖਕਾਂ ਵੱਲੋਂ ਲਿਖੇ ਗਏ ਖੋਜ ਭਰਪੂਰ ਲੇਖ ਪੁਨਰ ਸੰਪਾਦਿਤ ਕਰਕੇ ਪ੍ਰਕਾਸ਼ਿਤ ਕੀਤੇ ਗਏ ਹਨ ਜੋ ਕਲਗੀਧਰ ਪਿਤਾ ਜੀ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਨੂੰ ਉਭਾਰਦਾ ਹੈ। ਉਨ੍ਹਾਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਪੁਸਤਕ ਨੂੰ ਤਿੰਨ ਭਾਗਾਂ ਵਿਚ ਵੰਡਿਆ ਗਿਆ ਹੈ। ਪਹਿਲੇ ਭਾਗ ਵਿਚ ਜੀਵਨ ਤੇ ਸ਼ਖਸੀਅਤ, ਦੂਸਰੇ ਭਾਗ ਵਿਚ ਬਾਣੀ ਤੇ ਵਿਚਾਰਧਾਰਾ ਅਤੇ ਤੀਸਰੇ ਭਾਗ ਵਿਚ ਅੰਤਿਕਾਵਾ ਹਨ। ਸਮਾਗਮ ਦੌਰਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਸਮੇਸ਼ ਪ੍ਰਕਾਸ਼ ਸ੍ਰੀ ਗੁਰੂ ਗੋਬਿੰਦ ਸਿੰਘ ਜੀ: ਜੀਵਨ ਦਰਸ਼ਨ ਨੂੰ ਲੋਕ ਅਰਪਿਤ ਕੀਤਾ। ਇਸ ਸਮੇਂ ਉਨ੍ਹਾਂ ਦੇ ਨਾਲ ਸ. ਹਰਚਰਨ ਸਿੰਘ ਮੁੱਖ ਸਕੱਤਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਪ੍ਰਿਤਪਾਲ ਸਿੰਘ ਲੁਧਿਆਣਾ, ਸ. ਸੁਖਵਰਸ਼ ਸਿੰਘ ਆਦਿ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਹਨ।

*੧੨ ਦਸੰਬਰ*

# ਹਾਕੀ ਅਕੈਡਮੀ ਦੇ ਦੋ ਖਿਡਾਰੀਆਂ ਦੇ ਟੀਮ ਇੰਡੀਆ ਲਈ ਚੁਣੇ ਜਾਣ 'ਤੇ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਖੁਸ਼ੀ ਦਾ ਪ੍ਰਗਟਾਵਾ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜਲੰਧਰ ਦੇ ਹਾਕੀ ਸਟੇਡੀਅਮ ਵਿੱਚ ੬੨ਵੀਆਂ ਨੈਸ਼ਨਲ ਸਕੂਲਜ਼ ਹਾਕੀ ਖੇਡਾਂ ਵਿਚੋਂ ਪੰਜਾਬ ਸਟੇਟ ਵੱਲੋਂ ਚੈਂਪੀਅਨਸ਼ਿਪ ਜਿੱਤਣ ਤੇ ਵਧਾਈ ਦੇਂਦਿਆਂ ਸ਼੍ਰੋਮਣੀ ਕਮੇਟੀ ਦੀਆਂ ਹਾਕੀ ਅਕੈਡਮੀਆਂ ਦੇ ਦੋ ਖਿਡਾਰੀਆਂ ਦੇ ਟੀਮ ਇੰਡੀਆ ਲਈ ਚੁਣੇ ਜਾਣ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਵਧੇਰੇ ਖੁਸ਼ੀ ਦੀ ਗੱਲ ਇਹ ਹੈ ਕਿ ਪੰਜਾਬ ਦੀ ਟੀਮ ਵਿੱਚ ਜੋ ਚਾਰ ਖਿਡਾਰੀ ਸ਼੍ਰੋਮਣੀ ਕਮੇਟੀ ਦੀਆਂ ਹਾਕੀ ਅਕੈਡਮੀਆਂ ਦੇ ਖੇਡੇ ਸਨ ਉਨ੍ਹਾਂ ਵਿਚੋਂ ੨ ਖਿਡਾਰੀ ਅੰਡਰ ਨਾਈਨਟੀਨ ਏਸ਼ੀਆ ਸਕੂਲਜ਼ ਹਾਕੀ ਟੂਰਨਾਮੈਂਟ ਟੀਮ ਇੰਡੀਆ ਲਈ ਚੁਣੇ ਗਏ ਹਨ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਜਵਾਨ ਸਿੱਖ ਹਾਕੀ ਖਿਡਾਰੀਆਂ ਤੇ ਅਧਾਰਿਤ ਤਿੰਨ ਅਕੈਡਮੀਆਂ ਚਲਾਈਆਂ ਜਾ ਰਹੀਆਂ ਹਨ ਤਾਂ ਜੋ ਨੌਜਵਾਨ ਸਿੱਖ ਖਿਡਾਰੀ ਹਾਕੀ ਦੇ ਖੇਤਰ ਵਿੱਚ ਅੱਗੇ ਵਧ ਕੇ ਸਿੱਖ ਕੌਮ ਦਾ ਨਾਮ ਰੌਸ਼ਨ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਏਸ਼ੀਆ ਹਾਕੀ ਟੂਰਨਾਮੈਂਟ ਅੰਡਰ ਨਾਈਨਟੀਨ (ਸਕੂਲਜ਼) ਦੀ ਟੀਮ ਇੰਡੀਆ ਵਿੱਚ ਪੰਜਾਬ ਤੋਂ ਕੁੱਲ ਤਿੰਨ ਖਿਡਾਰੀ ਚੁਣੇ ਗਏ ਹਨ ਜਿਨ੍ਹਾਂ ਵਿਚੋਂ ਦੋ ਖਿਡਾਰੀ ਸ. ਬਲਵਿੰਦਰ ਸਿੰਘ ਤੇ ਸ. ਪ੍ਰਮੀਤ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਹਾਕੀ ਅਕੈਡਮੀਆਂ ਨਾਲ ਸਬੰਧਤ ਹਨ ਤੇ ਇਕ ਖਿਡਾਰੀ ਸੁਰਜੀਤ ਹਾਕੀ ਅਕੈਡਮੀ ਜਲੰਧਰ ਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਟੀਮ ਇੰਡੀਆ ਲਈ ਚੁਣੇ ਗਏ ਖਿਡਾਰੀ ਤੇ ਜਿਹੜੇ ਚਾਰ ਖਿਡਾਰੀ ਸ. ਗੁਰਤੇਜ ਸਿੰਘ,

ਸ. ਗੁਰਕੀਰਤ ਸਿੰਘ, ਸ. ਬਲਵਿੰਦਰ ਸਿੰਘ ਤੇ ਸ. ਪ੍ਰਮੀਤ ਸਿੰਘ ਪੰਜਾਬ ਸਟੇਟ ਵੱਲੋਂ ਖੇਡੇ ਸਨ ਦਾ ਵਿਸ਼ੇਸ਼ ਸਨਮਾਨ ਕਰੇਗੀ। ਉਨ੍ਹਾਂ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕਰਦਿਆਂ ਕਿਹਾ ਕਿ ਵਾਹਿਗੁਰੂ ਇਨ੍ਹਾਂ ਸਾਰੇ ਖਿਡਾਰੀਆਂ ਨੂੰ ਸਦਾ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਇਹ ਕਾਮਯਾਬੀ ਹਾਸਿਲ ਕਰਕੇ ਆਪਣੀ ਸੰਸਥਾ, ਸੂਬਾ ਪੰਜਾਬ, ਸਿੱਖ ਕੌਮ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ। *੧੮ ਦਸੰਬਰ*

## ਕੈਲਗਰੀ (ਕੈਨੇਡਾ) ਵਿਖੇ ਇਕ ਗੁਰੂ-ਘਰ ਦੀਆਂ ਕੰਧਾਂ 'ਤੇ ਨਸਲੀ ਟਿਪਣੀਆਂ ਅਤੇ ਚਿੰਨ੍ਹ ਉਲੀਕਣ ਦੀ ਸ਼੍ਰੋਮਣੀ ਕਮੇਟੀ ਨੇ ਕੀਤੀ ਨਿੰਦਾ

ਸ੍ਰੀ ਫ਼ਤਿਹਗੜ੍ਹ ਸਾਹਿਬ- ਕੈਨੇਡਾ ਦੇ ਸ਼ਹਿਰ ਕੈਲਗਰੀ ਵਿਖੇ ਇਕ ਗੁਰਦੁਆਰਾ ਸਾਹਿਬ ਦੀਆਂ ਕੰਧਾਂ 'ਤੇ ਨਸਲੀ ਟਿਪਣੀਆਂ ਅਤੇ ਚਿੰਨ੍ਹ ਉਲੀਕਣੇ ਅਤਿਅੰਤ ਘਿਨਾਉਣੀ ਅਤੇ ਅਫਸੋਸਨਾਕ ਘਟਨਾ ਹੈ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਇਥੇ ਦਸਮ ਪਾਤਸ਼ਾਹ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮਾਂ ਵਿਚ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਇਹ ਘਟਨਾ ਸਾਹਮਣੇ ਆਉਣ ਤੋਂ ਬਾਅਦ ਕੀਤਾ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਿੱਖਾਂ ਵੱਲੋਂ ਦੇਸ਼-ਵਿਦੇਸ਼ ਅੰਦਰ ਸਥਾਪਿਤ ਕੀਤੇ ਗਏ ਗੁਰੂ-ਘਰਾਂ ਵਿੱਚੋਂ ਆਪਸੀ ਭਾਈਚਾਰੇ ਅਤੇ ਮਨੁੱਖੀ ਏਕਤਾ ਦਾ ਸੰਦੇਸ਼ ਮਿਲਦਾ ਹੈ। ਗੁਰੂ-ਘਰਾਂ ਦੇ ਦਰਵਾਜ਼ੇ ਹਰ ਧਰਮ ਦੇ ਅਨੁਯਾਈ ਲਈ ਹਰ ਸਮੇਂ ਖੁੱਲ੍ਹੇ ਰਹਿੰਦੇ ਹਨ ਅਤੇ ਇਥੇ ਕਿਸੇ ਨਾਲ ਮੇਰ-ਤੇਰ ਨਹੀਂ ਕੀਤਾ ਜਾਂਦਾ। ਪਰ ਦੁੱਖ ਦੀ ਗੱਲ ਹੈ ਕਿ ਗੁਰਬਾਣੀ ਦਾ ਸਰਬ-ਸਾਂਝਾ ਉਪਦੇਸ਼ ਵੰਡਣ ਵਾਲੇ ਗੁਰੂ-ਘਰਾਂ ਨੂੰ ਹੀ ਮਨੁੱਖੀ ਏਕਤਾ ਦੇ ਕੁਝ ਦੁਸ਼ਮਣਾ ਵੱਲੋਂ ਨਸਲੀ ਭੇਦ-ਭਾਵ ਨਾਲ ਜੋੜ ਕੇ ਵੇਖਿਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਸਿੱਖ ਨੇ ਸਖਤ ਮਿਹਨਤ ਦੁਆਰਾ ਅੱਜ ਵਿਦੇਸ਼ਾਂ ਅੰਦਰ ਚੰਗੀ ਪਛਾਣ ਬਣਾਈ ਹੈ ਅਤੇ ਵੱਖ-ਵੱਖ ਦੇਸ਼ਾਂ ਦੀ ਤਰੱਕੀ ਲਈ ਵੱਡਾ ਯੋਗਦਾਨ ਪਾਇਆ ਹੈ। ਅੱਜ ਸਿੱਖ ਵਿਦੇਸ਼ਾਂ ਅੰਦਰ ਉੱਚ ਅਹੁਦਿਆਂ ਤੇ ਤਾਇਨਾਤ ਹਨ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅਜਿਹੀ ਮਿਹਨਤਕਸ਼ ਕੌਮ ਦੇ ਧਾਰਮਿਕ ਜਜ਼ਬਾਤ ਨਾਲ ਖਿਲਵਾੜ ਕਰਨਾ ਸਰਾਸਰ ਗਲਤ ਅਤੇ ਮਨੁੱਖੀ ਸਰੋਕਾਰਾਂ ਤੋਂ ਕੋਹਾਂ ਦੂਰ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਮੰਦਭਾਗੀ ਘਟਨਾ ਨੂੰ ਅੰਜਾਮ ਦੇਣ ਵਾਲੇ ਅਨਸਰਾਂ ਦੀ ਨਿਸ਼ਾਨਦੇਹੀ ਕਰ ਕੇ ਉਨ੍ਹਾਂ ਨੂੰ ਸਖਤ ਸਜਾ ਮਿਲਣੀ ਚਾਹੀਦੀ ਹੈ ਤਾਂ ਜੋ ਅਜਿਹੀਆਂ ਘਟਨਾਵਾਂ ਤੇ ਅੰਕੁਸ਼ ਲਗ ਸਕੇ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਭਾਰਤ ਸਰਕਾਰ ਨੂੰ ਪੱਤਰ ਵੀ ਲਿਖਿਆ ਜਾਵੇਗਾ। *੨੯ ਦਸੰਬਰ*

## ਹਰਜਿੰਦਰ ਸਿੰਘ ਦਿਲਗੀਰ ਵੱਲੋਂ ਸਿੱਖ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨ 'ਤੇ ਸ਼੍ਰੋਮਣੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਲਿਖਿਆ ਪੱਤਰ

ਅੰਮ੍ਰਿਤਸਰ- ਹਰਜਿੰਦਰ ਸਿੰਘ ਦਿਲਗੀਰ ਵੱਲੋਂ ਇਕ ਵੀਡੀਓ ਰਾਹੀਂ ਸਿੱਖ ਇਤਿਹਾਸ ਸਬੰਧੀ ਕੀਤੀਆਂ ਵਿਵਾਦਤ ਟਿੱਪਣੀਆਂ ਦੀ ਖ਼ਬਰ ਨਸ਼ਰ ਹੋਣ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਸਬੰਧ ਵਿੱਚ ਕਾਰਵਾਈ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੱਤਰ ਲਿਖਿਆ ਹੈ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਇਸ ਮਾਮਲੇ ਨੂੰ ਪੰਜ ਸਿੰਘ ਸਾਹਿਬਾਨ ਦੀ ਅਗਲੀ ਇਕੱਤਰਤਾ ਵਿੱਚ ਵਿਚਾਰਿਆ ਜਾਵੇਗਾ।

ਜ਼ਿਕਰਯੋਗ ਹੈ ਕਿ ਹਰਜਿੰਦਰ ਸਿੰਘ ਦਿਲਗੀਰ ਵੱਲੋਂ ਸੋਸ਼ਲ ਮੀਡੀਆ ਤੇ ਪਾਈ ਗਈ ਇਕ ਵੀਡੀਓ ਰਾਹੀਂ ਦਸਮ ਪਾਤਸ਼ਾਹ ਜੀ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਸੂਬਾ ਸਰਹੰਦ ਪਾਸ ਗ੍ਰਿਫਤਾਰ ਕਰਵਾਉਣ ਵਾਲੇ ਗੰਗੂ ਨੂੰ ਨਿਰਦੋਸ਼ ਦੱਸਿਆ ਗਿਆ ਸੀ। ਇਸੇ ਤਰ੍ਹਾਂ ਟੋਡਰ ਮੱਲ ਦੀ ਥਾਂ ਉਸ ਦੇ ਪਰਿਵਾਰ ਵੱਲੋਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ

ਦਾ ਸਸਕਾਰ ਕਰਨ ਦੀ ਗੱਲ ਆਖੀ ਗਈ ਸੀ ਅਤੇ ਮੋਤੀ ਰਾਮ ਮਹਿਰਾ ਵੱਲੋਂ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਨੂੰ ਦੁੱਧ ਪਿਆਉਣ ਤੇ ਸ਼ੱਕ ਪ੍ਰਗਟ ਕੀਤਾ ਗਿਆ ਸੀ। ਉਸ ਦੇ ਇਸ ਮਨਘੜਤ ਅਤੇ ਤੱਥ ਵਿਹੂਣੇ ਬਿਆਨ ਤੋਂ ਬਾਅਦ ਸਿੱਖ ਕੌਮ ਅੰਦਰ ਭਾਰੀ ਰੋਸ ਦੀ ਭਾਵਨਾ ਪਾਈ ਜਾ ਰਹੀ ਹੈ। *੨੯ ਦਸੰਬਰ*

## ਨਿਊਯਾਰਕ ਪੁਲਿਸ ਵੱਲੋਂ ਸਿੱਖ ਅਫਸਰਾਂ ਨੂੰ ਦਸਤਾਰ ਸਜਾਉਣ ਤੇ ਦਾੜ੍ਹੀ ਰੱਖਣ ਦੀ ਆਗਿਆ ਦੇਣੀ ਸ਼ਲਾਘਾਯੋਗ ਫੈਸਲਾ- ਪ੍ਰੋ. ਬਡੂੰਗਰ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਿਊਯਾਰਕ ਪੁਲਿਸ ਵਿਭਾਗ ਵੱਲੋਂ ਆਪਣੇ ਸਿੱਖ ਅਫਸਰਾਂ ਨੂੰ ਦਸਤਾਰ ਸਜਾਉਣ ਤੇ ਦਾੜ੍ਹੀ ਰੱਖ ਕੇ ਸੇਵਾ ਨਿਭਾਉਣ ਦੀ ਆਗਿਆ ਦੇਣ ਦੇ ਕੀਤੇ ਗਏ ਫੈਸਲੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ ਹੈ।

ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਫੈਸਲੇ ਸਦਕਾ ਵਿਦੇਸ਼ੀ ਲੋਕਾਂ ਵਿੱਚ ਸਿੱਖਾਂ ਦੀ ਮੂਲ ਪਹਿਚਾਣ ਸ਼ਪੱਸਟ ਤੌਰ ਤੇ ਉਭਰ ਕੇ ਸਾਹਮਣੇ ਆਵੇਗੀ ਤੇ ਸਮੁੱਚੇ ਵਿਸ਼ਵ ਦੇ ਲੋਕਾਂ ਨੂੰ ਆਪਸੀ ਭਾਈਚਾਰੇ ਦਾ ਸੰਦੇਸ਼ ਜਾਵੇਗਾ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਨਿਊਯਾਰਕ ਪੁਲਿਸ ਵਿਭਾਗ (ਐਨ.ਵਾਈ.ਪੀ.ਡੀ.) ਵੱਲੋਂ ਆਪਣੇ ਸਿੱਖ ਅਫਸਰਾਂ ਦੀਆਂ ਧਾਰਮਿਕ ਭਾਵਨਾਵਾਂ, ਧਾਰਮਿਕ ਚਿੰਨ੍ਹਾਂ ਦੀ ਮਹੱਤਤਾ ਨੂੰ ਸਮਝਦੇ ਹੋਇਆ ਚੁੱਕਿਆ ਗਿਆ ਉਕਤ ਇਤਿਹਾਸਕ ਕਦਮ ਸਮੁੱਚੀ ਸਿੱਖ ਕੌਮ ਲਈ ਮਾਣ ਵਾਲੀ ਗੱਲ ਹੈ। ਜਿਸ ਸਦਕਾ ਦੂਜੇ ਮੁਲਕਾਂ ਦੇ ਪੁਲਿਸ ਵਿਭਾਗਾਂ ਤੇ ਫੌਜ਼ ਅੰਦਰ ਆਪਣੀ ਪੂਰੀ ਨਿਸ਼ਠਾ ਨਾਲ ਸੇਵਾ ਨਿਭਾਅ ਰਹੇ ਸਿੱਖ ਪੁਲਿਸ ਅਫਸਰਾਂ ਤੇ ਜਵਾਨਾਂ ਦਾ ਮਨੋਬਲ ਹੋਰ ਉੱਚਾ ਹੋਵੇਗਾ।

ਇਸ ਦੌਰਾਨ ਉਨ੍ਹਾਂ ਇਹ ਵੀ ਕਿਹਾ ਕਿ ਸਿੱਖ ਕੌਮ ਨੂੰ ਦੁਨੀਆਂ ਦੀ ਮਾਰਸ਼ਲ ਕੌਮ ਵਜੋਂ ਜਾਣਿਆਂ ਜਾਂਦਾ ਹੈ, ਖਾਸ ਕਰਕੇ ਦੋਹਾਂ ਵਿਸ਼ਵ ਯੁੱਧਾਂ ਅੰਦਰ ਸਿੱਖ ਫੌਜ਼ੀਆਂ ਵੱਲੋਂ ਦਿਖਾਏ ਗਏ ਸੂਰਬੀਰਤਾ ਭਰੇ ਕਾਰਨਾਮਿਆਂ ਦੀਆਂ ਗਥਾਵਾਂ ਵੱਖ-ਵੱਖ ਮੁਲਕਾਂ ਦੇ ਸਕੂਲਾਂ ਅੰਦਰ ਬਤੌਰ ਸਿਲੇਬਸ ਦੇ ਰੂਪ ਵਜੋਂ ਵਿਦਿਆਰਥੀਆਂ ਨੂੰ ਪੜਾਈਆਂ ਜਾਂਦੀਆਂ ਹਨ ਤਾਂ ਕਿ ਵਿਦਿਆਰਥੀਆਂ ਦੇ ਦਿਲ ਦਿਮਾਗ ਅੰਦਰ ਵੀ ਬਹਾਦਰ ਸਿੱਖ ਫੌਜ਼ੀਆਂ ਵਰਗੀ ਨਿਰਭਓ ਤੇ ਨਿਰਵੈਰ ਵਾਲੀ ਭਾਵਨਾ ਪ੍ਰਚੰਡ ਹੋ ਸਕੇ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਹੋਰ ਅਦਾਰਿਆਂ ਵਿੱਚ ਵੀ ਸਿੱਖੀ ਸਰੂਪ ਵਿੱਚ ਕੰਮ ਕਰਨ ਦੀ ਖੁੱਲ੍ਹ ਮਿਲਣੀ ਚਾਹੀਦੀ ਹੈ ਅਤੇ ਬਾਕੀ ਦੇਸ਼ਾਂ ਨੂੰ ਵੀ ਸਿੱਖਾਂ ਦੇ ਕਕਾਰਾਂ ਦੀ ਅਹਿਮੀਅਤ ਨੂੰ ਸਮਝਦਿਆਂ ਹਰੇਕ ਅਦਾਰੇ ਵਿੱਚ ਧਾਰਮਿਕ ਅਜ਼ਾਦੀ ਨਾਲ ਕੰਮ ਕਰਨ ਦਾ ਅਧਿਕਾਰ ਦੇਣਾ ਚਾਹੀਦਾ ਹੈ। *੩੦ ਦਸੰਬਰ*

## ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ ਵਿੱਦਿਆ ਨਿਯੁਕਤ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼੍ਰੋਮਣੀ ਕਮੇਟੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਸਕੂਲਾਂ ਦੇ ਸਮੁੱਚੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਤੇ ਪ੍ਰਬੰਧਕੀ ਅਮਲੇ ਨੂੰ ਹੋਰ ਚੁਸਤ-ਦਰੁਸਤ ਕਰਨ ਲਈ ਬੀਬੀ ਸਤਵੰਤ ਕੌਰ ਨੂੰ ਬਤੌਰ ਸਹਾਇਕ ਡਾਇਰੈਕਟਰ ਵਿੱਦਿਆ ਨਿਯੁਕਤ ਕੀਤਾ ਹੈ। ਬੀਬੀ ਸਤਵੰਤ ਕੌਰ ਸਿੱਖ ਪੰਥ ਦੀ ਮਹਾਨ ਸ਼ਖਸੀਅਤ ਸੰਤ ਕਰਤਾਰ ਸਿੰਘ ਭਿੰਡਰਾਂਵਾਲਿਆਂ ਦੀ ਪੋਤਰੀ ਅਤੇ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਹੈ। ਅੱਜ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵਿਖੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਬੀਬੀ ਸਤਵੰਤ ਕੌਰ ਨੂੰ ਸਹਾਇਕ ਡਾਇਰੈਕਟਰ ਵਿੱਦਿਆ ਦਾ ਨਿਯੁਕਤੀ ਪੱਤਰ ਦੇਣ ਮੌਕੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਏ ਜਾ ਰਹੇ ਸਕੂਲਾਂ ਦੇ ਸਤਰ ਨੂੰ ਹੋਰ ਉਪਰ ਚੁੱਕਣ ਲਈ ਉਹ ਪੂਰੀ ਤਰ੍ਹਾਂ ਵਚਨਬੱਧ ਹਨ। ਇਸੇ ਉਦੇਸ਼ ਦੀ ਪ੍ਰਾਪਤੀ ਲਈ ਬੀਬੀ ਸਤਵੰਤ ਕੌਰ ਦੀ ਨਿਯੁਕਤੀ ਉਨ੍ਹਾਂ ਦੀ ਅਣਥੱਕ ਘਾਲਣਾ, ਮਿਹਨਤ ਅਤੇ ਵਧੀਆ ਪ੍ਰਬੰਧਕੀ ਗੁਣਾਂ ਨੂੰ ਮੁੱਖ ਰੱਖਦਿਆਂ ਹੋਇਆ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਬੀਬੀ ਸਤਵੰਤ ਕੌਰ ਬਤੌਰ ਸਹਾਇਕ ਡਾਇਰੈਕਟਰ ਵਿੱਦਿਆ ਸ੍ਰੀ ਅੰਮ੍ਰਿਤਸਰ, ਪਠਾਨਕੋਟ,

ਫਿਰੋਜ਼ਪੁਰ, ਤਰਨ ਤਾਰਨ, ਜਲੰਧਰ ਤੇ ਕਪੂਰਥਲਾ ਜ਼ਿਲ੍ਹਿਆਂ ਨਾਲ ਸਬੰਧਤ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਦਾ ਸਮੁੱਚਾ ਕੰਮਕਾਜ ਦੇਖਣਗੇ। ਇਸ ਦੌਰਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ ਵਿੱਦਿਆ ਨੂੰ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਤਾਕੀਦ ਕੀਤੀ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ ਸ. ਗੁਰਮੇਲ ਸਿੰਘ ਸੰਗਤਪੁਰਾ ਅੰਤ੍ਰਿੰਗ ਕਮੇਟੀ ਮੈਂਬਰ, ਭਾਈ ਅਜਾਇਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਸੁਖਦੇਵ ਸਿੰਘ ਭੂਰਾਕੋਹਨਾ ਨਿਜੀ ਸਕੱਤਰ ਪ੍ਰਧਾਨ ਸਾਹਿਬ, ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਤੇ ਸ. ਜਰਨੈਲ ਸਿੰਘ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਬੀਬੀ ਸਤਵੰਤ ਕੌਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸ੍ਰੀ ਮਾਤਾ ਗੰਗਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਵਿੱਚ ਬਤੌਰ ਪ੍ਰਿੰਸੀਪਲ ਵਜੋਂ ਨੌਂ ਸਾਲ ਸੇਵਾ ਨਿਭਾ ਚੁੱਕੇ ਹਨ ਅਤੇ ਪਿਛਲੇ ਦੋ ਸਾਲਾ ਤੋਂ ਗੁਰੂ ਨਾਨਕ ਅਕੈਡਮੀ ਬਟਾਲਾ ਵਿਖੇ ਪੂਰੀ ਸੁਹਿਰਦਤਾ ਨਾਲ ਡਿਊਟੀ ਨਿਭਾ ਰਹੇ ਹਨ। *੨੩ ਦਸੰਬਰ*

## ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਡਾ: ਪਰਮਵੀਰ ਸਿੰਘ ਦੀ ਪੁਸਤਕ 'ਗੁਰੂ ਗੋਬਿੰਦ ਸਿੰਘ ਜੀ ਅਤੇ ਬਿਹਾਰ ਦੀ ਸਿੱਖ ਸਿਆਸਤ' ਲੋਕ ਅਰਪਣ ਕੀਤੀ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਸਿੱਧ ਵਿਦਵਾਨ ਡਾ: ਪਰਮਵੀਰ ਸਿੰਘ ਦੀ ਪੁਸਤਕ 'ਗੁਰੂ ਗੋਬਿੰਦ ਸਿੰਘ ਜੀ ਅਤੇ ਬਿਹਾਰ ਦੀ ਸਿੱਖ ਸਿਆਸਤ' ਲੋਕ ਅਰਪਣ ਕੀਤੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਵਿਸ਼ੇਸ਼ ਪੰਡਾਲ ਵਿਖੇ ਰੱਖੇ ਗਏ ਸੈਮੀਨਾਰ ਵਿੱਚ ਬੋਲਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਜੀ ਧਰਮ ਅਤੇ ਸਦਾਚਾਰ ਦੇ ਮਾਰਗ 'ਤੇ ਚੱਲਣ ਵਾਲਿਆਂ ਲਈ ਸਦੀਵੀ ਪ੍ਰੇਰਨਾ ਸਰੋਤ ਹਨ। ਇਤਿਹਾਸ ਦੇ ਪੰਨਿਆਂ 'ਤੇ ਇਨ੍ਹਾਂ ਨੂੰ ਦਸਮੇਸ਼ ਪਿਤਾ, ਸਾਹਿਬ-ਏ-ਕਮਾਲ, ਸਰਬੰਸਦਾਨੀ, ਯੁਗ ਪੁਰਸ਼, ਮਹਾਨ ਵਿਦਵਾਨ, ਸੰਤ-ਸਿਪਾਹੀ, ਬਾਦਸ਼ਾਹ ਦਰਵੇਸ਼ ਆਦਿ ਵਿਸ਼ੇਸ਼ਣਾਂ ਸਹਿਤ ਯਾਦ ਕੀਤਾ ਜਾਂਦਾ ਹੈ। ਗੁਰੂ ਜੀ ਨੇ ਸਮਾਜ ਵਿਚ ਪੈਦਾ ਹੋਈ ਬਦੀ ਦੀ ਭਾਵਨਾ ਨੂੰ ਦੂਰ ਕਰਕੇ ਸਚਾਈ ਅਤੇ ਪਰਉਪਕਾਰ ਦੀ ਭਾਵਨਾ ਨੂੰ ਪ੍ਰਫੁਲਿਤ ਕੀਤਾ ਹੈ। ਗੁਰੂ ਜੀ ਨੇ ਲੋਕਾਈ 'ਤੇ ਹੋ ਰਹੇ ਜਬਰ ਅਤੇ ਜ਼ੁਲਮ ਨੂੰ ਠੱਲ੍ਹ ਪਾ ਕੇ ਸਮਾਜ ਵਿਚ ਪ੍ਰੇਮ ਅਤੇ ਭਾਈਚਾਰੇ ਦੀ ਭਾਵਨਾ ਨੂੰ ਦ੍ਰਿੜ ਕੀਤਾ ਹੈ।

ਪ੍ਰੋ: ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਵਰਤਮਾਨ ਸਮਾਜ ਦੀ ਵਿਕਾਸਮੁਖੀ ਗਤੀ ਵਿਚ ਰੁਕਾਵਟ ਪਾਉਣ ਵਾਲੀਆਂ ਵਰਗ-ਵੰਡ ਅਤੇ ਵਰਣ-ਵੰਡ ਜਿਹੀਆਂ ਸ਼ਕਤੀਆਂ ਨੂੰ ਸਦੀਵੀ ਤੌਰ 'ਤੇ ਸਮਾਪਤ ਕਰਦੇ ਹੋਏ ਖਾਲਸਾ ਪੰਥ ਦੀ ਸਿਰਜਨਾ ਕੀਤੀ ਸੀ ਜਿਸ ਨੇ ਸਮਾਜ ਦੀਆਂ ਨਕਾਰਾਤਮਿਕ ਸ਼ਕਤੀਆਂ ਨਾਲ ਲੋਹਾ ਲੈਂਦੇ ਹੋਏ ਸਮਾਜ ਵਿਚ ਅਣਖ ਅਤੇ ਸਵੈਮਾਨ ਦੇ ਮਾਰਗ ਨੂੰ ਸਥਾਪਿਤ ਕੀਤਾ। ਅਜਿਹੇ ਮਹਾਨ ਗੁਰੂ ਦੀ ਸਖ਼ਸ਼ੀਅਤ ਅਤੇ ਕਾਰਜਾਂ ਸਬੰਧੀ ਜਾਣਕਾਰੀ ਪ੍ਰੇਰਨਾ ਸਰੋਤ ਹੈ। ਸਮਾਜ ਨੂੰ ਪ੍ਰਭੂ-ਮੁਖੀ ਦਿਸ਼ਾ ਵੱਲ ਲਿਜਾਣ ਵਾਲੀ ਇਸ ਸਖ਼ਸ਼ੀਅਤ ਸਬੰਧੀ ਬਹੁਤ ਸਾਰੇ ਖੋਜ-ਕਾਰਜ ਕੀਤੇ ਜਾ ਚੁੱਕੇ ਹਨ ਅਤੇ ਨਿਰੰਤਰ ਜਾਰੀ ਹਨ। ਇਸ ਸੰਦਰਭ ਵਿਚ 'ਗੁਰੂ ਗੋਬਿੰਦ ਸਿੰਘ ਜੀ ਅਤੇ ਬਿਹਾਰ ਦੀ ਸਿੱਖ ਵਿਰਾਸਤ' ਵਿਸ਼ੇ 'ਤੇ ਡਾ: ਪਰਮਵੀਰ ਸਿੰਘ ਦੁਆਰਾ ਕੀਤਾ ਗਿਆ ਇਹ ਖੋਜ-ਕਾਰਜ ਮਹੱਤਵਪੂਰਨ ਹੈ। ਇਸ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਖ਼ਸ਼ੀਅਤ ਨੂੰ ਉਜਾਗਰ ਕਰਨ ਦੇ ਨਾਲ-ਨਾਲ ਬਿਹਾਰ ਦੇ ਇਤਿਹਾਸਕ ਗੁਰਧਾਮਾ ਸਬੰਧੀ ਜਾਣਕਾਰੀ ਅਤੇ ਓਥੇ ਮੌਜੂਦ ਹੁਕਮਨਾਮੇ ਇਸ ਪੁਸਤਕ ਵਿਚ ਮੌਜੂਦ ਹਨ ਜਿਹੜੇ ਕਿ ਵਿਦਿਆਰਥੀਆਂ ਅਤੇ ਖੋਜਾਰਥੀਆਂ ਦੇ ਨਾਲ-ਨਾਲ ਪਾਠਕਾਂ ਅਤੇ ਸਿੱਖ ਸ਼ਰਧਾਲੂਆਂ ਲਈ ਲਾਹੇਵੰਦ ਸਾਬਤ ਹੋਣਗੇ।

ਇਸ ਮੌਕੇ ਸ.ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ, ਸ.ਗੁਰਚਰਨ ਸਿੰਘ ਗਰੇਵਾਲ,

ਸ.ਸੁਰਜੀਤ ਸਿੰਘ ਭਿੱਟੇਵਡ, ਭਾਈ ਰਾਮ ਸਿੰਘ ਅੰਤ੍ਰਿੰਗ ਮੈਂਬਰ, ਬੀਬੀ ਕਿਰਨਜੋਤ ਕੌਰ ਤੇ ਸ.ਰਜਿੰਦਰ ਸਿੰਘ ਮਹਿਤਾ ਤੇ ਸ.ਅਜੈਬ ਸਿੰਘ ਅਭਿਆਸੀ ਮੈਂਬਰ, ਡਾ: ਰੂਪ ਸਿੰਘ ਸਕੱਤਰ, ਸ.ਹਰਭਜਨ ਸਿੰਘ ਮਨਾਵਾਂ ਤੇ ਡਾ: ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ.ਸਕੱਤਰ ਸਿੰਘ ਮੀਤ ਸਕੱਤਰ, ਬਾਬਾ ਅਵਤਾਰ ਸਿੰਘ ਬਿਧੀਚੰਦੀਏ, ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਅਕਾਲੀ ਬੁੱਢਾ ਦਲ ੯੬ ਕਰੋੜੀ, ਡਾ: ਜਸਪਾਲ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ: ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਡਾ: ਬਲਵੰਤ ਸਿੰਘ ਢਿੱਲੋਂ ਅਤੇ ਹੋਰ ਪ੍ਰਮੁੱਖ ਵਿਦਵਾਨ ਸਖ਼ਸ਼ੀਅਤਾਂ ਦੇ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੪ ਜਨਵਰੀ*

## ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਰਾਸ਼ਟਰਪਤੀ ਦੇ ਸਕੱਤਰ ਨੂੰ ਭਾਈ ਰਾਜੋਆਣਾ ਕੇਸ ਸਬੰਧੀ ਪੱਤਰ ਲਿਖਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਭਾਰਤ ਦੇ ਰਾਸ਼ਟਰਪਤੀ ਸ੍ਰੀ ਪ੍ਰਣਬ ਮੁਖਰਜੀ ਦੇ ਸਕੱਤਰ ਨੂੰ ਇੱਕ ਯਾਦ ਪੱਤਰ ਲਿਖਦਿਆਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਮੁਆਫ਼ੀ ਦੇ ਕੇਸ ਸਬੰਧੀ ਮਾਨਯੋਗ ਰਾਸ਼ਟਰਪਤੀ ਨਾਲ ਮਿਲਣੀ ਦਾ ਸਮਾਂ ਮੰਗਿਆ ਹੈ। ਆਪਣੇ ਪੱਤਰ ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਰਾਸ਼ਟਰਪਤੀ ਦੇ ਸਕੱਤਰ ਨੂੰ ਲਿਖਿਆ ਹੈ ਕਿ ਬੀਤੀ ੧੫ ਨਵੰਬਰ ਨੂੰ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਮਾਨਯੋਗ ਰਾਸ਼ਟਰਪਤੀ ਦੇ ਨਾਮ ਇਸੇ ਸਬੰਧ ਵਿਚ ਲਿਖੇ ਪੱਤਰ ਦਾ ਹੁਣ ਤਕ ਕੋਈ ਜਵਾਬ ਨਹੀਂ ਦਿੱਤਾ ਗਿਆ, ਇਸ ਲਈ ਦੁਬਾਰਾ ਇਹ ਯਾਦ ਪੱਤਰ ਭੇਜਿਆ ਜਾ ਰਿਹਾ ਹੈ। ਯਾਦ ਪੱਤਰ ਵਿਚ ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਵਫ਼ਦ ਦੀ ਰਾਸ਼ਟਰਪਤੀ ਨਾਲ ਜਲਦੀ ਮਿਲਣੀ ਦੀ ਆਸ ਪ੍ਰਗਟ ਕੀਤੀ ਹੈ।

ਜ਼ਿਕਰੇ-ਖਾਸ ਹੈ ਕਿ ਬੀਤੇ ਦਿਨੀਂ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਆਪਣੀ ਸਜ਼ਾ ਸਬੰਧੀ ਫੈਸਲੇ ਵਿਚ ਹੋ ਰਹੀ ਦੇਰੀ ਕਾਰਨ ਭੁੱਖ ਹੜਤਾਲ ਰੱਖੀ ਗਈ ਸੀ ਜਿਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਭਾਈ ਰਾਜੋਆਣਾ ਨਾਲ ਗੱਲਬਾਤ ਕਰਕੇ ਖ਼ਤਮ ਕਰਵਾਇਆ ਗਿਆ ਸੀ। ਪ੍ਰੋ. ਬਡੂੰਗਰ ਨੇ ਭਾਈ ਰਾਜੋਆਣਾ ਨੂੰ ਮਾਮਲੇ ਦੇ ਜਲਦੀ ਹੱਲ ਲਈ ਰਾਸ਼ਟਰਪਤੀ ਨੂੰ ਮਿਲਣ ਦਾ ਭਰੋਸਾ ਦਿੱਤਾ ਸੀ। ਭਾਈ ਰਾਜੋਆਣਾ ਨਾਲ ਕੀਤੇ ਆਪਣੇ ਵਚਨ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਇੱਕ ੭ ਮੈਂਬਰੀ ਵਫ਼ਦ ਦਾ ਗਠਨ ਕਰਕੇ ਭਾਰਤ ਦੇ ਰਾਸ਼ਟਰਪਤੀ ਪਾਸੋਂ ਇੱਕ ਪੱਤਰ ਰਾਹੀਂ ਮਿਲਣੀ ਲਈ ਸਮਾਂ ਮੰਗਿਆ ਗਿਆ ਸੀ ਜਿਸ ਦਾ ਜਵਾਬ ਨਾ ਮਿਲਣ 'ਤੇ ਮੁੱਖ ਸਕੱਤਰ ਨੇ ਮੁੜ ਯਾਦ ਪੱਤਰ ਭੇਜਿਆ ਹੈ। ਸ਼੍ਰੋਮਣੀ ਕਮੇਟੀ ਵੱਲੋਂ ਰਾਸ਼ਟਰਪਤੀ ਨੂੰ ਮਿਲਣ ਵਾਲੇ ਵਫ਼ਦ ਦੇ ਮੈਂਬਰਾਂ ਵਿਚ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਤੋਂ ਇਲਾਵਾ ਸ. ਮਨਜੀਤ ਸਿੰਘ ਜੀ.ਕੇ. ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ, ਸ. ਮਨਜਿੰਦਰ ਸਿੰਘ ਸਿਰਸਾ ਜਨਰਲ ਸਕੱਤਰ ਦਿੱਲੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ, ਸ. ਅਵਤਾਰ ਸਿੰਘ ਲੀਗਲ ਸਕੱਤਰ ਸ਼੍ਰੋਮਣੀ ਕਮੇਟੀ ਅਤੇ ਸ. ਪਰਮਜੀਤ ਸਿੰਘ ਥਿਆੜਾ ਐਡਵੋਕੇਟ, ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਨਾਮ ਸ਼ਾਮਿਲ ਕੀਤੇ ਗਏ ਸਨ। *੧੧ ਦਸੰਬਰ*

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ

ਅੰਮ੍ਰਿਤਸਰ- ਧਰਮ ਅਤੇ ਮਨੁੱਖਤਾ ਦੀ ਰੱਖਿਆ ਖਾਤਰ ਆਪਣਾ ਸਰਬੰਸ ਕੁਰਬਾਨ ਕਰਨ ਵਾਲੇ ਸਾਹਿਬ-ਏ-ਕਮਾਲ, ਨੀਲੇ ਦੇ ਸ਼ਾਹ-ਅਸਵਾਰ, ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ

ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ-ਕੀਰਤਨ ਸਜਾਇਆ ਗਿਆ। ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਐਡੀਸ਼ਨਲ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਚੌਰ ਸਾਹਿਬ ਦੀ ਸੇਵਾ ਨਿਭਾਅ ਰਹੇ ਸਨ। ਨਗਰ ਕੀਰਤਨ ਵਿੱਚ ਸਮੂਹ ਨਿਹੰਗ ਸਿੰਘ ਜਥੇਬੰਦੀਆਂ, ਧਾਰਮਿਕ ਟਕਸਾਲਾਂ, ਸਕੂਲਾਂ/ਕਾਲਜਾਂ ਦੇ ਵਿਦਿਆਰਥੀ, ਵੱਖ-ਵੱਖ ਬੈਂਡ ਪਾਰਟੀਆਂ, ਗੱਤਕਾ ਪਾਰਟੀਆਂ ਤੇ ਸਤਿਨਾਮੁ-ਵਾਹਿਗੁਰੂ ਦਾ ਜਾਪ ਕਰਦੀਆਂ ਸੰਗਤਾਂ ਸ਼ਾਮਲ ਸਨ।

ਇਹ ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋ ਕੇ ਸ੍ਰੀ ਗੁਰੂ ਰਾਮਦਾਸ ਨਿਵਾਸ, ਬ੍ਰਹਮ ਬੂਟਾ ਮਾਰਕੀਟ, ਮਾਹਣਾ ਸਿੰਘ ਰੋਡ, ਚੌਂਕ ਘੰਟਾ ਘਰ, ਬਜ਼ਾਰ ਮਾਈ ਸੇਵਾ, ਬਾਜ਼ਾਰ ਕਾਠੀਆਂ, ਬਾਜ਼ਾਰ ਪਾਪੜਾਂ, ਬਜ਼ਾਰ ਬਾਸਾਂ, ਚੌਂਕ ਛੱਤੀ ਖੂਹੀ, ਚਾਵਲ ਮੰਡੀ, ਕਣਕ ਮੰਡੀ, ਢਾਬ ਵਸਤੀ ਰਾਮ, ਚੌਂਕ ਚਿੰਤਪੁਰਨੀ, ਜੌੜਾ ਪਿੱਪਲ, ਚੌਂਕ ਚਬੂਤਰਾ, ਚੌਂਕ ਜੈ ਸਿੰਘ, ਚੌਂਕ ਮੋਨੀ, ਚੌਂਕ ਕਰੋੜੀ, ਚੌਂਕ ਬਾਬਾ ਸਾਹਿਬ, ਚੌਂਕ ਪ੍ਰਾਗਦਾਸ ਤੋਂ ਸ੍ਰੀ ਗੁਰੂ ਰਾਮਦਾਸ ਨਿਵਾਸ ਤੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੰਨ ਹੋਇਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀਸ਼ਨਲ ਹੈਡ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਕਿਹਾ ਕਿ ਦਸਮੇਸ਼ ਪਿਤਾ ਜੀ ਦਾ ਸਮੁੱਚਾ ਜੀਵਨ ਹੀ ਹੱਕ, ਸੱਚ, ਨਿਆਂ ਅਤੇ ਧਰਮ ਦੀ ਰਖਵਾਲੀ ਲਈ ਸੇਧਤ ਸੀ। ਉਨ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੇ ਫਲਸਫੇ ਤੋਂ ਸੇਧ ਪ੍ਰਾਪਤ ਕਰਕੇ ਜੀਵਨ ਜਿਉਣ ਦੀ ਸੰਗਤਾਂ ਨੂੰ ਅਪੀਲ ਕੀਤੀ ਅਤੇ ਕਿਹਾ ਕਿ ਉਹ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਖੰਡੇ-ਬਾਟੇ ਦੀ ਪਾਹੁਲ ਛਕ ਕੇ ਇਕ ਨਰੋਏ ਸਮਾਜ ਦੀ ਸਿਰਜਨਾ ਕਰਨ ਅਤੇ ਦਸਮ ਪਿਤਾ ਵੱਲੋਂ ਦਰਸਾਏ ਮਾਰਗ ਦੇ ਪਾਂਧੀ ਬਣਨ।

ਨਗਰ ਕੀਰਤਨ 'ਚ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਕੇਵਲ ਸਿੰਘ ਵਧੀਕ ਸਕੱਤਰ, ਸ. ਕੁਲਵਿੰਦਰ ਸਿੰਘ 'ਰਮਦਾਸ', ਸ. ਸਿਮਰਜੀਤ ਸਿੰਘ, ਸ. ਬਲਵਿੰਦਰ ਸਿੰਘ, ਸ. ਮਹਿੰਦਰ ਸਿੰਘ ਤੇ ਸ. ਸਤਿੰਦਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਤੇ ਸ. ਰਘਬੀਰ ਸਿੰਘ ਮੰਡ ਮੈਨੇਜਰ, ਸ. ਗੁਰਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ ਤੇ ਸ. ਹਰਜਿੰਦਰ ਸਿੰਘ ਵਧੀਕ ਮੈਨੇਜਰ, ਸ. ਪ੍ਰੀਤਪਾਲ ਸਿੰਘ ਐਲ ਏ, ਸ. ਯੁਵਰਾਜ ਭੁਪਿੰਦਰ ਸਿੰਘ ਤੇ ਸ. ਗੁਰਪ੍ਰਤਾਪ ਸਿੰਘ ਟਿੱਕਾ ਅਕਾਲੀ ਆਗੂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਸਮੁੱਚੇ ਸਟਾਫ਼ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

*੪ ਜਨਵਰੀ*

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ-ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ 'ਚ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਚੌਰ ਸਾਹਿਬ ਦੀ ਸੇਵਾ ਨਿਭਾਅ ਰਹੇ ਸਨ। ਨਗਰ ਕੀਰਤਨ ਵਿੱਚ ਸ਼ਹਿਰ ਦੀਆਂ ਸਭਾ-ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ, ਟਕਸਾਲਾਂ, ਗੱਤਕਾ

ਪਾਰਟੀਆਂ, ਸਕੂਲੀ ਬੈਂਡ, ਵੱਖ-ਵੱਖ ਸਕੂਲਾਂ/ਕਾਲਜਾਂ ਦੇ ਬੱਚੇ, ਬੈਂਡ ਪਾਰਟੀਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਹ ਨਗਰ ਕੀਰਤਨ ਸਰਾਂ ਸ੍ਰੀ ਗੁਰੂ ਰਾਮਦਾਸ ਤੋਂ ਚੌਂਕ ਪ੍ਰਾਗਦਾਸ, ਚੌਂਕ ਬਾਬਾ ਸਾਹਿਬ, ਚੌਂਕ ਕਰੋੜੀ, ਬਾਬਾ ਦੀਪ ਸਿੰਘ ਕਲੋਨੀ, ਚੌਂਕ ਮੋਨੀ, ਹਵੇਲੀ ਅਬਲਵਾਈਆਂ, ਚੌਂਕ ਜੈ ਸਿੰਘ, ਬਜ਼ਾਰ ਲੁਹਾਰਾਂ, ਚੌਂਕ ਲਛਮਣਸਰ, ਕਣਕ ਮੰਡੀ, ਦਾਲ ਮੰਡੀ, ਚਾਵਲ ਮੰਡੀ, ਚੌਂਕ ਭਾਈ ਮਤੀਦਾਸ, ਚੌਂਕ ਛੱਤੀ ਖੂਹੀ, ਬਜ਼ਾਰ ਬਾਂਸਾਂ ਵਾਲਾ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ, ਦਰਸ਼ਨੀ ਡਿਉੜੀ ਤੋਂ ਗੁਰੂ ਬਜ਼ਾਰ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ।

ਇਸ ਮੌਕੇ ਭਾਈ ਰਾਮ ਸਿੰਘ ਤੇ ਸ. ਬਲਵਿੰਦਰ ਸਿੰਘ ਵੇਂਈਪੂਈ ਅੰਤ੍ਰਿੰਗ ਕਮੇਟੀ ਮੈਂਬਰ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਹਰਭਜਨ ਸਿੰਘ ਮਨਾਵਾਂ, ਸ. ਦਿਲਜੀਤ ਸਿੰਘ ਬੇਦੀ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਤੇ ਸ. ਗੁਰਿੰਦਰ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ.ਹਰਜਿੰਦਰ ਸਿੰਘ ਮੀਤ ਸਕੱਤਰ, ਸ. ਇਕਬਾਲ ਸਿੰਘ, ਸ. ਸੁਖਬੀਰ ਸਿੰਘ, ਸ. ਲਖਵਿੰਦਰ ਸਿੰਘ ਬਦੋਵਾਲ ਤੇ ਸ. ਬਘੇਲ ਸਿੰਘ ਵਧੀਕ ਮੈਨੇਜਰ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ. ਮਨਿੰਦਰ ਮੋਹਣ ਸਿੰਘ ਤੇ ਸ. ਬਲਕਾਰ ਸਿੰਘ ਜੌੜਾ ਇੰਚਾਰਜ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ ਤੋਂ ਇਲਾਵਾ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ। *੩ ਦਸੰਬਰ*

# ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ

ਅੰਮ੍ਰਿਤਸਰ- ਸਿੱਖ ਕੌਮ ਦੇ ਮਹਾਨ ਸੂਰਬੀਰ ਯੋਧੇ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਜਿਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰ ਅਜਮਤ ਨੂੰ ਬਹਾਲ ਰੱਖਣ ਲਈ ਤੇ ਗੁਰ ਅਸਥਾਨ ਤੇ ਹਮਲਾ ਕਰਨ ਵਾਲੇ ਅਫਗਾਨੀ ਹਮਲਾਵਰ ਅਹਿਮਦ ਸ਼ਾਹ ਅਬਦਾਲੀ ਵੱਲੋਂ ਭੇਜੀ ਗਈ ੩੦ ਹਜ਼ਾਰ ਦੀ ਫੌਜ ਦਾ ਆਪਣੇ ੩੦ ਸੂਰਬੀਰ ਸਿੰਘਾਂ ਨਾਲ ਡੱਟ ਕੇ ਮੁਕਾਬਲਾ ਕਰਦਿਆਂ ਸ਼ਹਾਦਤ ਨੂੰ ਪ੍ਰਾਪਤ ਕੀਤਾ ਅਤੇ ਸੂਰਬੀਰਤਾ ਦੀ ਅਨੋਖੀ ਮਿਸਾਲ ਕਾਇਮ ਕਰਦਿਆਂ ਇਕ ਨਵੇਂ ਇਤਿਹਾਸ ਦੀ ਸਿਰਜਨਾ ਕੀਤੀ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕੌਮ ਦੇ ਮਹਾਨ ਸੂਰਬੀਰ ਯੋਧੇ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਮਨਾਏ ਗਏ ਸ਼ਹੀਦੀ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਨੇ ਕਿਹਾ ਕਿ ਸ਼ਹੀਦ ਕੌਮ ਦਾ ਵੱਡਮੁੱਲਾ ਸਰਮਾਇਆ ਹੁੰਦੇ ਹਨ, ਸਿੱਖ ਕੌਮ ਦੀ ਬੁਨਿਆਦ ਹੀ ਸ਼ਹੀਦਾਂ ਦੇ ਡੁੱਲ੍ਹੇ ਖ਼ੂਨ ਉਪਰ ਰੱਖੀ ਗਈ ਹੈ। ਜਿਸ ਸਦਕਾ ਸਿੱਖ ਕੌਮ ਦੀ ਅਣਖ, ਗੈਰਤ, ਚੜ੍ਹਦੀ ਕਲਾ ਤੇ ਪਵਿੱਤਰ ਗੁਰਧਾਮਾਂ ਦੀ ਰਾਖੀ ਕਰਨ ਅਤੇ ਗੁਰ-ਮਰਯਾਦਾ ਨੂੰ ਬਹਾਲ ਰੱਖਣ ਵਾਲੇ ਸਮੂਹ ਸ਼ਹੀਦ ਸਿੰਘ ਸੂਰਮਿਆਂ ਦੀਆਂ ਕੁਰਬਾਨੀਆਂ ਸਾਡੇ ਸਾਰਿਆਂ ਲਈ ਪ੍ਰੇਰਨਾ ਦਾ ਸਰੋਤ ਹਨ। ਉਨ੍ਹਾਂ ਨੇ ਕਿਹਾ ਕਿ ਮੌਜੂਦਾ ਸਮੇਂ ਅੰਦਰ ਸਮੁੱਚੀ ਕੌਮ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੀ ਲਾਸਾਨੀ ਕੁਰਬਾਨੀ ਤੋਂ ਪ੍ਰੇਰਨਾ ਲੈ ਕੇ ਬਾਣੀ ਤੇ ਬਾਣੇ ਦੇ ਧਾਰਨੀ ਬਣੇ ਤਾਂ ਹੀ ਸਿੱਖੀ ਦੀ ਫੁਲਵਾੜੀ ਸਮੁੱਚੇ ਸੰਸਾਰ ਅੰਦਰ ਹੋਰ ਪ੍ਰਫੁੱਲਿਤ ਹੋ ਸਕੇਗੀ। ਇਸ ਤੋਂ ਪਹਿਲਾ ਬੜੀ ਸ਼ਰਧਾ ਤੇ ਭਾਵਨਾ ਨਾਲ ਆਯੋਜਿਤ ਕੀਤੇ ਗਏ ਸਮਾਗਮ ਮੌਕੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਦੇ ਜਥੇ ਵੱਲੋਂ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਭਾਈ ਕੁਲਵਿੰਦਰ ਸਿੰਘ ਅਰਦਾਸੀਏ ਨੇ ਕੀਤੀ। ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ। *੩ ਦਸੰਬਰ*

# ਸ਼੍ਰੋਮਣੀ ਕਮੇਟੀ ਨੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜ੍ਹਾ ਮਨਾਇਆ

## ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ- ਹਰਚਰਨ ਸਿੰਘ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੌਮ ਦੇ ਮਹਾਨ ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ-ਭਾਵਨਾ ਨਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਬੈਂਕਾ ਦੇ ਜਥੇ ਵੱਲੋਂ ਵਿਰਾਗ ਮਈ ਬਾਣੀ ਦੇ ਕੀਰਤਨ ਕੀਤੇ ਗਏ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ।

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਅੱਜ ਅਸੀਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕੌਮ ਦੇ ਮਹਾਨ ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਇਕੱਤਰ ਹੋਏ ਹਾਂ। ਉਨ੍ਹਾਂ ਕਿਹਾ ਕਿ ਤੇਗ ਦੇ ਧਨੀ, ਤਿਲਕ ਜੰਞੂ ਦੇ ਰਾਖੇ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਜੰਗਾਂ ਵੀ ਲੜੀਆਂ ਤੇ ਧਰਮ ਹੇਤ ਸੀਸ ਵੀ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਸਮੇਂ ਇਹ ਤਿੰਨੋ ਸਿੱਖੀ ਸਿਦਕ ਵਾਲੇ ਸਿੱਖ ਉਨ੍ਹਾਂ ਦੇ ਨਾਲ ਸਨ। ਸਮੇਂ ਦੀ ਜ਼ਾਲਮ ਹਕੂਮਤ ਵੱਲੋਂ ਗੁਰੂ ਸਾਹਿਬ ਜੀ ਦੀ ਸ਼ਹਾਦਤ ਤੋਂ ਪਹਿਲਾਂ ਇਨ੍ਹਾਂ ਅੱਗੇ ਤਿੰਨ ਸ਼ਰਤਾਂ ਰੱਖੀਆਂ ਗਈਆਂ। ਉਹ ਸਨ ਕਰਾਮਾਤ ਦਿਖਾਓ, ਸਿੱਖੀ ਛੱਡ ਦਿਓ ਜਾਂ ਫਿਰ ਮਰਨ ਲਈ ਤਿਆਰ ਹੋ ਜਾਓ ! ਪਰ ਗੁਰੂ ਕਿਆਂ ਸਿੱਖਾਂ ਨੇ ਪਹਿਲੀਆਂ ਦੋਵੇਂ ਸ਼ਰਤਾਂ ਨਾ ਮਨਜ਼ੂਰ ਕਰਕੇ ਸ਼ਹੀਦ ਹੋਣਾ ਕਬੂਲ ਕੀਤਾ। ਭਾਈ ਮਤੀ ਦਾਸ ਜੀ ਨੂੰ ਆਰੇ ਨਾਲ ਚੀਰ ਕੇ ਦੋ ਫਾੜ ਕਰ ਦਿੱਤਾ ਗਿਆ, ਭਾਈ ਦਿਆਲਾ ਜੀ ਨੂੰ ਉਬਲਦੇ ਪਾਣੀ ਦੀ ਦੇਗ 'ਚ ਉਬਾਲਿਆ ਗਿਆ ਤੇ ਭਾਈ ਸਤੀ ਦਾਸ ਜੀ ਨੂੰ ਰੂੰ ਵਿੱਚ ਲਪੇਟ ਕੇ ਅੱਗ ਲਾ ਕੇ ਸ਼ਹੀਦ ਕੀਤਾ ਗਿਆ। ਪਰ ਤਿੰਨੋ ਗੁਰੂ ਕੇ ਸਿੱਖਾਂ ਨੇ ਗੁਰੂ ਵੱਲੋਂ ਮੁੱਖ ਨਹੀਂ ਮੋੜਿਆ ਤੇ ਸ੍ਰੀ ਜਪੁਜੀ ਸਾਹਿਬ ਜੀ ਦੀ ਪਾਵਨ ਬਾਣੀ ਦਾ ਪਾਠ ਕਰਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ। ਉਨ੍ਹਾਂ ਕਿਹਾ ਕਿ ਗੁਰੂ ਕਾ ਸਿੱਖ ਸ਼ਹੀਦ ਹੋਣਾ ਪ੍ਰਵਾਨ ਕਰਦਾ ਹੈ ਤੇ ਇਹੋ ਅਰਦਾਸ ਕਰਦਾ ਹੈ ਕਿ ਸਤਿਗੁਰੂ ਕਦੇ ਵੀ ਤੇਰੀ ਕਰਵਟ ਮੇਰੇ ਵੱਲ ਨਾ ਹੋਵੇ, ਹਮੇਸ਼ਾਂ ਤੇਰਾ ਤੇ ਮੇਰਾ ਮੁੱਖ ਇਕ ਦੂਜੇ ਦੇ ਵੱਲ ਹੋਵੇ। ਉਨ੍ਹਾਂ ਕਿਹਾ ਕਿ ਸਾਨੂੰ ਇਨ੍ਹਾਂ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈਂਦੇ ਹੋਏ ਇਧਰ ਉਧਰ ਨਾ ਭਟਕ ਕੇ ਸਤਿਗੁਰੂ ਦੇ ਚਰਨਾਂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਕੇ ਸਿੱਖ ਨੂੰ ਹਮੇਸ਼ਾਂ ਸਿੱਖੀ ਵਿੱਚ ਪਰਪੱਕ ਰਹਿਣਾ ਚਾਹੀਦਾ ਹੈ।

ਸ. ਹਰਚਰਨ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ। ਉਨ੍ਹਾਂ ਕਿਹਾ ਕਿ ਜ਼ਾਲਮ ਮੁਗਲ ਬਾਦਸ਼ਾਹ ਔਰੰਗਜ਼ੇਬ ਦੀ ਕਬਰ ਤੇ ਅਜੇ ਵੀ ਕੋਈ ਛੱਤ ਨਹੀਂ ਪਰ ਸਾਡੇ ਗੁਰੂ ਸਾਹਿਬਾਨ ਤੇ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਸੁੰਦਰ ਗੁਰ-ਅਸਥਾਨ ਬਣੇ ਹਨ। ਜਿੱਥੇ ਅਸੀਂ ਹਰ ਸਾਲ ਉਨ੍ਹਾਂ ਦੇ ਦਿਹਾੜੇ ਬੜੀ-ਸ਼ਰਧਾ ਭਾਵਨਾ ਨਾਲ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾ ਕੇ ਮਨਾਉਂਦੇ ਹਾਂ। ਉਨ੍ਹਾਂ ਸਮਾਗਮ ਵਿੱਚ ਸ਼ਾਮਿਲ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦਾ ਧੰਨਵਾਦ ਕੀਤਾ ਤੇ ਮਹਾਨ ਸ਼ਹੀਦ ਸਿੰਘਾਂ ਦੀ ਯਾਦ ਨੂੰ ਆਪਣੇ ਦਿਲ 'ਚ ਵਸਾਉਂਦਿਆਂ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਨਣ ਲਈ ਕਿਹਾ। ਇਸ ਮੌਕੇ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਨਿਜੀ ਸਕੱਤਰ, ਸ. ਸਕੱਤਰ ਸਿੰਘ, ਸ. ਕੁਲਵਿੰਦਰ ਸਿੰਘ 'ਰਮਦਾਸ', ਤੇ

ਸ. ਹਰਜਿੰਦਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,ਭਾਈ ਬਲਜੋਧ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਸਤਨਾਮ ਸਿੰਘ ਮਾਂਗਾਸਰਾਏ, ਸ. ਸਵਰਾਜ ਸਿੰਘ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਮਲਕੀਤ ਸਿੰਘ ਸਹਾਇਕ ਸੁਪ੍ਰਿੰਟੈਂਡੈਂਟ, ਸ. ਸਤਨਾਮ ਸਿੰਘ ਤੇ ਸ. ਨਿਰਮਲ ਸਿੰਘ ਇੰਚਾਰਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ਼ ਦੇ ਇਲਾਵਾ ਭਾਰੀ, ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੪ ਦਸੰਬਰ*

# ਸ਼੍ਰੋਮਣੀ ਕਮੇਟੀ ਨੇ ਭਗਤ ਸੈਣ ਜੀ ਦਾ ਜਨਮ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਸੈਣ ਜੀ ਦਾ ਜਨਮ ਦਿਹਾੜਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ।

ਇਸ ਮੌਕੇ ਆਯੋਜਿਤ ਕੀਤੇ ਗਏ ਗੁਰਮਤਿ ਸਮਾਗਮ ਅੰਦਰ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਕਿਹਾ ਕਿ ਪ੍ਰਭੂ ਬੰਦਗੀ ਤੇ ਅਧਿਆਤਮਕ ਵਿਚਾਰਧਾਰਾ ਵਿੱਚ ਲੀਨ ਰਹਿਣ ਵਾਲੇ ਭਗਤ ਸੈਣ ਜੀ ਪਰਮਾਤਮਾ ਦੇ ਇਕ ਅਜਿਹੇ ਸੱਚੇ ਭਗਤ ਸਨ ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਹਰੀ ਨਾਮ ਦਾ ਜਸ ਗਾਉਂਦਿਆਂ ਤੇ ਉਪਦੇਸ਼ ਦਿੰਦਿਆਂ ਅਕਾਲ ਪੁਰਖ ਦੇ ਲੇਖੇ ਲਾਇਆ ਹੈ। ਉਨ੍ਹਾਂ ਨੇ ਭਗਤ ਸੈਣ ਜੀ ਦੇ ਜੀਵਨ ਸਬੰਧੀ ਰੌਸ਼ਨੀ ਪਾਉਂਦਿਆਂ ਕਿਹਾ ਕਿ ਹਮੇਸ਼ਾ ਪ੍ਰਭੂ ਬੰਦਗੀ ਤੇ ਪ੍ਰਭੂ ਦੇ ਭਗਤਾਂ ਦੀ ਸੇਵਾ ਨੂੰ ਸਮਰਪਿਤ ਰਹਿਣ ਵਾਲੇ ਭਗਤ ਸੈਣ ਜੀ ਇਕ ਪਰਉਪਕਾਰੀ ਸੇਵਕ ਸਨ। ਜਿਸ ਸਦਕਾ ਭਗਤ ਜੀ ਦੀ ਹਸਤੀ ਦੀ ਖੁਸ਼ਬੂ ਦੇਸ਼ ਦੇ ਕੋਨੇ-ਕੋਨੇ ਤੱਕ ਪਹੁੰਚੀ। ਸਿੰਘ ਸਾਹਿਬ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੁਗੋ-ਜੁੱਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਭਗਤ ਸੈਣ ਜੀ ਦਾ ਉਚਰਿਆ ਹੋਇਆ ਕੇਵਲ ਇਕੋ-ਇਕ ਸ਼ਬਦ ਰਾਗ ਧਨਾਸਰੀ ਅੰਗ ੬੯੫ ਤੇ ਦਰਜ ਹੈ। ਜੋ ਸਮੁੱਚੀ ਮਨੁੱਖਤਾ ਨੂੰ ਪ੍ਰਭੂ ਦਾ ਸਿਮਰਨ ਕਰਨ, ਵਹਿਮਾਂ-ਭਰਮਾਂ ਤੇ ਫੋਕਟ ਰਸਮਾਂ ਦਾ ਡੱਟ ਕੇ ਖੰਡਨ ਕਰਨ ਅਤੇ ਧਰਮ ਦੇ ਅਸਲੀ ਤੱਤਾਂ ਨੂੰ ਨੇੜੇ ਲਿਆਉਣ ਦੀ ਤਾਕੀਦ ਕਰਦਾ ਹੈ। ਅੱਜ ਲੋੜ ਹੈ ਸਮੂਹ ਸੰਗਤਾਂ ਭਗਤ ਸੈਣ ਜੀ ਦੇ ਪੂਰਨਿਆ 'ਤੇ ਚੱਲਦਿਆਂ ਹੋਇਆ ਪ੍ਰਭੂ ਕੀਰਤੀ ਵਿੱਚ ਆਪਣਾ ਜਨਮ ਸਫਲਾ ਕਰਨ। ਇਸ ਤੋਂ ਪਹਿਲਾ ਭਗਤ ਸੈਣ ਜੀ ਦੇ ਜਨਮ ਦਿਹਾੜੇ ਨੂੰ ਸ਼ਰਧਾ ਭਾਵਨਾ ਨਾਲ ਮਨਾਉਣ ਹਿਤ ਸ਼੍ਰੋਮਣੀ ਕਮੇਟੀ ਵੱਲੋਂ ਆਯੋਜਿਤ ਕੀਤੇ ਗਏ ਗੁਰਮਤਿ ਸਮਾਗਮ ਸਬੰਧੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਭਾਈ ਸੁਲੱਖਣ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਅੰਮ੍ਰਿਤ ਮਈ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਪ੍ਰਗਟ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਲਿਆ। ਗੁਰਮਤਿ ਸਮਾਗਮ ਦੌਰਾਨ ਨਾਈ ਸਿੱਖ ਮਹਾਂ ਸਭਾ ਦੇ ਪ੍ਰਧਾਨ ਸ. ਧਰਮਵੀਰ ਸਿੰਘ ਉਗਰ ਔਲਖ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਪੁੱਜੇ ਸਭਾ ਦੇ ਮੈਂਬਰਾਂ ਨੇ ਆਪਣੀ ਹਾਜ਼ਰੀ ਲਗਵਾਈ ਅਤੇ ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਸਿਰੋਪਾਓ ਤੇ ਭਗਤ ਸੈਣ ਜੀ ਦੀ ਤਸਵੀਰ ਭੇਟ ਕਰਕੇ ਉਨ੍ਹਾਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਸ. ਰਣਜੀਤ ਸਿੰਘ, ਸ. ਬਿਜੈ ਸਿੰਘ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ, ਸ. ਜਗਜੀਤ ਸਿੰਘ ਮੀਤ ਸਕੱਤਰ, ਸ. ਲਖਵਿੰਦਰ ਸਿੰਘ ਬਦੋਵਾਲ, ਸ. ਹਰਜਿੰਦਰ ਸਿੰਘ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਤੇ ਸ. ਬਲਕਾਰ ਸਿੰਘ ਜੌੜਾ ਇੰਚਾਰਜ, ਭਾਈ ਗੁਰਸੇਵਕ ਸਿੰਘ ਗ੍ਰੰਥੀ

*(ਬਾਕੀ ਪੰਨਾ ੭੫ 'ਤੇ)*



ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਨਗਰ ਕੀਰਤਨ ਦੀ ਸਮਾਪਤੀ ਮੌਕੇ ਅਰਦਾਸ ਵਿਚ ਸ਼ਾਮਲ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ, ਬਾਬਾ ਹਰਨਾਮ ਸਿੰਘ ਖਾਲਸਾ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਸ. ਹਰਚਰਨ ਸਿੰਘ ਮੁੱਖ ਸਕੱਤਰ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ। (27 ਦਸੰਬਰ 2016)



ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਮੌਕੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਤੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ। (27 ਦਸੰਬਰ 2016)



ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਰਾਗੀ ਸਿੰਘਾਂ ਨੂੰ ਸੰਬੋਧਨ ਕਰਦੇ ਹੋਏ
ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।
(12 ਦਸੰਬਰ 2016)



ਸ੍ਰੀ ਦਰਬਾਰ ਸਾਹਿਬ ਸਥਿਤ ਕੇਂਦਰੀ ਸਿੱਖ ਅਜਾਇਬਘਰ ਵਿਖੇ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਦੀ ਤਸਵੀਰ ਸੁਸ਼ੋਭਿਤ ਕਰਨ ਸਮੇਂ
ਉਨ੍ਹਾਂ ਦੀ ਧਰਮ ਪਤਨੀ ਬੀਬੀ ਅਵਤਾਰ ਕੌਰ, ਬੇਟਾ ਹਰਦੇਵ ਸਿੰਘ ਅਤੇ ਬੇਟੀਆਂ ਨੂੰ ਸਿਰੋਪਾਉ ਦੇ ਕੇ ਸਨਮਾਨਤ ਕਰਦੇ ਹੋਏ
ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ।
ਉਨ੍ਹਾਂ ਨਾਲ ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ,
ਗਿਆਨੀ ਜਗਤਾਰ ਸਿੰਘ ਐਡੀ. ਹੈੱਡ ਗ੍ਰੰਥੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਤੇ ਹੋਰ। (12 ਦਸੰਬਰ 2016)



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕਤਰੇਤ ਵਿਖੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਨਮਾਨਤ ਕਰਦੇ ਹੋਏ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗਿਆਨੀ ਗੁਰਮੁਖ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ। ਉਨ੍ਹਾਂ ਨਾਲ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਸੁਰਜੀਤ ਸਿੰਘ ਭਿੱਟੇਵੱਡ ਅੰਤ੍ਰਿੰਗ ਮੈਂਬਰ, ਡਾ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ। (13 ਦਸੰਬਰ 2016)



ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਬੀਬੀ ਸਤਵੰਤ ਕੌਰ ਨੂੰ ਸਹਾਇਕ ਡਾਇਰੈਕਟਰ ਵਿੱਦਿਆ ਦਾ ਨਿਯੁਕਤੀ ਪੱਤਰ ਸੌਂਪਦੇ ਹੋਏ। ਉਨ੍ਹਾਂ ਨਾਲ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ ਤੇ ਸ. ਗੁਰਮੇਲ ਸਿੰਘ ਸੰਗਤਪੁਰਾ ਅੰਤ੍ਰਿੰਗ ਕਮੇਟੀ ਮੈਂਬਰ, ਭਾਈ ਅਜਾਇਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਡਾ. ਪਰਮਜੀਤ ਸਿੰਘ ਸਰੋਆ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ ਤੇ ਹੋਰ। (23 ਦਸੰਬਰ 2016)



ਬੱਚਿਆਂ ਤੇ ਵਿਦਿਆਰਥੀਆਂ ਵਿਚ ਗੁਰਮਤਿ ਲਹਿਰ ਪ੍ਰਚੰਡ ਕਰਨ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਬੁਲਾਈ ਗਈ ਇਕੱਤਰਤਾ ਸਮੇਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਜੈਪਾਲ ਸਿੰਘ ਮੰਡੀਆਂ ਤੇ ਬੀਬੀ ਜੋਗਿੰਦਰ ਕੌਰ ਅੰਤ੍ਰਿੰਗ ਮੈਂਬਰ, ਸ. ਮੋਹਨ ਸਿੰਘ ਬੰਗੀ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਮਨਜੀਤ ਸਿੰਘ ਬੱਪੀਆਣਾ, ਸ. ਗੁਰਪ੍ਰੀਤ ਸਿੰਘ ਝੱਬਰ ਤੇ ਸ. ਅਵਤਾਰ ਸਿੰਘ ਮੈਂਬਰ, ਸ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਐਜੂਕੇਸ਼ਨ ਅਤੇ ਸ. ਕਿਰਪਾਲ ਸਿੰਘ ਚੌਹਾਨ ਇੰਚਾਰਜ। ਹੇਠਾਂ: ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ। (11 ਦਸੰਬਰ 2016)




ਬੀਬੀ ਇੰਦਰਜੀਤ ਕੌਰ ਦੀ ਅਗਵਾਈ 'ਚ ਆਏ ਵਫਦ ਨੂੰ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਤ ਕਰਨ ਸਮੇਂ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਗੁਰਪ੍ਰੀਤ ਸਿੰਘ ਝੱਬਰ ਮੈਂਬਰ ਸ਼੍ਰੋਮਣੀ ਕਮੇਟੀ ਤੇ ਹੋਰ। (31 ਦਸੰਬਰ 2016)



ਵਿਦੇਸ਼ੀ ਵਫਦ ਦੀ ਅਗਵਾਈ ਕਰਨ ਵਾਲੇ ਸ. ਸਤਪਾਲ ਸਿੰਘ ਖਾਲਸਾ ਨੂੰ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਤ ਕਰਦੇ ਹੋਏ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਸਕੱਤਰ ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ ਤੇ ਹੋਰ। (28 ਦਸੰਬਰ 2016)

# ਗੁਰਬਾਣੀ ਜਾਪ ਸਮਾਗਮ



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਦੇ ਹੋਏ ਗੋਬਿੰਦ ਬਾਲਵਾੜੀ ਹਾਈ ਸਕੂਲ, ਗੋਬਿੰਦ ਨਗਰ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਦੇ ਬੱਚੇ ਅਤੇ ਅਧਿਆਪਕ।



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਨ ਉਪਰੰਤ ਖ਼ਾਲਸਾ ਮਿਸ਼ਨ ਅਕੈਡਮੀ ਗੁਰੂ ਹਰਿਸਹਾਏ (ਫਿਰੋਜ਼ਪੁਰ) ਦੇ ਬੱਚਿਆਂ ਨਾਲ ਪ੍ਰਬੰਧਕ ਅਤੇ ਅਧਿਆਪਕ।



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਨ ਉਪਰੰਤ ਦਸਮੇਸ਼ ਪਬਲਿਕ ਸਕੂਲ ਖੁਸਰੋਪੁਰ (ਜਲੰਧਰ) ਦੇ ਬੱਚੇ।

(22 ਦਸੰਬਰ 2016)

# ਗੁਰਬਾਣੀ ਜਾਪ ਸਮਾਗਮ



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਨ ਉਪਰੰਤ ਸ੍ਰੀ ਗੁਰੂ ਹਰਗੋਬਿੰਦ ਮਿਸ਼ਨਰੀ ਸੀਨੀਅਰ ਸੈਕੰਡਰੀ ਸਕੂਲ, ਹਰਗੋਬਿੰਦਗੜ੍ਹ ਦੇ ਬੱਚਿਆਂ ਨੂੰ ਸਨਮਾਨਤ ਕਰਦੇ ਹੋਏ ਪ੍ਰਬੰਧਕ ਤੇ ਅਧਿਆਪਕ।



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਨ ਉਪਰੰਤ ਗੁਰੂ ਹਰਿਰਾਇ ਸਾਹਿਬ ਦੇ ਬੱਚੇ ਤੇ ਅਧਿਆਪਕ।



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਨ ਉਪਰੰਤ ਧਾਰਮਿਕ ਲਿਟਰੇਚਰ ਪ੍ਰਾਪਤ ਕਰਦੇ ਹੋਏ ਸਕੂਲ ਦੇ ਬੱਚੇ।

(22 ਦਸੰਬਰ 2016)

# ਗੁਰਬਾਣੀ ਜਾਪ ਸਮਾਗਮ



ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਗੁਰਬਾਣੀ ਜਾਪ ਕਰਨ ਉਪਰੰਤ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਦਾਤਾ ਬੋਧ ਸਿੰਘ (ਜਲੰਧਰ) ਦੇ ਬੱਚੇ।



ਸੈਕਰੇਟ ਹਾਰਟ ਪਬਲਿਕ ਸਕੂਲ ਪਿੰਡ ਡੱਲਾ (ਕਪੂਰਥਲਾ) ਦੇ ਬੱਚੇ ਗੁਰਬਾਣੀ ਜਾਪ ਕਰਨ ਉਪਰੰਤ ਪ੍ਰਬੰਧਕਾਂ ਪਾਸੋਂ ਧਾਰਮਿਕ ਲਿਟਰੇਚਰ ਪ੍ਰਾਪਤ ਕਰਦੇ ਹੋਏ।



ਸਿੱਖ ਮਿਸ਼ਨ ਅਕੈਡਮੀ ਸੁਲਤਾਨਪੁਰ ਲੋਧੀ (ਕਪੂਰਥਲਾ) ਦੇ ਬੱਚੇ ਗੁਰਬਾਣੀ ਜਾਪ ਕਰਨ ਉਪਰੰਤ ਪ੍ਰਬੰਧਕਾਂ ਪਾਸੋਂ ਧਾਰਮਿਕ ਲਿਟਰੇਚਰ ਪ੍ਰਾਪਤ ਕਰਦੇ ਹੋਏ।

(22 ਦਸੰਬਰ 2016)

(ਪੰਨਾ ੬੬ ਦਾ ਬਾਕੀ)

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ਼੍ਰੋਮਣੀ ਕਮੇਟੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੧੩ ਦਸੰਬਰ*

# ਸਿੱਖ ਧਰਮ ਨੂੰ ਅਪਨਾਉਣ ਵਾਲੇ ਵਿਦੇਸ਼ੀ ਵਫ਼ਦ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ

ਅੰਮ੍ਰਿਤਸਰ- ਸ. ਸਤਪਾਲ ਸਿੰਘ ਖਾਲਸਾ ਤੇ ਸ. ਬਹਾਦਰ ਸਿੰਘ ਦੀ ਅਗਵਾਈ 'ਚ ਵੱਖ-ਵੱਖ ਦੇਸ਼ਾਂ ਨਾਲ ਸਬੰਧਤ ੪੫ ਵਿਅਕਤੀਆਂ ਜਿਨ੍ਹਾਂ ਨੇ ਸਿੱਖ ਧਰਮ ਨੂੰ ਅਪਨਾਇਆ ਹੈ ਉਨ੍ਹਾਂ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਨਤਮਸਤਿਕ ਹੋਣ ਤੇ ਦਫਤਰ ਸ਼੍ਰੋਮਣੀ ਕਮੇਟੀ ਵਿਖੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਡਾ. ਰੂਪ ਸਿੰਘ ਸਕੱਤਰ ਨੇ ਸਿਰੋਪਾਓ, ਧਾਰਮਿਕ ਪੁਸਤਕਾਂ ਦਾ ਸੈਟ ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ।

ਜ਼ਿਕਰਯੋਗ ਹੈ ਕਿ ਇਹ ਵਫਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਵਸ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਵਿਖੇ ਹੋਣ ਵਾਲੇ ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਵਿਸ਼ੇਸ਼ ਤੌਰ 'ਤੇ ਅਮਰੀਕਾ ਤੋਂ ਪਹੁੰਚਿਆ ਹੈ। ਵਫਦ ਵਿੱਚ ਸ਼ਾਮਲ ਮੈਂਬਰ ਅਮਰੀਕਾ, ਚੀਨ, ਅਰਜਨਟੀਨਾ, ਇਟਲੀ, ਰੂਸ, ਇੰਗਲੈਂਡ ਤੇ ਕੈਨੇਡਾ ਨਾਲ ਸਬੰਧਤ ਹਨ।

ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਵਫਦ ਨੂੰ ਸੰਬੋਧਨ ਕਰਦਿਆਂ ਕਿਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ. ਸਤਪਾਲ ਸਿੰਘ ਖਾਲਸਾ ਦੀ ਅਗਵਾਈ 'ਚ ਆਏ ਵਫਦ ਦਾ ਤਹਿ ਦਿਲੋਂ ਸਵਾਗਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸ. ਸਤਪਾਲ ਸਿੰਘ ਵੱਲੋਂ ਵਫਦ 'ਚ ਸ਼ਾਮਲ ਵੱਖ-ਵੱਖ ਦੇਸ਼ਾਂ ਦੇ ਲੋਕਾਂ ਨੂੰ ਸਿੱਖੀ ਨਾਲ ਜੋੜਨ ਦਾ ਉਪਰਾਲਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਫਦ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੌਰਾਨ ਹਰ ਤਰ੍ਹਾਂ ਦੀ ਸਹੂਲਤ ਮੁਹੱਈਆਂ ਕਰਵਾਈ ਜਾਵੇਗੀ।

ਵਿਦੇਸ਼ੀ ਵਫਦ ਵੱਲੋਂ ਸ. ਸਤਪਾਲ ਸਿੰਘ ਨੇ ਸ਼੍ਰੋਮਣੀ ਕਮੇਟੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਗਿਆ ਹੈ ਜਿਸ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ। ਵਫਦ ਦੇ ਮੈਂਬਰਾਂ ਨੇ ਸਿੱਖ ਧਰਮ ਸਬੰਧੀ ਜਾਣਕਾਰੀ ਪ੍ਰਾਪਤ ਕਰਕੇ ਇਸ ਦੀਆਂ ਅਮੀਰ ਪਰੰਪਰਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਸੁਖਬੀਰ ਸਿੰਘ ਵਧੀਕ ਮੈਨੇਜਰ ਤੇ ਹੋਰ ਹਾਜ਼ਰ ਸਨ। *੨੮ ਦਸੰਬਰ*

# ਬੀਬੀ ਇੰਦਰਜੀਤ ਕੌਰ ਖਾਲਸਾ ਦੀ ਅਗਵਾਈ 'ਚ ਵਿਦੇਸ਼ੀ ਸਿੱਖਾਂ ਦਾ ਵਫਦ ਸੱਚਖੰਡ ਸ੍ਰੀ ਦਰਬਾਰ ਸਾਹਿਬ ਨਤਮਸਤਿਕ ਹੋਇਆ

ਅੰਮ੍ਰਿਤਸਰ- ਬੀਬੀ ਇੰਦਰਜੀਤ ਕੌਰ ਖਾਲਸਾ ਪਤਨੀ ਸਵ: ਸ. ਹਰਭਜਨ ਸਿੰਘ ਖਾਲਸਾ ਯੂ ਐਸ ਏ ਦੀ ਅਗਵਾਈ 'ਚ ਵੱਖ-ਵੱਖ ਦੇਸ਼ਾਂ ਨਾਲ ਸਬੰਧਤ ਵਫਦ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਿਕ ਹੋਇਆ। ਇਸ ਉਪਰੰਤ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਤੇ ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਆਏ ਵਫ਼ਦ ਨੂੰ ਸਿਰੋਪਾਓ, ਧਾਰਮਿਕ ਪੁਸਤਕਾਂ ਦਾ ਸੈਟ ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ।

ਜ਼ਿਕਰਯੋਗ ਹੈ ਕਿ ਇਹ ਵਫਦ ਪੰਜਾਬ ਦੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਦੀਦਾਰ ਕਰਨ ਉਪਰੰਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਵਸ ਮੌਕੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ)

ਵਿਖੇ ਹੋਣ ਵਾਲੇ ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋਵੇਗਾ।

ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਵਫਦ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਬੀ ਇੰਦਰਜੀਤ ਕੌਰ ਖਾਲਸਾ ਯੂ ਐਸ ਏ ਦੀ ਅਗਵਾਈ 'ਚ ਆਏ ਵਫਦ ਦਾ ਤਹਿ ਦਿਲੋਂ ਸਵਾਗਤ ਕੀਤਾ ਜਾਂਦਾ ਹੈ। ਇਸ ਵਫਦ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੌਰਾਨ ਮੰਗ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਤਰ੍ਹਾਂ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਵਫਦ ਵਿੱਚ ਸ਼ਾਮਲ ਮੈਂਬਰਾਂ ਤੇ ਗੁਰੂ ਦੀ ਅਪਾਰ ਕਿਰਪਾ ਹੈ ਜਿਨ੍ਹਾਂ ਵੱਲੋਂ ਸਿੱਖ ਧਰਮ ਦੀ ਚੜ੍ਹਦੀ ਕਲਾ ਲਈ ਪ੍ਰਭਾਵਸ਼ਾਲੀ ਕਾਰਜ ਕੀਤੇ ਜਾ ਰਹੇ ਹਨ।

ਵਫਦ ਵੱਲੋਂ ਬੀਬੀ ਇੰਦਰਜੀਤ ਕੌਰ ਖਾਲਸਾ ਯੂ ਐਸ ਏ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਡੇ ਲਈ ਆਪਣੇ ਘਰ ਸਮਾਨ ਹੈ ਜੋ ਹਰ ਤਰ੍ਹਾਂ ਦੀ ਸਹੂਲਤ ਦੇਣ ਲਈ ਹਮੇਸ਼ਾ ਤੱਤਪਰ ਰਹਿੰਦੀ ਹੈ।

ਇਸ ਮੌਕੇ ਸ. ਗੁਰਪ੍ਰੀਤ ਸਿੰਘ ਝੱਬਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਸੁਖਬੀਰ ਸਿੰਘ ਵਧੀਕ ਮੈਨੇਜਰ, ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ ਵਿੱਦਿਆ ਤੋਂ ਇਲਾਵਾ ਵਫਦ 'ਚ ਸ਼ਾਮਲ ਸ. ਕੁਲਬੀਰ ਸਿੰਘ ਯੋਗੀ ਯੂ ਐਸ ਏ, ਸ. ਸਾਦਨਾ ਸਿੰਘ, ਸ. ਹਰਿਮੰਦਰ ਸਿੰਘ, ਸ. ਦਰਬਾਰ ਸਿੰਘ, ਸ. ਕਿਰਪਾਲ ਸਿੰਘ, ਸ. ਕਰਨ ਸਿੰਘ, ਸ. ਸਿਮਰਨ ਸਿੰਘ, ਸ. ਕੀਰਤਨ ਸਿੰਘ, ਬੀਬੀ ਹਰਸਿਮਰਨ ਕੌਰ, ਬੀਬੀ ਦਲਮੀਤ ਕੌਰ, ਬੀਬੀ ਮਨਜੀਤ ਕੌਰ ਤੇ ਬੀਬੀ ਸਤਪਾਲ ਕੌਰ ਆਦਿ ਹਾਜ਼ਰ ਸਨ। *੩੧ ਦਸੰਬਰ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਿਕ ਹੋਏ ਵੱਖ-ਵੱਖ ਏਸ਼ੀਆਈ ਮੁਲਕਾਂ ਦੇ ਵਿਦੇਸ਼ ਮੰਤਰੀ

ਅੰਮ੍ਰਿਤਸਰ- ਭਾਰਤ ਦੇ ਵਿਦੇਸ਼ ਮੰਤਰਾਲੇ ਵੱਲੋਂ ਅੰਮ੍ਰਿਤਸਰ ਵਿਖੇ ੩ ਤੇ ੪ ਦਸੰਬਰ ਨੂੰ ਕਰਵਾਈ ਗਈ ਦੋ ਦਿਨਾ ੬ਵੀਂ ਮਨਿਸਟਰੀਅਲ ਕਾਨਫਰੰਸ ਆਫ 'ਹਾਰਟ ਆਫ ਏਸ਼ੀਆ' ਵਿੱਚ ਸ਼ਾਮਿਲ ਹੋਣ ਲਈ ਆਏ ਭਾਰਤ ਤੋਂ ਇਲਾਵਾ ਪਾਕਿਸਤਾਨ ਦੇ ਵਿਦੇਸ਼ ਮੰਤਰੀ ਸ੍ਰੀ ਤਾਰਿਕ ਅਜੀਜ ਸਮੇਤ ੧੫ ਵੱਖ-ਵੱਖ ਏਸ਼ੀਆਈ ਮੁਲਕਾਂ ਦੇ ਵਿਦੇਸ਼ ਮੰਤਰੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਏ। ਜਿਨ੍ਹਾਂ 'ਚ ਅਫਗਾਨਿਸਤਾਨ ਦੇ ਵਿਦੇਸ਼ੀ ਮਾਮਲਿਆਂ ਦੇ ਵਿਭਾਗ ਦੇ ਮੰਤਰੀ ਮਿਸਟਰ ਰਬਾਨੀ ਸਲਾਹੁਦੀਨ, ਅਜ਼ਰਬਾਈਜਾਨ ਦੇ ਇੰਟਰਨੈਸ਼ਨਲ ਸਕਿਉਰਿਟੀ ਡੀਪਾਰਟਮੈਂਟ ਦੇ ਮੁਖੀ ਮਿਸਟਰ ਗਯਾ ਮਮਾਦੋਵ, ਚੀਨ ਦੇ ਏਸ਼ੀਆ ਮਾਮਲਿਆਂ ਦੇ ਵਿਭਾਗ ਨਾਲ ਸਬੰਧਿਤ ਅਸਿਸਟੈਂਟ ਵਿਦੇਸ਼ ਮੰਤਰੀ ਕੋਂਗ ਯੁਆਨਯੂ, ਕਜਾਕਿਸਤਾਨ ਦੇ ਵਿਦੇਸ਼ੀ ਮਾਮਲਿਆਂ ਨਾਲ ਸਬੰਧਿਤ ਵਿਭਾਗ ਦੇ ਡਿਪਟੀ ਮੰਤਰੀ ਮਿਸਟਰ ਅਕੈਬਿਕ ਕਮਾਲਡੀਨੋਵ, ਪਾਕਿਸਤਾਨ ਦੇ ਪ੍ਰਧਾਨ ਮੰਤਰੀ ਦੇ ਸਲਾਹਕਾਰ ਮਿਸਟਰ ਸਰਤਾਜ ਅਜ਼ੀਜ਼, ਅਫਗਾਨਿਸਤਾਨ ਵਿੱਚ ਰੂਸ ਦੇ ਪ੍ਰਧਾਨ ਮੰਤਰੀ ਦੇ ਵਿਸ਼ੇਸ਼ ਪ੍ਰਤੀਨਿਧ ਮਿਸਟਰ ਜ਼ਮੀਰ ਕਾਬੁਲੋਵ, ਭਾਰਤ ਵਿੱਚ ਸਥਿਤ ਸਾਊਦੀ ਅਰਬ ਅੰਬੈਸੀ ਦੇ ਰਾਜਦੂਤ ਮਿਸਟਰ ਸਾਊਦ ਮੁਹੰਮਦ ਅਲਸਤੀ, ਤਜਾਕਿਸਤਾਨ ਦੇ ਪਹਿਲੇ ਡਿਪਟੀ ਮਨਿਸਟਰ ਮਿਸਟਰ ਨਿਜੋਮੀਦੀਨ ਜੁਹੇਦੀ, ਤੁਰਕੀ ਦੇ ਵਿਦੇਸ਼ੀ ਮਾਮਲਿਆਂ ਨਾਲ ਸਬੰਧਿਤ ਮੰਤਰੀ ਮਿਸਟਰ ਮੈਵਲੁਟ ਕੈਬੂਸੋਗਲੂ, ਤੁਰਮੇਨਿਸਤਾਨ ਦੇ ਵਿਦੇਸ਼ ਮੰਤਰੀ ਮਿਸਟਰ ਰਸ਼ੀਦ ਮੈਰਿਡੋਵ, ਯੂ ਏ ਈ ਤੋਂ ਡਿਪਟੀ ਵਿਦੇਸ਼ ਮੰਤਰੀ ਅਤੇ ਆਈ ਸੀ ਫਾਰ ਇਕਨਾਮਿਕ ਅਫੇਅਰਜ਼ ਮਿਸਟਰ ਅਲਸਈਯਦ ਮੁਹੰਮਦ ਐਚ ਸ਼ਰਫ਼, ਇਰਾਨ ਦੇ ਵਿਦੇਸ਼ੀ ਮਾਮਲਿਆਂ ਨਾਲ ਸਬੰਧਤ ਵਿਭਾਗ ਦੇ ਮੰਤਰੀ ਡਾ: ਜਾਵੇਦ ਜਾਰਿਫ਼, ਕਰਿੰਗਿਸਤਨਾ ਦੇ ਵਿਦੇਸ਼ੀ ਮਾਮਲਿਆਂ ਨਾਲ ਸਬੰਧਿਤ ਮੰਤਰੀ ਮਿਸਟਰ ਅਰਲਨ ਅਤੇ ਸਹਾਇਕ ਦੇਸ਼ (ਸਪੋਰਟਿੰਗ ਕੰਟਰੀ) ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਜਿਨ੍ਹਾਂ ਵਿੱਚ ਮਿਸਟਰ ਜੇਮਸ ਹਾਲ ਆਸਟਰੇਲੀਆ, ਅਫਗਾਨਿਸਤਾਨ ਵਿੱਚ ਕੈਨੇਡਾ ਦੇ ਰਾਜਦੂਤ ਮਿਸਟਰ ਕਨੀਤ ਨਿਊਫੈਲਡ, ਡੈਨਮਾਰਕ ਦੇ ਰਾਜਨੀਤਕ ਨਿਰਦੇਸ਼ਕ ਮਿਸਟਰ ਜੈਸਪਰ ਮੋਲਰ, ਅਜਿਪਟ (ਮਿਸਰ) ਦੇ ਵਿਦੇਸ਼ੀ ਮਾਮਲਿਆਂ ਨਾਲ ਸਬੰਧਿਤ ਉਪ ਮੰਤਰੀ ਅੰਬੈਸਡਰ ਮਿਸਟਰ ਯਾਸਿਰ ਮੁਰਾਦ ਉਸਮਾਨ ਹੋਸਨੀ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ-ਭਾਵਨਾ

ਨਾਲ ਦਰਸ਼ਨ-ਦੀਦਾਰੇ ਕੀਤੇ। ਉਨ੍ਹਾਂ ਕੜਾਹ ਪ੍ਰਸ਼ਾਦਿ ਦੀ ਦੇਗ ਲਈ ਤੇ ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਪਹੁੰਚੇ। ਜਿੱਥੇ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ, ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਸ. ਰਾਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਭਾਈ ਮਨਜੀਤ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ, ਸਿਰੋਪਾਓ, ਲੋਈ ਅਤੇ ਧਾਰਮਿਕ ਪੁਸਤਕਾਂ ਦਾ ਸੈਟ ਦੇ ਕੇ ਸਨਮਾਨਿਤ ਕੀਤਾ। ਸ੍ਰੀ ਹਰਿਮੰਦਰ ਸਾਹਿਬ ਦੀ ਵਿਜ਼ਿਟਰ ਬੁੱਕ ਤੇ ਜਪਾਨ, ਯੂ ਐਸ ਏ, ਕਜਾਕਿਸਤਾਨ, ਚੀਨ ਅਤੇ ਇਟਲੀ ਦੇ ਮੰਤਰੀਆਂ ਨੇ ਲਿਖਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ਼ਾਂਤੀ ਦਾ ਸੋਮਾ ਹੈ ਅਤੇ ਇਹ ਸਮੁੱਚੀ ਲੋਕਾਈ ਦਾ ਮੁਕੱਦਸ ਅਸਥਾਨ ਹੈ। ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਣ ਉਪਰੰਤ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਨੂੰ ਮਾਣ-ਸਨਮਾਨ ਦਿੱਤੇ ਜਾਣ ਲਈ ਅਸੀਂ ਸਮੁੱਚੀ ਸ਼੍ਰੋਮਣੀ ਕਮੇਟੀ ਦੇ ਧੰਨਵਾਦੀ ਹਾਂ।

ਇਸ ਮੌਕੇ ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਨਿੱਜੀ ਸਕੱਤਰ, ਸ. ਕੁਲਵਿੰਦਰ ਸਿੰਘ 'ਰਮਦਾਸ' ਤੇ ਸ. ਗੁਰਬਚਨ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ, ਸ. ਇਕਬਾਲ ਸਿੰਘ ਵਧੀਕ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਜਸਵਿੰਦਰ ਸਿੰਘ ਸੂਚਨਾ ਅਧਿਕਾਰੀ ਤੇ ਸ. ਹਰਪ੍ਰੀਤ ਸਿੰਘ, ਸ. ਅੰਮ੍ਰਿਤਪਾਲ ਸਿੰਘ ਅਤੇ ਸ. ਸਰਬਜੀਤ ਸਿੰਘ ਸਹਾਇਕ ਸੂਚਨਾ ਅਧਿਕਾਰੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਅਤੇ ਕਾਰਮਚਾਰੀ ਹਾਜ਼ਰ ਸਨ। *੩ ਦਸੰਬਰ*

## ਸ਼੍ਰੋਮਣੀ ਕਮੇਟੀ ਨੇ ਕਮਿਊਨਟੀ ਕਾਉਂਸਲ ਪੁਲਿਸ ਨਿਊਯਾਰਕ ਦੇ ਵਾਈਸ ਪ੍ਰੈਜ਼ੀਡੈਂਟ ਸ. ਰਣਜੀਤ ਸਿੰਘ ਸੰਗੋਜਲਾ ਨੂੰ ਕੀਤਾ ਸਨਮਾਨਿਤ

ਅੰਮ੍ਰਿਤਸਰ- ਸ. ਰਣਜੀਤ ਸਿੰਘ ਸੰਗੋਜਲਾ ਵਾਈਸ ਪ੍ਰੈਜੀਡੈਂਟ ਕਮਿਊਨਿਟੀ ਕੌਂਸਲ ਪੁਲੀਸ ਨਿਊਯਾਰਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਏ। ਉਨ੍ਹਾਂ ਦੇ ਨਾਲ ਮੰਗਲ ਸਿੰਘ ਨਾਗਰਾ ਸਟੇਟ ਪੁਲੀਸ ਨਿਊਯਾਰਕ ਵੀ ਮੌਜੂਦ ਸਨ। ਸ. ਸੰਗੋਜਲਾ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੜਾਹ ਪ੍ਰਸ਼ਾਦਿ ਦੀ ਦੇਗ ਕਰਵਾਈ ਤੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕੀਤਾ। ਦਫ਼ਤਰ ਸ਼੍ਰੋਮਣੀ ਕਮੇਟੀ ਆਉਣ ਉਪਰੰਤ ਪ੍ਰੋ:ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਤੇ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ. ਰਣਜੀਤ ਸਿੰਘ ਸੰਗੋਜਲਾ ਵਰਗੇ ਸਾਬਤ ਸੂਰਤ ਗੁਰਸਿੱਖ ਦਾ ਨਿਊਯਾਰਕ ਵਰਗੇ ਦੇਸ਼ ਦੇ ਪੁਲਿਸ ਵਿਭਾਗ ਅੰਦਰ ਉਚ ਅਹੁਦੇ ਤੇ ਪਹੁੰਚਣਾ ਸਮੁੱਚੀ ਕੌਮ ਲਈ ਮਾਣਮੱਤੀ ਪ੍ਰਾਪਤੀ ਹੈ।

ਸ. ਸੰਗੋਜਲਾ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਾਨਵਤਾ ਦਾ ਘਰ ਹੈ ਤੇ ਏਥੇ ਆ ਕੇ ਮਨ ਨੂੰ ਸਕੂਨ ਮਿਲਦਾ ਹੈ। ਉਨ੍ਹਾਂ ਕਿਹਾ ਕਿ ਇਸ ਅਸਥਾਨ ਪੁਰ ਪਾਵਨ ਬਾਣੀ ਦਾ ਪ੍ਰਵਾਹ ਹਰ ਸਮੇਂ ਚਲਦਾ ਹੈ ਜੋ ਮਨੁੱਖੀ ਹਿਰਦਿਆਂ ਨੂੰ ਠਾਰਦੀ ਹੈ। ਉਨ੍ਹਾਂ ਕਿਹਾ ਮੈਂ ਅੱਜ ਜੋ ਕੁਝ ਵੀ ਹਾਂ ਉਹ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਦੀ ਰਹਿਮਤ ਅਤੇ ਅਪਾਰ ਕਿਰਪਾ ਸਦਕਾ ਹਾਂ ਅਤੇ ਅੱਜ ਮੈਂ ਸ੍ਰੀ ਹਰਿਮੰਦਰ ਸਾਹਿਬ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਆਇਆ ਹਾਂ। *੧ ਦਸੰਬਰ*

## ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਤਰਨਾ ਦਲ ਦੇ ਮੁਖੀ ਬਾਬਾ ਮੱਖਣ ਸਿੰਘ ਦੇ ਅਕਾਲ ਚਲਾਣੇ ਤੇ ਅਫ਼ਸੋਸ ਪ੍ਰਗਟ ਕੀਤਾ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਾਬਾ ਮੱਖਣ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ ਅਤੇ ਮੁੱਖ ਸੇਵਾਦਾਰ ਗੁਰਦੁਆਰਾ ਬਾਬਾ ਨੌਧ ਸਿੰਘ ਜੀ ਸ਼ਹੀਦ, ਤਰਨ-

ਤਾਰਨ ਰੋਡ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਬਾਬਾ ਮੱਖਣ ਸਿੰਘ ਗੁਰੂ ਘਰ ਦੇ ਅਨਿਨ ਸੇਵਕ ਸਨ ਤੇ ਉਨ੍ਹਾਂ ਗੁਰੂ ਨਾਲ ਲਾਈ ਆਪਣੀ ਪ੍ਰੀਤ ਨੂੰ ਆਖਰੀ ਸਵਾਸਾਂ ਸੰਗ ਨਿਭਾਇਆ। ਉਨ੍ਹਾਂ ਕਿਹਾ ਕਿ ਬਾਬਾ ਮੱਖਣ ਸਿੰਘ ਸਾਰੀ ਉਮਰ ਨਾਮ ਬਾਣੀ ਤੇ ਸੇਵਾ ਦੇ ਕਾਰਜਾਂ ਵਿੱਚ ਲੱਗੇ ਰਹੇ। ਉਨ੍ਹਾਂ ਕਿਹਾ ਕਿ ਬਾਬਾ ਮੱਖਣ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਤੇ ਸਮੁੱਚੇ ਸਿੱਖ ਪੰਥ ਨੂੰ ਇਕ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਮੇਰੀ ਅਕਾਲ ਪੁਰਖ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਉਹ ਬਾਬਾ ਮੱਖਣ ਸਿੰਘ ਦੀ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਸੰਗਤਾਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ੧੩ ਦਸੰਬਰ

ਸੁਰਜੀਤ ਸਿੰਘ ਮਮੇਰਾ ਕਲਾਂ ਦੇ ਅਕਾਲ ਚਲਾਣੇ ਤੇ ਦੁੱਖ ਦਾ ਇਜ਼ਹਾਰ ਕੀਤਾ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ. ਸੁਰਜੀਤ ਸਿੰਘ ਮਮੇਰਾ ਕਲਾਂ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ। ਸ. ਸੁਰਜੀਤ ਸਿੰਘ ਮਮੇਰਾ ਕਲਾਂ ਆਪਣੇ ਪਿੱਛੇ ਆਪਣੀ ਧਰਮ ਪਤਨੀ, ਦੋ ਲੜਕੇ ਅਤੇ ਦੋ ਲੜਕੀਆਂ ਛੱਡ ਗਏ ਹਨ। ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸ. ਮਮੇਰਾ ਕਲਾਂ ੨੦੦੪ ਤੋਂ ੨੦੧੧ ਤੀਕ ਹਰਿਆਣਾ ਰਾਜ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਹੇ। ਉਨ੍ਹਾਂ ਕਿਹਾ ਕਿ ਸ. ਮਮੇਰਾ ਕਲਾਂ ਨੇ ਧਰਮ ਪ੍ਰਚਾਰ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਸ. ਸੁਰਜੀਤ ਸਿੰਘ ਮਮੇਰਾ ਕਲਾਂ ਦੇ ਅਚਾਨਕ ਅਕਾਲ ਚਲਾਣੇ ਤੇ ਪੰਥ ਨੂੰ ਇਕ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਪਰ ਅਕਾਲ ਪੁਰਖ ਦਾ ਭਾਣਾ ਅਟੱਲ ਹੈ ਤੇ ਉਸ ਅੱਗੇ ਕਿਸੇ ਦਾ ਜੋਰ ਨਹੀਂ ਚੱਲਦਾ। ਉਨ੍ਹਾਂ ਕਿਹਾ ਮੇਰੀ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਜੋਦੜੀ ਹੈ ਕਿ ਉਹ ਸ. ਸੁਰਜੀਤ ਸਿੰਘ ਮਮੇਰਾ ਕਲਾਂ ਦੀ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰ ਤੇ ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ। *੧੮ ਦਸੰਬਰ*

■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕ ਵੀਰਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ। **-ਸੰਪਾਦਕ**

# ਧਰਮ ਪ੍ਰਚਾਰ ਸਰਗਰਮੀਆਂ

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ

ਅੰਮ੍ਰਿਤਸਰ- ਸਾਹਿਬ-ਏ-ਕਮਾਲ, ਬਾਦਸ਼ਾਹ ਦਰਵੇਸ਼, ਸਰਬੰਸਦਾਨੀ, ਕਲਗੀਧਰ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਲਈ ਰਵਾਨਾ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਫੂਲਾ ਸਿੰਘ ਮੁੱਖ ਗ੍ਰੰਥੀ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਨੇ ਕੀਤੀ ਉਪਰੰਤ ਪਵਿੱਤਰ ਹੁਕਮਨਾਮਾ ਲਿਆ। ਇਸ ਉਪਰੰਤ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਪ੍ਰੋ: ਕਿਰਪਾਲ ਸਿੰਘ ਜੀ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿਰੋਪਾਓ ਦੇ ਕੇ ਦਸਮੇਸ਼ ਪਿਤਾ ਦੇ ਜਨਮ ਅਸਥਾਨ ਸ੍ਰੀ ਪਟਨਾ ਸਾਹਿਬ ਲਈ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ।

ਇਸ ਮੌਕੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰੂ ਸਾਹਿਬ ਦੇ ਪ੍ਰਕਾਸ਼ ਦਿਹਾੜੇ ਦੀਆਂ ਸੰਗਤਾਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਸਾਹਿਬ-ਏ-ਕਮਾਲ, ਬਾਦਸ਼ਾਹ ਦਰਵੇਸ਼, ਸਰਬੰਸਦਾਨੀ, ਕਲਗੀਧਰ ਦਸਮੇਸ਼ ਪਿਤਾ ਦਾ ਜਨਮ ਸ੍ਰੀ ਪਟਨਾ ਸਾਹਿਬ ਦੀ ਪਵਿੱਤਰ ਧਰਤੀ ਤੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਤੇ ਮਾਤਾ ਗੁਜਰੀ ਜੀ ਦੀ ਕੁੱਖੋਂ ਹੋਇਆ। ਸਬਰ, ਸਹਿਜ, ਸਿਦਕ, ਦ੍ਰਿੜ੍ਹਤਾ, ਸਾਹਸ ਅਤੇ ਚੜ੍ਹਦੀ ਕਲਾ ਦੇ ਅਨੂਠੇ ਮੁਜੱਸਮੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਹਰ ਪੱਖੋਂ ਨਿਰਾਲਾ ਹੈ। ਸੰਸਾਰ ਦੇ ਇਤਿਹਾਸ ਵਿੱਚ ਕਿਸੇ ਵੀ ਨੌਂ ਸਾਲ ਦੀ ਉਮਰ ਦੇ ਪੁੱਤਰ ਨੇ ਆਪਣੇ ਪਿਤਾ ਨੂੰ ਦੂਜੇ ਧਰਮ ਦੀ ਰੱਖਿਆ ਖਾਤਰ ਕੁਰਬਾਨੀ ਦੇਣ ਲਈ ਨਹੀਂ ਕਿਹਾ। ਇਹ ਮਾਣ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਹੀ ਹਾਸਲ ਹੈ। ਦੁਨੀਆਂ ਦੇ ਇਤਿਹਾਸ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੀ ਹਨ ਜੋ ਧਰਮ ਦੀ ਖਾਤਰ ਆਪਣਾ ਪਿਤਾ, ਮਾਤਾ ਤੇ ਚਾਰੋਂ ਸਾਹਿਬਜ਼ਾਦੇ ਸ਼ਹੀਦ ਕਰਵਾਕੇ ਸਰਬੰਸਦਾਨੀ ਬਣੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਕ ਮਹਾਨ ਜਰਨੈਲ, ਉੱਚ ਕੋਟੀ ਦੇ ਵਿਦਵਾਨ, ਅਜ਼ੀਮ ਸਾਹਿਤਕਾਰ, ਗੁਰਬਾਣੀ ਸੰਗੀਤ ਦੇ ਰਸੀਏ, ਸਰਬੰਸ ਦਾਨੀ, ਅੰਮ੍ਰਿਤ ਦੇ ਦਾਤੇ, ਭਗਤੀ ਅਤੇ ਸ਼ਕਤੀ ਦੇ ਮੁੱਜਸਮੇ ਸਨ। ਉਹ ਸ਼ਸਤਰ ਅਤੇ ਸ਼ਾਸਤਰ ਦੇ ਧਨੀ, ਸਨ। ਪ੍ਰਧਾਨ ਸਾਹਿਬ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਦਸਮ ਪਿਤਾ ਦੀਆਂ ਸਿਖਿਆਵਾਂ ਤੇ ਚੱਲਦੇ ਹੋਏ ਉਨ੍ਹਾਂ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ ਅਤੇ ਆਪਣੇ ਧਰਮ ਵਿੱਚ ਪਰਪੱਕ ਰਹਿਣਾ ਚਾਹੀਦਾ ਹੈ। ਅੱਜ ਸਮੁੱਚੇ ਵਿਸ਼ਵ ਨੇ ਇਹ ਪ੍ਰਵਾਨ ਕਰ ਲਿਆ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਾਨਵਤਾ ਪ੍ਰਤੀ ਦੇਣ ਸਭ ਤੋਂ ਵੱਡੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਪਤਿਤਪੁਣੇ ਤੇ ਨਸ਼ਿਆਂ ਜਿਹੀ ਨਾ-ਮੁਰਾਦ ਲੱਤ ਨੂੰ ਛੱਡ ਕੇ ਅੰਮ੍ਰਿਤ ਛਕ ਗੁਰੂ ਵਾਲੇ ਬਨਣਾ ਚਾਹੀਦਾ ਹੈ।

ਫੁੱਲਾਂ ਨਾਲ ਸਜੀ ਪਾਲਕੀ ਸਾਹਿਬ ਵਾਲੀ ਗੱਡੀ ਵਿੱਚ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੁਸ਼ੋਭਿਤ ਸਨ ਤੇ ਪਿੱਛੇ-ਪਿੱਛੇ ਗੁਰੂ ਸਾਹਿਬ ਜੀ ਦੇ ਸ਼ਸਤਰਾਂ-ਬਸਤਰਾਂ ਵਾਲੀ ਗੱਡੀ ਜਾ ਰਹੀ ਸੀ। ਜਿਸ ਵਿੱਚ ਮੀਰੀ-ਪੀਰੀ ਦੇ ਮਾਲਿਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ਼ਸਤਰ-ਬਸਤਰ ਅਤੇ ਹੱਥ ਲਿਖਤ ਪੋਥੀ ਸੁਸ਼ੋਭਿਤ ਕੀਤੀ ਗਈ ਸੀ। ਦੂਰ ਦੁਰਾਡੇ ਤੋਂ ਆਈਆਂ ਸੰਗਤਾਂ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਿਕ ਹੋ ਕੇ ਅਤੇ ਸ਼ਸਤਰਾਂ-ਬਸਤਰਾਂ ਦੇ ਦਰਸ਼ਨ-ਦੀਦਾਰੇ ਕਰਕੇ ਨਿਹਾਲ ਹੋ ਰਹੀਆਂ ਸਨ। ਨਗਰ ਕੀਰਤਨ ਦੇ ਅੱਗੇ-ਅੱਗੇ ਨਗਾਰਚੀ ਸਿੰਘ ਚੜ੍ਹਦੀ ਕਲਾ ਦਾ ਪ੍ਰਤੀਕ ਨਗਾਰਾ ਵਜਾ ਰਹੇ ਸਨ। ਨਗਰ ਕੀਰਤਨ 'ਚ ਧਾਰਮਿਕ ਸਭਾ ਸੁਸਾਇਟੀਆਂ, ਸ਼ਬਦ-ਕੀਰਤਨੀ ਜਥਿਆਂ, ਗਤਕਾ ਪਾਰਟੀਆਂ, ਬੈਂਡ ਪਾਰਟੀਆਂ ਅਤੇ ਸਕੂਲਾਂ/ ਕਾਲਜਾਂ ਦੇ ਵਿਦਿਆਰਥੀਆਂ ਨੇ ਸਮੂਲੀਅਤ ਕੀਤੀ। ਪਾਲਕੀ ਸਾਹਿਬ ਦੇ ਨਾਲ-ਨਾਲ ਸੰਗਤਾਂ ਸਤਿਨਾਮੁ ਵਾਹਿਗੁਰੂ ਦਾ ਜਾਪੁ ਕਰਦੀਆਂ ਜਾ ਰਹੀਆਂ ਸਨ।

ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਦੀ ਪਾਵਨ ਧਰਤੀ ਤੋਂ ਆਰੰਭ ਹੋ ਕੇ ਗੁਰਦੁਆਰਾ ਕੀਰਤਪੁਰ ਸਾਹਿਬ, ਗੁਰਦੁਆਰਾ ਭੱਠਾ ਸਾਹਿਬ ਰੋਪੜ, ਕੁਰਾਲੀ, ਮੋਰਿੰਡਾ, ਬੱਸੀ ਪਠਾਣਾ, ਨੰਦਪੁਰ, ਕਲੌੜ ਤੋਂ ਹੁੰਦੇ ਹੋਏ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ, ਵਿਖੇ ਪਹੁੰਚਿਆ।

**ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ ਤੀਕ:**

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਰਾਤ ਦੇ ਵਿਸ਼ਰਾਮ ਉਪਰੰਤ ੨੧ ਦਸੰਬਰ ਨੂੰ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ ਹੋਇਆ। ਫਤਿਹਗੜ੍ਹ ਸਾਹਿਬ ਦੀ ਇਤਿਹਾਸਕ ਧਰਤੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਦੀ ਅਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਹਰਪਾਲ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨੇ ਕੀਤੀ ਉਪਰੰਤ ਪਵਿੱਤਰ ਹੁਕਮਨਾਮਾ ਲਿਆ। ਅਰੰਭਤਾ ਸਮੇਂ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਪ੍ਰੋ: ਕਿਰਪਾਲ ਸਿੰਘ ਜੀ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਉਪਰੰਤ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ ਹੋਇਆ। ਨਗਰ ਕੀਰਤਨ ਦੇ ਅੱਗੇ-ਅੱਗੇ ਨਗਾਰਚੀ ਸਿੰਘ ਚੜ੍ਹਦੀ ਕਲਾ ਦਾ ਪ੍ਰਤੀਕ ਨਗਾਰਾ ਵਜਾ ਰਹੇ ਸਨ। ਨਗਰ ਕੀਰਤਨ 'ਚ ਧਾਰਮਿਕ ਸਭਾ ਸੁਸਾਇਟੀਆਂ, ਗੱਤਕਾ ਪਾਰਟੀਆਂ, ਮਾਤਾ ਗੁਜਰੀ ਕਾਲਜ ਫ਼ਤਿਹਗੜ੍ਹ ਸਾਹਿਬ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਵਿਦਿਆਰਥੀ, ਸਟਾਫ ਤੇ ਵੱਡੀ ਗਿਣਤੀ 'ਚ ਸੰਗਤ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਦੀ ਇਤਿਹਾਸਕ ਧਰਤੀ ਤੋਂ ਰਵਾਨਾ ਹੋਏ ਨਗਰ-ਕੀਰਤਨ ਨੇ ਰਾਜਪੁਰਾ, ਸ਼ੰਭੂ ਬਾਰਡਰ, ਘਨੌਰ ਰੋਡ, ਮਰਦਾਂਪੁਰ, ਸੰਧਾਰਸੀ, ਨਨਹੇੜਾ, ਪਿੱਪਲ ਮੰਗੋਲੀ, ਕਾਮੀ ਕਲਾਂ, ਘਨੌਰ ਸ਼ਹਿਰ, ਘਨੌਰੀ ਖੇੜਾ, ਮਨਜੋਲੀ-ਮਾੜੂ ਖੱਬੇ ਹੱਥ, ਸਰਾਲਾ ਹੈਡ ਪੁਲ, ਕਪੂਰੀ, ਲੋਹ ਸਿੰਬਲੀ, ਗੁਰਦੁਆਰਾ ਬਾਦਸ਼ਾਹੀ ਬਾਗ, ਮਾਨਵ ਚੌਂਕ, ਮਟੇੜੀ ਅੱਡਾ, ਭਾਨੂ ਖੇੜੀ, ਲਖਨੌਰ ਸਾਹਿਬ, ਬਹਿਬਲਪੁਰ ਸੌਂਡਾ, ਸੈਕਟਰ ੮, ਅਗਰਸੈਨ ਚੌਂਕ, ਕਾਲਕਾ ਮੋੜ ਤੋਂ ਹੁੰਦੇ ਹੋਏ ਗੁਰਦੁਆਰਾ ਸ੍ਰੀ ਮੰਜੀ ਸਾਹਿਬ, ਅੰਬਾਲਾ (ਹਰਿਆਣਾ) ਵਿਖੇ ਰਾਤ ਦਾ ਵਿਸ਼ਰਾਮ ਕੀਤਾ।

**ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ ਤੋਂ ਗੁਰਦੁਆਰਾ ਸ੍ਰੀ ਕਪਾਲ ਮੋਚਨ ਤੀਕ:**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪਟਨਾ ਸਾਹਿਬ ਲਈ ਆਰੰਭ ਹੋਇਆ ਨਗਰ ਕੀਰਤਨ ਤੀਸਰੇ ਦਿਨ ਅਗਲੇ ਪੜਾਅ ਲਈ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ ਤੋਂ ਰਵਾਨਾ ਹੋਇਆ। ਨਗਰ ਕੀਰਤਨ ਦੇ ਅਗਲੇ ਪੜਾਅ ਲਈ ਅਰੰਭਤਾ ਦੀ ਅਰਦਾਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਸਤਨਾਮ ਸਿੰਘ ਨੇ ਕੀਤੀ ਉਪਰੰਤ ਪਵਿੱਤਰ ਹੁਕਮਨਾਮਾ ਲਿਆ। ਇਸ ਮੌਕੇ ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ-ਏ-ਕਮਾਲ, ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਸੰਗਤਾਂ ਨੂੰ ਵਧਾਈਆਂ ਦਿੰਦਿਆਂ ਕਿਹਾ

ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਵਿਲੱਖਣ ਤੇ ਬੇਮਿਸਾਲ ਹੈ। ਉਨ੍ਹਾਂ ਨੇ ਧਰਮ ਦੀ ਰੱਖਿਆ ਲਈ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ।ਗੁਰੂ ਜੀ ਨੇ ਸਿੱਖ ਧਰਮ ਦੀ ਪੰਜ ਕਕਾਰੀ ਰਹਿਤ ਮਰਿਯਾਦਾ ਤੇ ਸਿੱਖੀ ਸਰੂਪ ਨਿਸ਼ਚਿਤ ਕਰਕੇ ਸਿੱਖ ਧਰਮ ਦੀ ਸਮਾਜ ਵਿੱਚ ਵੱਖਰੀ ਤੇ ਨਿਆਰੀ ਪਹਿਚਾਣ ਕਾਇਮ ਕੀਤੀ। ਉਨ੍ਹਾਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਗੁਰਬਾਣੀ ਅਨੁਸਾਰ ਆਪਣਾ ਜੀਵਨ ਢਾਲਣ ਤੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਸੀਸ ਨਿਵਾਉਣ ਲਈ ਅਪੀਲ ਕੀਤੀ। ਉਪਰੰਤ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਜੈਕਾਰਿਆਂ ਦੀ ਗੂੰਜ ਨਾਲ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ ਕੀਤਾ ਗਿਆ। ਨਗਰ-ਕੀਰਤਨ ਦੀ ਅਰੰਭਤਾ ਤੋਂ ਪਹਿਲਾਂ ਅੰਬਾਲਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਕੂਲ ਬੈਂਡ ਨਾਲ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸਲਾਮੀ ਦਿੱਤੀ ਗਈ।

ਸ.ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਗਰ-ਕੀਰਤਨ ਵਿੱਚ ਹਾਜ਼ਰ ਸ.ਰਘੂਜੀਤ ਸਿੰਘ ਵਿਰਕ ਸਾਬਕਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ, ਸ.ਹਰਭਜਨ ਸਿੰਘ, ਸ.ਭੁਪਿੰਦਰ ਸਿੰਘ ਅਸੰਦ, ਸ.ਨਿਰਮਲ ਸਿੰਘ ਜੌਲਾ ਕਲਾਂ ਅਤੇ ਬੀਬੀ ਮਨਜੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ.ਗੁਰਦੀਪ ਸਿੰਘ ਭਾਨੋਖੇੜੀ ਸਾਬਕਾ ਮੈਂਬਰ ਅਤੇ ਅੰਬਾਲਾ ਸ਼ਹਿਰ ਦੇ ਆਹਲਾ ਅਧਿਕਾਰੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਤੋਂ ਪਹਿਲਾਂ ਹਰਿਆਣਾ ਰਾਜ ਵਿੱਚ ਦਾਖਲ ਹੁੰਦਿਆਂ ਹਰਿਆਣਾ ਸਰਕਾਰ ਵੱਲੋਂ ਸ.ਬਖਸ਼ੀਸ਼ ਸਿੰਘ ਵਿਰਕ ਚੀਫ਼ ਪਾਰਲੀਮਾਨੀ ਸਕੱਤਰ, ਅੰਬਾਲਾ (ਹਰਿਆਣਾ), ਸ.ਨਾਇਬ ਸਿੰਘ ਸੈਣੀ ਰਾਜ ਮੰਤਰੀ ਹਰਿਆਣਾ, ਸ੍ਰੀ ਅਸੀਮ ਗੋਇਲ ਵਿਧਾਇਕ, ਸ੍ਰੀ ਮਤੀ ਬੰਤੋ ਕਟਾਰੀਆ ਸੁਪੱਤਨੀ ਸ੍ਰੀ ਰਤਨ ਲਾਲ ਕਟਾਰੀਆ ਮੈਂਬਰ ਪਾਰਲੀਮੈਂਟ, ਸ.ਪ੍ਰਭਜੋਤ ਸਿੰਘ ਡਿਪਟੀ ਕਮਿਸ਼ਨਰ, ਹਰਿਆਣਾ, ਸ੍ਰੀ ਅਭਿਸ਼ੇਕ ਜੋਰਵਾਲ ਡੀ ਐਸ ਪੀ, ਸ੍ਰੀ ਸੁਭਾਸ਼ ਚੰਦਰ ਜੀ ਸਹਿਵਾਲ ਐਸ ਡੀ ਐਮ ਅੰਬਾਲਾ, ਸ.ਪਰਮਜੀਤ ਸਿੰਘ ਡੀ ਪੀ ਆਰ ਓ, ਸ.ਹਰਦੀਪ ਸਿੰਘ ਏ ਪੀ ਆਰ ਓ ਅਤੇ ਹਰਿਆਣਾ ਰਾਜ ਦੀਆਂ ਜਾਨੀਆਂ ਮਾਨੀਆਂ ਹਸਤੀਆਂ ਨੇ ਨਗਰ-ਕੀਰਤਨ ਦਾ ਜੋਰਦਾਰ ਸਵਾਗਤ ਕੀਤਾ। ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ.ਚਾਨਣ ਸਿੰਘ ਨੇ ਸਾਰੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਅੰਬਾਲਾ (ਹਰਿਆਣਾ) ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਵਾਇਆ ਜਗਾਧਰੀ ਤੋਂ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਸ੍ਰੀ ਕਪਾਲ ਮੋਚਨ ਸਾਹਿਬ (ਹਰਿਆਣਾ) ਵਿਖੇ ਪਹੁੰਚਿਆ।

**ਗੁਰਦੁਆਰਾ ਸ੍ਰੀ ਕਪਾਲ ਮੋਚਨ ਤੋਂ ਨਾਨਕਪੁਰਾ ਆਸ਼ਰਮ ਹਰਿਦੁਆਰ ਉੱਤਰਾਖੰਡ ਤੀਕ:**

ਚੌਥੇ ਦਿਨ ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਅਤੇ ਦਸਵੀਂ ਕਪਾਲ ਮੋਚਨ ਯਮੁਨਾ ਨਗਰ (ਹਰਿਆਣਾ) ਤੋਂ ਰਵਾਨਾ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਦੀ ਅਰੰਭਤਾ ਦੀ ਅਰਦਾਸ ਗੁਰਦੁਆਰਾ ਸਾਹਿਬ ਕਪਾਲ ਮੋਚਨ ਦੇ ਮੁੱਖ ਗ੍ਰੰਥੀ ਗਿਆਨੀ ਜਸਪਾਲ ਸਿੰਘ ਨੇ ਕੀਤੀ ਉਪਰੰਤ ਪਵਿੱਤਰ ਹੁਕਮਨਾਮਾ ਲਿਆ। ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ.ਬਲਦੇਵ ਸਿੰਘ ਕਾਇਮਪੁਰੀ ਨੇ ਸਿਰੋਪਾਓ ਦੇ ਕੇ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ। ਨਗਰ-ਕੀਰਤਨ ਦੀ ਅਰੰਭਤਾ ਤੋਂ ਪਹਿਲਾਂ ਬੈਂਡ ਵਾਜਿਆਂ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ ਗਿਆ। ਦੂਰ ਦੁਰਾਡੇ ਤੋਂ ਆਈਆਂ ਸੰਗਤਾਂ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਿਕ ਹੋ ਕੇ ਅਤੇ ਸ਼ਸਤਰਾਂ-ਬਸਤਰਾਂ ਦੇ ਦਰਸ਼ਨ-ਦੀਦਾਰੇ ਕਰਕੇ ਨਿਹਾਲ ਹੋ ਰਹੀਆਂ ਸਨ।

ਸ.ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਗਰ-ਕੀਰਤਨ ਵਿੱਚ ਹਾਜ਼ਰ ਤੇ ਕੱਲ੍ਹ ਸਾਰਾ ਦਿਨ ਤੋਂ ਸੰਗਤਾਂ ਦੀ ਸ਼ਰਧਾ ਪੂਰਵਕ ਸੇਵਾ ਕਰ ਰਹੇ ਬਾਬਾ ਸੁੱਖਾ ਸਿੰਘ ਜੀ

ਕਾਰਸੇਵਾ ਵਾਲੇ, ਸ. ਬਖਸ਼ੀਸ਼ ਸਿੰਘ ਮੁੱਖ ਪਾਰਲੀਮਾਨੀ ਸਕੱਤਰ, ਬੀਬੀ ਮਨਜੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ.ਚਾਨਣ ਸਿੰਘ ਮੀਤ ਸਕੱਤਰ, ਸ.ਲਖਬੀਰ ਸਿੰਘ ਵਧੀਕ ਮੈਨੇਜਰ, ਸ.ਇੰਦਰ ਮੋਹਣ ਸਿੰਘ 'ਅਨਜਾਣ', ਸ.ਤੇਜਿੰਦਰ ਸਿੰਘ ਪੱਡਾ, ਸ. ਸਤਨਾਮ ਸਿੰਘ ਇੰਚਾਰਜ, ਸ.ਮੰਗਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ ਅਤੇ ਹੋਰ ਅਧਿਕਾਰੀਆਂ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਅਗਲੇ ਪੜਾਅ ਲਈ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਅਤੇ ਦਸਵੀਂ ਕਪਾਲ ਮੋਚਨ ਯਮੁਨਾ ਨਗਰ, ਹਰਿਆਣਾ ਤੋਂ ਨਗਰ-ਕੀਰਤਨ ਰਵਾਨਾ ਹੋ ਕੇ ਜਗਾਧਰੀ, ਯਮੁਨਾ ਨਗਰ, ਸਿਰਸਾਵਾਂ, ਸਹਾਰਨਪੁਰ ਤੋਂ ਹੁੰਦਾ ਹੋਇਆ ਨਾਨਕਪੁਰਾ ਆਸ਼ਰਮ ਹਰਿਦੁਆਰ (ਉੱਤਰਾਖੰਡ) ਵਿਖੇ ਪਹੁੰਚਿਆ ਜਿਥੇ ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਨੇ ਰਾਤ ਦਾ ਵਿਸ਼ਰਾਮ ਕੀਤਾ।

**ਨਾਨਕਪੁਰਾ ਆਸ਼ਰਮ ਹਰਿਦੁਆਰ ਉੱਤਰਾਖੰਡ ਤੋਂ ਗੁਰਦੁਆਰਾ ਨਾਨਕ ਮਤਾ ਸਾਹਿਬ ਤੀਕ:**

ਨਗਰ ਕੀਰਤਨ ਆਪਣੇ ਪੰਜਵੇਂ ਪੜਾਅ ਲਈ ਨਾਨਕਪੁਰਾ ਆਸ਼ਰਮ, ਹਰਿਦੁਆਰ ਤੋਂ ਰਵਾਨਾ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਦੀ ਅਰੰਭਤਾ ਦੀ ਅਰਦਾਸ ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ ਨੇ ਕੀਤੀ। ਉਪਰੰਤ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਸਕੱਤਰ ਸ. ਚਾਨਣ ਸਿੰਘ ਨੇ ਸਿਰੋਪਾਓ ਦੇ ਕੇ ਅਗਲੇ ਪੜਾਅ ਲਈ ਰਵਾਨਾ ਕੀਤਾ।

ਇਸ ਤੋਂ ਪਹਿਲਾਂ ਸ.ਚਾਨਣ ਸਿੰਘ ਮੀਤ ਸਕੱਤਰ ਸ਼੍ਰੋਮਣੀ ਕਮੇਟੀ ਨੇ ਨਗਰ ਕੀਰਤਨ ਵਿੱਚ ਹਾਜ਼ਰ ਬਾਬਾ ਬਚਨ ਸਿੰਘ ਜੀ ਭੂਰੀ ਵਾਲੇ ਨਾਨਕਪੁਰਾ ਆਸ਼ਰਮ, ਮਹੰਤ ਗੋਪਾਲ ਸਿੰਘ ਜੀ ਪੰਚਾਇਤੀ ਅਖਾੜਾ ਨਿਰਮਲਾ, ਕਨਖਲ, ਹਰਿਦੁਆਰ, ਸ. ਜਗਜੀਤ ਸਿੰਘ ਤੇ ਸ. ਚਰਨ ਸਿੰਘ ਪ੍ਰਬੰਧਕ ਨਾਨਕਪੁਰਾ ਆਸ਼ਰਮ, ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਵਾਲੇ, ਸ. ਬ੍ਰਿਜਪਾਲ ਸਿੰਘ ਇੰਚਾਰਜ ਹਾਪੜ ਮਿਸ਼ਨ ਅਤੇ ਹੋਰ ਅਧਿਕਾਰੀਆਂ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਨਾਨਕਪੁਰਾ ਆਸ਼ਰਮ ਹਰਿਦੁਆਰ ਉੱਤਰਾਖੰਡ ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਨਜ਼ੀਬਾਬਾਦ, ਕੋਤਵਾਲੀ, ਜੱਸਪੁਰ, ਨਗੀਨਾ, ਧਾਮਪੁਰ, ਅਫ਼ਜ਼ਲਗੜ੍ਹ ਤੇ ਕਾਸ਼ੀਪੁਰ ਤੋ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਨਾਨਕ ਮਤਾ ਸਾਹਿਬ, ਜ਼ਿਲ੍ਹਾ ਊਧਮਪੁਰ ਉੱਤਰਾਖੰਡ ਵਿਖੇ ਪਹੁੰਚਿਆ।

**ਗੁਰਦੁਆਰਾ ਨਾਨਕ ਮਤਾ ਸਾਹਿਬ ਤੋਂ ਗੁਰਦੁਆਰਾ ਦਮਦਮਾ ਸਾਹਿਬ ਗੋਮਤੀਪੁਰ ਤੀਕ:**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਆਰੰਭ ਹੋਏ ਇਸ ਨਗਰ ਕੀਰਤਨ ਨੇ ਸੰਗਤਾਂ ਦੇ ਸਹਿਯੋਗ ਨਾਲ ਆਪਣੇ ਛੇਵੇਂ ਦਿਨ ਲਈ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਤੋਂ ਰਵਾਨਗੀ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਦੀ ਅਰੰਭਤਾ ਦੀ ਅਰਦਾਸ ਗਿਆਨੀ ਸੁਖਦੇਵ ਸਿੰਘ ਹੈਡ ਗ੍ਰੰਥੀ ਨੇ ਕੀਤੀ ਤੇ ਹੁਕਮਨਾਮਾ ਗਿਆਨੀ ਗੁਰਸੇਵਕ ਸਿੰਘ ਕਥਾ ਵਾਚਕ ਨੇ ਲਿਆ। ਇਸ ਮੌਕੇ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਦੇ ਮੀਤ ਪ੍ਰਧਾਨ ਸ. ਸੇਵਾ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਕੀਰਤਨ ਵਿਚ ਸ਼ਾਮਿਲ ਸੰਗਤਾਂ ਨੂੰ ਜੀ ਆਇਆਂ ਆਖਿਆ। ਸ.ਚਾਨਣ ਸਿੰਘ ਮੀਤ ਸਕੱਤਰ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਦਾ ਧੰਨਵਾਦ ਕੀਤਾ।

ਸ਼੍ਰੋਮਣੀ ਕਮੇਟੀ ਵੱਲੋਂ ਸ. ਚਾਨਣ ਸਿੰਘ ਮੀਤ ਸਕੱਤਰ ਨੇ ਨਗਰ-ਕੀਰਤਨ ਵਿੱਚ ਹਾਜ਼ਰ ਸ. ਜਸਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ, ਸ. ਸੇਵਾ ਸਿੰਘ ਮੀਤ ਪ੍ਰਧਾਨ, ਸ.ਪ੍ਰੀਤਮ ਸਿੰਘ ਜਨਰਲ ਸਕੱਤਰ, ਸ. ਕੇਹਰ ਸਿੰਘ ਸਕੱਤਰ, ਸ. ਨਿਸ਼ਾਨ ਸਿੰਘ, ਸ. ਮਹਿੰਦਰ ਸਿੰਘ ਤੇ ਸ. ਪ੍ਰਗਟ ਸਿੰਘ ਮੈਂਬਰ, ਸ. ਰਣਜੀਤ ਸਿੰਘ ਮੈਨੇਜਰ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ। ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਸ. ਚਾਨਣ ਸਿੰਘ ਮੀਤ ਸਕੱਤਰ, ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਅਮਰਜੀਤ ਸਿੰਘ ਮੀਤ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ', ਸ. ਤੇਜਿੰਦਰ ਸਿੰਘ ਪੱਡਾ, ਸ. ਸਤਨਾਮ

ਸਿੰਘ ਇੰਚਾਰਜ ਤੇ ਸ.ਬ੍ਰਿਜਪਾਲ ਸਿੰਘ ਇੰਚਾਰਜ ਸਿੱਖ ਮਿਸ਼ਨ ਹਾਪੜ ਅਤੇ ਹੋਰ ਅਧਿਕਾਰੀਆਂ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਅਗਲੇ ਪੜਾਅ ਲਈ ਇਸ ਨਗਰ ਕੀਰਤਨ ਨੇ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਤੋਂ ਰਵਾਨਾ ਹੋ ਕੇ ਪੀਲੀ ਭੀਤ ਤੋਂ ਹੁੰਦੇ ਹੋਇਆਂ ਰਾਤ ਦਾ ਵਿਸ਼ਰਾਮ ਗੁਰਦੁਆਰਾ ਦਮਦਮਾ ਸਾਹਿਬ ਗੋਮਤੀਪੁਰ, ਪੂਰਨਪੁਰ, ਜ਼ਿਲ੍ਹਾ ਪੀਲੀਭੀਤ ਉੱਤਰ ਪ੍ਰਦੇਸ਼ ਵਿਖੇ ਕੀਤਾ।

**ਗੁਰਦੁਆਰਾ ਦਮਦਮਾ ਸਾਹਿਬ ਗੋਮਤੀਪੁਰ ਤੋਂ ਗੁਰਦੁਆਰਾ ਸ੍ਰੀ ਤੇਗ ਬਹਾਦਰ ਸਾਹਿਬ ਲਖਨਊ ਤੀਕ:**

ਗੁਰਦੁਆਰਾ ਦਮਦਮਾ ਸਾਹਿਬ, ਜ਼ਿਲ੍ਹਾ ਪੀਲੀਭੀਤ (ਉੱਤਰ ਪ੍ਰਦੇਸ਼) ਤੋਂ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਅਰੰਭਤਾ ਦੀ ਅਰਦਾਸ ਗੁਰਦੁਆਰਾ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਕੀਤੀ ਉਪਰੰਤ ਪਵਿੱਤਰ ਹੁਕਮਨਾਮਾ ਲਿਆ। ਨਗਰ ਕੀਰਤਨ 'ਚ ਧਾਰਮਿਕ ਸਭਾ ਸੁਸਾਇਟੀਆਂ, ਗੱਤਕਾ ਪਾਰਟੀਆਂ, ਅਕਾਲ ਅਕੈਡਮੀ ਬੜੂ ਸਾਹਿਬ, ਗੋਮਤੀ, ਖਾਲਸਾ ਇੰਟਰ ਕਾਲਜ ਅਤੇ ਵੀ ਕੇ ਪਬਲਿਕ ਸਕੂਲ (ਪੀਲੀਭੀਤ), ਸ੍ਰੀ ਗੁਰੂ ਨਾਨਕ ਦੇਵ ਐਜੂਕੇਸ਼ਨਲ ਅਕੈਡਮੀ, ਮੋਹਣਾਪੁਰ ਦੇ ਵਿਦਿਆਰਥੀ ਤੇ ਵਿਦਿਆਰਥਣਾ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤ ਨੇ ਸਤਿਨਾਮੁ ਵਾਹਿਗੁਰੂ ਦਾ ਜਾਪੁ ਕਰਦਿਆਂ ਹੋਇਆਂ ਸ਼ਮੂਲੀਅਤ ਕੀਤੀ। ਸ.ਚਾਨਣ ਸਿੰਘ ਮੀਤ ਸਕੱਤਰ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਦਮਦਮਾ ਸਾਹਿਬ ਦੇ ਪ੍ਰਬੰਧਕਾਂ ਅਤੇ ਸਮੁੱਚੀਆਂ ਸੰਗਤਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧੰਨਵਾਦ ਕੀਤਾ। ਰਸਤੇ ਵਿੱਚ ਜਗ੍ਹਾ-ਜਗ੍ਹਾ ਸੰਗਤਾਂ ਵੱਲੋਂ ਬੜੀ ਸ਼ਰਧਾ-ਭਾਵਨਾ ਤੇ ਸਤਿਕਾਰ ਸਹਿਤ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰੂ ਸਾਹਿਬ ਦੇ ਪਵਿੱਤਰ ਸ਼ਸਤਰਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ। ਵੱਖ-ਵੱਖ ਪੜਾਵਾਂ ਤੇ ਸੰਗਤਾਂ ਨੇ ਪ੍ਰਸ਼ਾਦੇ ਦੇ ਲੰਗਰ, ਫਲਾਂ ਦੇ ਲੰਗਰ, ਮਠਿਆਈਆਂ ਅਤੇ ਚਾਹ ਦੇ ਲੰਗਰ ਲਗਾ ਕੇ ਨਗਰ-ਕੀਰਤਨ ਵਿੱਚ ਸ਼ਾਮਿਲ ਸੰਗਤਾਂ ਦੀ ਸੇਵਾ ਕੀਤੀ।

ਸ਼੍ਰੋਮਣੀ ਕਮੇਟੀ ਵਲੋਂ ਪੀਲੀਭੀਤ ਦੇ ਐਸ ਪੀ ਸ. ਨਿਰਮਲਜੀਤ ਸਿੰਘ, ਸ. ਸਰਬਜੀਤ ਸਿੰਘ ਆਈ ਪੀ ਐਸ, ਸ. ਜੈ ਪਾਲ ਸਿੰਘ ਰੀਡਰ ਅਤੇ ਸ੍ਰੀ ਰੂਪ ਪ੍ਰਕਾਸ਼ ਸੀਨੀਅਰ ਕਾਂਸਟੇਬਲ ਜੋ ਸਾਰਾ ਰਸਤਾ ਸਕਿਉਰਿਟੀ ਅਤੇ ਟਰੈਫਿਕ ਕੰਟਰੋਲ ਦਾ ਪ੍ਰਬੰਧ ਸੰਭਾਲ ਰਹੇ ਹਨ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਨਗਰ ਕੀਰਤਨ ਗੁਰਦੁਆਰਾ ਦਮਦਮਾ ਸਾਹਿਬ ਗੋਮਤੀਪੁਲ ਤੋਂ ਰਵਾਨਾ ਹੋ ਕੇ ਪੂਰਨਪੁਰ, ਨਿਰੰਜਨਪੁਰ, ਕਠਾਰ, ਗੋਲਾ, ਲਖੀਮਪੁਰ ਖੀਰੀ ਤੇ ਸੀਤਾਪੁਰ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਲਖਨਊ , ਉੱਤਰ ਪ੍ਰਦੇਸ਼ ਵਿਖੇ ਪਹੁੰਚਿਆ। ਜਿਥੇ ਰਾਤ ਦਾ ਵਿਸ਼ਰਾਮ ਕੀਤਾ।

**ਗੁਰਦੁਆਰਾ ਸ੍ਰੀ ਤੇਗ ਬਹਾਦਰ ਸਾਹਿਬ ਲਖਨਊ ਤੋਂ ਸ੍ਰੀ ਗੁਰੂ ਨਾਨਕ ਗੋਬਿੰਦਧਾਮ ਅਯੁੱਧਿਆ ਤੀਕ:**

ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਲਖਨਊ (ਉੱਤਰ ਪ੍ਰਦੇਸ਼) ਤੋਂ ੨੭ ਦਸੰਬਰ ਨੂੰ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ ਹੋਇਆ। ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵਿਖੇ ਸ੍ਰੀ ਆਸਾ ਜੀ ਦੀ ਵਾਰ ਦੇ ਕੀਰਤਨ ਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਭਾਈ ਦਿਲਬਾਗ ਸਿੰਘ ਜਵੱਦੀ ਕਲਾਂ ਦੇ ਰਾਗੀ ਜਥੇ ਵੱਲੋਂ ਅੰਮ੍ਰਿਤਮਈ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਨਗਰ ਕੀਰਤਨ ਦੀ ਅਰੰਭਤਾ ਦੀ ਅਰਦਾਸ ਭਾਈ ਪਰਮਜੀਤ ਸਿੰਘ ਮੁੱਖ ਗ੍ਰੰਥੀ ਨੇ ਕੀਤੀ ਤੇ ਹੁਕਮਨਾਮਾ ਗਿਆਨੀ ਲਖਬੀਰ ਸਿੰਘ ਗ੍ਰੰਥੀ ਨੇ ਲਿਆ। ਉਪਰੰਤ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਡਾ: ਗੁਰਮੀਤ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਆਈਆਂ ਸੰਗਤਾਂ ਨੂੰ ਜੀ ਆਇਆਂ ਕਿਹਾ। ਉਨ੍ਹਾਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਇਸ ਇਤਿਹਾਸਕ ਗੁਰਦੁਆਰਾ ਸਾਹਿਬ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਿੰਨ ਦਿਨ ਠਹਿਰੇ ਅਤੇ ਦਸਮ ਪਿਤਾ ਮਾਤਾ ਗੁਜਰੀ ਜੀ ਅਤੇ ਮਾਮਾ ਕਿਰਪਾਲ ਸਿੰਘ ਨਾਲ ਏਥੇ ਦੋ ਮਹੀਨੇ ਤਿੰਨ ਦਿਨ ਠਹਿਰੇ ਸਨ। ਇਸ ਗੁਰਦੁਆਰਾ ਸਾਹਿਬ ਵਿੱਚ ਦਸਮ ਪਿਤਾ ਜੀ ਵੱਲੋਂ ਕੀਤੇ

ਗਏ ਦੋ ਹੁਕਮਨਾਮੇ ਅਤੇ ਹੱਥ ਲਿਖਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਸ਼ੋਭਿਤ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਡਭਾਗੀ ਹੈ ਜਿਸ ਨੂੰ ਸੰਗਤਾਂ ਦੀ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਦੋਂ ਵੀ ਕੋਈ ਸੇਵਾ ਸਾਡੇ ਜਿੰਮੇ ਲਾਵੇਗੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਪ੍ਰਬੰਧਕ ਕਮੇਟੀ ਹਰ ਤਰ੍ਹਾਂ ਦਾ ਸਹਿਯੋਗ ਦੇਵੇਗੀ। ਉਨ੍ਹਾਂ ਦੇ ਇਲਾਵਾ ਸ. ਇੰਦਰਜੀਤ ਸਿੰਘ ਬੱਗਾ ਸੀਨੀਅਰ ਮੀਤ ਪ੍ਰਧਾਨ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਇਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਆਪਣੇ ਅਗਲੇ ਪੜਾਅ ਲਈ ਰਵਾਨਾ ਹੋਇਆ। ਰਸਤੇ ਵਿੱਚ ਜਗ੍ਹਾ-ਜਗ੍ਹਾ ਸੰਗਤਾਂ ਵੱਲੋਂ ਬੜੀ ਸ਼ਰਧਾ-ਭਾਵਨਾ ਤੇ ਸਤਿਕਾਰ ਸਹਿਤ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰੂ ਸਾਹਿਬ ਦੇ ਪਵਿੱਤਰ ਸ਼ਸਤਰਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ। ਵੱਖ-ਵੱਖ ਪੜਾਵਾਂ ਤੇ ਸੰਗਤਾਂ ਨੇ ਪ੍ਰਸ਼ਾਦੇ, ਫਲਾਂ, ਮਠਿਆਈਆਂ ਅਤੇ ਚਾਹ ਦੇ ਲੰਗਰ ਲਗਾ ਕੇ ਨਗਰ-ਕੀਰਤਨ ਵਿੱਚ ਸ਼ਾਮਿਲ ਸੰਗਤਾਂ ਦੀ ਸੇਵਾ ਕੀਤੀ। ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਲਖਨਊ ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਬਾਰਾਬੰਕੀ, ਫੈਜ਼ਾਬਾਦ ਤੋਂ ਹੁੰਦਾ ਹੋਇਆ ਸ੍ਰੀ ਗੁਰੂ ਨਾਨਕ ਗੋਬਿੰਦ ਧਾਮ ਅਯੁੱਧਿਆ ਜ਼ਿਲ੍ਹਾ ਫੈਜ਼ਾਬਾਦ (ਉੱਤਰ ਪ੍ਰਦੇਸ਼) ਵਿਖੇ ਪਹੁੰਚਿਆ ਜਿਥੇ ਸੰਗਤਾਂ ਨੇ ਰਾਤ ਦਾ ਵਿਸ਼ਰਾਮ ਕੀਤਾ।

**ਸ੍ਰੀ ਗੁਰੂ ਨਾਨਕ ਗੋਬਿੰਦਧਾਮ ਅਯੁੱਧਿਆ ਤੋਂ ਗੁਰਦੁਆਰਾ ਸਿੰਘ ਸਭਾ ਇਲਾਹਬਾਦ ਤੀਕ:**

ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੋਂ ਅਰੰਭ ਹੋਇਆ ਨਗਰ ਕੀਰਤਨ ੯ਵੇਂ ਦਿਨ ਲਈ ਗੁਰਦੁਆਰਾ ਸ੍ਰੀ ਗੁਰੂ ਨਾਨਕ ਗੋਬਿੰਦ ਧਾਮ, ਅਯੁੱਧਿਆ, ਜ਼ਿਲ੍ਹਾ ਫੈਜ਼ਾਬਾਦ, (ਉੱਤਰ ਪ੍ਰਦੇਸ਼) ਤੋਂ ਰਵਾਨਾ ਹੋਇਆ। ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸ੍ਰੀ ਗੁਰੂ ਨਾਨਕ ਗੋਬਿੰਦ ਧਾਮ ਵਿਖੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਰਦਾਸ ਭਾਈ ਸਤਵੰਤ ਸਿੰਘ ਪ੍ਰਚਾਰਕ ਨੇ ਕੀਤੀ ਉਪਰੰਤ ਹੁਕਮਨਾਮਾ ਲਿਆ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ-ਕੀਰਤਨ ਦਸਮੇਸ਼ ਪਿਤਾ ਦੇ ਜਨਮ ਅਸਥਾਨ ਸ੍ਰੀ ਪਟਨਾ ਸਾਹਿਬ ਲਈ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ। ਬਾਬਾ ਮਹਿੰਦਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸ੍ਰੀ ਗੁਰੂ ਨਾਨਕ ਗੋਬਿੰਦ ਧਾਮ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਕੀਰਤਨ ਨਾਲ ਆਏ ਅਧਿਕਾਰੀਆਂ ਦਾ ਸਨਮਾਨ ਕੀਤਾ ਗਿਆ।ਸ੍ਰੀ ਗੁਰੂ ਨਾਨਕ ਅਕੈਡਮੀ ਗਰਲਜ਼ ਇੰਟਰ ਸਕੂਲ ਅਤੇ ਕਾਲਜ ਦੇ ਵਿਦਿਆਰਥੀ ਅਤੇ ਵਿਦਿਆਰਥਣਾ ਨੇ ਪਾਲਕੀ ਸਾਹਿਬ ਤੇ ਫੁੱਲਾਂ ਦੀ ਵਰਖ਼ਾ ਕੀਤੀ ਅਤੇ ਸਕੂਲੀ ਬੈਂਡ ਨਾਲ ਨਗਰ-ਕੀਰਤਨ ਦੀ ਸ਼ੋਭਾ ਵਧਾਈ। ਗੁਰਦੁਆਰਾ ਸ੍ਰੀ ਗੁਰੂ ਨਾਨਕ ਗੋਬਿੰਦ ਧਾਮ, ਫੈਜ਼ਾਬਾਦ, ਅਯੁੱਧਿਆ ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਫੈਜ਼ਪੁਰ, ਸੁਲਤਾਨਪੁਰ, ਪ੍ਰਤਾਪ ਗੜ੍ਹ ਤੋਂ ਹੁੰਦਾ ਹੋਇਆ ਗੁਰਦੁਆਰਾ ਸਿੰਘ ਸਭਾ ਇਲਾਹਬਾਦ (ਉੱਤਰ ਪ੍ਰਦੇਸ਼) ਵਿਖੇ ਪਹੁੰਚਾ।

**ਗੁਰਦੁਆਰਾ ਸਿੰਘ ਸਭਾ ਇਲਾਹਬਾਦ ਤੋਂ ਗੁਰਦੁਆਰਾ ਗੁਰੂ ਬਾਗ, ਵਾਰਾਨਸੀ (ਬਨਾਰਸ) ਤੀਕ:**

੧੦ਵੇਂ ਦਿਨ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਖ਼ੁਲਾਬਾਦ, ਇਲਾਹਬਾਦ (ਉੱਤਰ ਪ੍ਰਦੇਸ਼) ਤੋਂ ਰਵਾਨਾ ਹੋਇਆ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੇ ਪ੍ਰਧਾਨ ਸ. ਜੋਗਿੰਦਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਤੇ ਸੰਗਤਾਂ ਨੂੰ ਜੀ ਆਇਆਂ ਕਿਹਾ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਚਾਨਣ ਸਿੰਘ, ਨਗਰ ਕੀਰਤਨ ਨਾਲ ਆਏ ਅਧਿਕਾਰੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ ਤੇ ਮੀਤ ਸਕੱਤਰ ਸ. ਚਾਨਣ ਸਿੰਘ ਨੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਭਾਈ ਲਖਵਿੰਦਰ ਸਿੰਘ, ਸ. ਜੋਗਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਸ. ਪ੍ਰੀਤਮ ਸਿੰਘ ਜਨਰਲ ਸਕੱਤਰ, ਸ. ਜਤਿੰਦਰ ਸਿੰਘ ਕੈਸ਼ੀਅਰ, ਸ. ਇੰਦਰਪ੍ਰੀਤ ਸਿੰਘ,ਸ. ਸਤਬੀਰ ਸਿੰਘ ਭਾਟੀਆ, ਸ. ਗੁਰਪ੍ਰੀਤ ਸਿੰਘ, ਸ. ਜਤਿੰਦਰ ਸਿੰਘ ਅਤੇ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਸਨਮਾਨਿਤ ਕੀਤਾ। ਇਲਾਹਬਾਦ ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਹਨੂੰਮਾਨ

ਗੰਜ, ਹੰਡੀਆ, ਗੋਪੀ ਗੰਜ, ਅਰਾਈ, ਮਿਰਜਾਪੁਰ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਬਾਗ, ਵਾਰਾਨਸੀ (ਬਨਾਰਸ) ਉੱਤਰ ਪ੍ਰਦੇਸ਼ ਵਿਖੇ ਪਹੁੰਚਾ।

**ਗੁ: ਗੁਰੂ ਬਾਗ,ਵਾਰਾਨਸੀ (ਬਨਾਰਸ) ਤੋਂ ਗੁ: ਚਾਚਾ ਫੱਗੂ ਮੱਲ ਜੀ ਸਾਸਾਰਾਮ (ਬਿਹਾਰ) ਤੀਕ:**

੧੧ਵੇਂ ਦਿਨ ਨਗਰ ਕੀਰਤਨ ਗੁਰਦੁਆਰਾ ਗੁਰੂ ਬਾਗ, ਵਾਰਾਨਸੀ, (ਬਨਾਰਸ), ਤੋਂ ਰਵਾਨਾ ਹੋਇਆ। ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਗੁਰੂ ਬਾਗ, ਵਾਰਾਨਸੀ ਵਿਖੇ ਆਸਾ ਜੀ ਦੀ ਵਾਰ ਦੇ ਕੀਰਤਨ ਉਪਰੰਤ ਭਾਈ ਸਤਵੰਤ ਸਿੰਘ ਪ੍ਰਚਾਰਕ ਵੱਲੋਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਦਸਮੇਸ਼ ਪਿਤਾ ਜੀ ਦੇ ਜੀਵਨ ਤੇ ਜਾਨਣਾ ਪਾਇਆ ਗਿਆ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ-ਕੀਰਤਨ ਅਗਲੇ ਪੜਾਅ ਲਈ ਰਵਾਨਾ ਹੋਇਆ। ਇਸ ਤੋਂ ਪਹਿਲਾਂ ਗੁਰਦੁਆਰਾ ਗੁਰੂ ਬਾਗ, ਵਾਰਾਨਸੀ ਦੇ ਪ੍ਰਧਾਨ ਸ. ਜਸਬੀਰ ਸਿੰਘ ਸੱਭਰਵਾਲ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ। ਗੁਰਦੁਆਰਾ ਗੁਰੂ ਬਾਗ, ਵਾਰਾਨਸੀ (ਬਨਾਰਸ), ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਕੁਦਰਾ ਤੋਂ ਹੁੰਦਾ ਹੋਇਆ ਗੁਰਦੁਆਰਾ ਚਾਚਾ ਫੱਗੂ ਮੱਲ ਜੀ ਸਾਸਾਰਾਮ (ਬਿਹਾਰ) ਵਿਖੇ ਪਹੁੰਚਾ ਜਿਥੇ ਸੰਗਤਾਂ ਨੇ ਵਿਸ਼ਰਾਮ ਕੀਤਾ।

**ਗੁ: ਚਾਚਾ ਫੱਗੂ ਮੱਲ ਜੀ ਸਾਸਾਰਾਮ (ਬਿਹਾਰ) ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੀਕ:**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਆਪਣੇ ਆਖਰੀ ਪੜਾਅ ਲਈ ਗੁਰਦੁਆਰਾ ਚਾਚਾ ਫਗੂਮਲ ਜੀ, ਸਾਸਾਰਾਮ (ਬਿਹਾਰ) ਤੋਂ ਸ੍ਰੀ ਪਟਨਾ ਸਾਹਿਬ ਲਈ ਰਵਾਨਾ ਹੋਇਆ। ਇਸ ਮੌਕੇ ਸ. ਬਿਜੈ ਸਿੰਘ ਵਧੀਕ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਚਾਚਾ ਫਗੂਮਲ ਜੀ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਸਿੱਖ ਜਥੇਬੰਦੀਆਂ ਦੇ ਇਲਾਵਾ, ਗੈਰ ਸਿੱਖ ਜਥੇਬੰਧੀਆਂ ਜਿਨ੍ਹਾਂ ਨਗਰ-ਕੀਰਤਨ ਵਿੱਚ ਸੰਗਤਾਂ ਨਾਲ ਸਹਿਯੋਗ ਕੀਤਾ ਦਾ ਵਿਸ਼ੇਸ ਧੰਨਵਾਦ ਕੀਤਾ। ਉਨ੍ਹਾਂ ਨੇ ਪੰਜਾਬ ਪੁਲੀਸ ਤੇ ਯੂ ਪੀ ਪੁਲੀਸ ਜਿਨ੍ਹਾਂ ਸਾਰਾ ਰਸਤਾ ਬੜੇ ਹੀ ਸੁਚੱਜੇ ਢੰਗ ਨਾਲ ਸਕਿਉਰਟੀ ਦੀ ਸੇਵਾ ਨਿਭਾਈ ਦਾ ਵੀ ਧੰਨਵਾਦ ਕੀਤਾ। ਗੁਰਦੁਆਰਾ ਚਾਚਾ ਫਗੂਮਲ ਦੇ ਪ੍ਰਧਾਨ ਸ. ਸਰਬਜੀਤ ਸਿੰਘ ਤੇ ਸ. ਰਜਿੰਦਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਤੇ ਸੰਗਤਾਂ ਨੂੰ ਜੀ ਆਇਆਂ ਕਿਹਾ। ਗੁਰਦੁਆਰਾ ਚਾਚਾ ਫਗੂਮਲ ਜੀ ਸਾਸਾਰਾਮ (ਬਿਹਾਰ) ਤੋਂ ਰਵਾਨਾ ਹੋ ਕੇ ਨਗਰ-ਕੀਰਤਨ ਆਰਾ, ਦਾਨਾਪੁਰ, ਬੀਟਾ ਤੋਂ ਹੁੰਦਾ ਹੋਇਆ ਦਸਮ ਪਿਤਾ ਦੀ ਜਨਮ ਭੂਮੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਵਿਖੇ ਸੰਪੰਨ ਹਇਆ।

ਜਿੱਥੇ ਇਸ ਵਿਸ਼ਾਲ ਨਗਰ-ਕੀਰਤਨ ਦਾ ਸਵਾਗਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਅਤੇ ਸਮੂਹ ਮੈਂਬਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵੱਲੋਂ ਕੀਤਾ ਗਿਆ।

ਨਗਰ ਕੀਰਤਨ ਦੇ ਰਸਤੇ ਵਿੱਚ ਜਗ੍ਹਾ-ਜਗ੍ਹਾ ਸੰਗਤਾਂ ਵੱਲੋਂ ਬੜੀ ਸ਼ਰਧਾ-ਭਾਵਨਾ ਤੇ ਸਤਿਕਾਰ ਸਹਿਤ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰੂ ਸਾਹਿਬ ਦੇ ਪਵਿੱਤਰ ਸ਼ਸਤਰਾਂ ਦੇ ਦਰਸ਼ਨ ਦੀਦਾਰੇ ਕੀਤੇ ਗਏ। ਵੱਖ-ਵੱਖ ਪੜਾਵਾਂ ਤੇ ਸੰਗਤਾਂ ਨੇ ਵੱਖ-ਵੱਖ ਪਕਵਾਨਾ ਦੇ ਲੰਗਰ ਲਗਾ ਕੇ ਨਗਰ-ਕੀਰਤਨ ਵਿੱਚ ਸ਼ਾਮਿਲ ਸੰਗਤਾਂ ਦੀ ਸੇਵਾ ਕੀਤੀ।

ਇਸ ਨਗਰ ਕੀਰਤਨ ਨਾਲ ਵੱਖ-ਵੱਖ ਪੜਾਵਾਂ ਤੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਭਾਈ ਰਾਮ ਸਿੰਘ ਅੰਤ੍ਰਿੰਗ ਮੈਂਬਰ, ਸ. ਦਲਜੀਤ ਸਿੰਘ ਭਿੰਡਰ, ਸ. ਮਹਿੰਦਰ ਸਿੰਘ ਹੁਸੈਨਪੁਰ, ਪ੍ਰਿੰਸੀਪਲ ਸੁਰਿੰਦਰ ਸਿੰਘ, ਸ. ਰਣਧੀਰ ਸਿੰਘ ਚੀਮਾ, ਸ. ਕਰਨੈਲ ਸਿੰਘ ਪੰਜੋਲੀ, ਸ. ਰਵਿੰਦਰ ਸਿੰਘ ਖਾਲਸਾ, ਸ. ਅਵਤਾਰ ਸਿੰਘ ਰਿਆ

ਮੈਂਬਰ ਸ਼੍ਰੋਮਣੀ ਕਮੇਟੀ, ਸ. ਅਜੈਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਜਗੀਰ ਸਿੰਘ ਸਾਬਕਾ ਮੈਂਬਰ, ਸ. ਅਵਤਾਰ ਸਿੰਘ ਸਕੱਤਰ, ਸ. ਹਰਭਜਨ ਸਿੰਘ ਮਨਾਵਾ ਡਾ. ਪਰਮਜੀਤ ਸਿੰਘ ਸਰੋਆ ਤੇ ਸ. ਬਿਜੈ ਸਿੰਘ ਵਧੀਕ ਸਕੱਤਰ ਸ. ਸਿਮਰਜੀਤ ਸਿੰਘ, ਸ. ਚਾਨਣ ਸਿੰਘ ਤੇ ਸ. ਹਰਜੀਤ ਸਿੰਘ ਲਾਲੂਘੁੰਮਣ ਮੀਤ ਸਕੱਤਰ, ਡਾ. ਕਸ਼ਮੀਰ ਸਿੰਘ ਪ੍ਰਿੰਸੀਪਲ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ, ਸ. ਤੇਜਿੰਦਰ ਸਿੰਘ ਪੱਡਾ ਤੇ ਸ. ਸਤਨਾਮ ਸਿੰਘ ਇੰਚਾਰਜ, ਸ. ਮੁਖਤਿਆਰ ਸਿੰਘ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ. ਲਖਵਿੰਦਰ ਸਿੰਘ ਵਧੀਕ ਮੈਨੇਜਰ, ਸ. ਹਰਜਿੰਦਰ ਸਿੰਘ ਪੱਟੀ, ਸ. ਭੁਪਿੰਦਰ ਸਿੰਘ ਤੇ ਸ. ਸਤਨਾਮ ਸਿੰਘ ਮੀਤ ਮੈਨੇਜਰ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਨਿਹੰਗ ਮੁਖੀ ਤਰਨਾ ਦਲ, ਜਥੇਦਾਰ ਸਤਨਾਮ ਸਿੰਘ ਖਾਪੜੀ ਤਰਨਾਦਲ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ, ਬਾਬਾ ਕਾਲਾ ਸਿੰਘ ਬਾਸਰਕੇ ਭੈਣੀ ਸ. ਨੱਥਾ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ (ਸਰਹਿੰਦ), ਸ. ਕਰਮਜੀਤ ਸਿੰਘ ਤੇ ਸ. ਬਲਵਿੰਦਰ ਸਿੰਘ ਮੀਤ ਮੈਨੇਜਰ, ਸ. ਗੁਰਮੀਤ ਸਿੰਘ ਚੀਮਾ, ਸ. ਗੁਰਜੀਤ ਸਿੰਘ ਚੀਮਾ ਚੇਅਰਮੈਨ ਵਰਿੰਦਰ ਸਿੰਘ ਸੋਢੀ, ਸ.ਪਰਮਜੀਤ ਸਿੰਘ ਮੈਨੇਜਰ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ, (ਹਰਿਆਣਾ), ਸ. ਜਰਨੈਲ ਸਿੰਘ ਡੀਂਗਰਾ ਮੈਨੇਜਰ ਗੁਰਦੁਆਰਾ ਪੰਚਕੂਲਾ, ਹਰਿਆਣਾ, ਸ. ਸੁਖਦੇਵ ਸਿੰਘ ਮੈਨੇਜਰ, ਸ. ਨਰਿੰਦਰਜੀਤ ਸਿੰਘ ਮੈਨੇਜਰ ਗੁਰਦੁਆਰਾ ਸਾਹਿਬ ਕਪਾਲ ਮੋਚਨ, ਸ.ਮੰਗ ਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ, ਹਰਿਆਣਾ, ਸ.ਪਰਮਜੀਤ ਸਿੰਘ ਇੰਚਾਰਜ ਸਬ-ਆਫ਼ਿਸ, ਕੁਰਕੁਸ਼ੇਤਰ, ਹਰਿਆਣਾ, ਬਾਬਾ ਅਜੀਤ ਮੁੱਖ ਸੇਵਾਦਾਰ ਬਾਬਾ ਦੀਪ ਸਿੰਘ ਟਰੱਸਟ, ਬਾਬਾ ਹਰੀ ਸਿੰਘ ਟਾਹਲੀ ਸਾਹਿਬ, ਸ. ਗੁਲਜ਼ਾਰ ਸਿੰਘ ਸੁਪਰਵਾਈਜ਼ਰ, ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ, ਭਾਈ ਜੱਜ ਸਿੰਘ, ਭਾਈ ਹਰਪ੍ਰੀਤ ਸਿੰਘ ਤੇ ਭਾਈ ਅਮਰਜੀਤ ਸਿੰਘ ਜੰਡੀ ਪ੍ਰਚਾਰਕ, ਭਾਈ ਗੁਰਭੇਜ ਸਿੰਘ ਚਵਿੰਡਾ ਤੇ ਭਾਈ ਸਤਨਾਮ ਸਿੰਘ ਢਾਡੀ, ਸ.ਲਖਬੀਰ ਸਿੰਘ ਵਧੀਕ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ.ਇੰਦਰ ਮੋਹਣ ਸਿੰਘ 'ਅਨਜਾਣ', ਬਾਬਾ ਜਸਵੰਤ ਸਿੰਘ ਤੇ ਬਾਬਾ ਇਕਬਾਲ ਸਿੰਘ, ਬਾਬਾ ਅਜਾਇਬ ਸਿੰਘ ਜੀ ਹਜ਼ੂਰ ਸਾਹਿਬ ਵਾਲੇ, ਬਾਬਾ ਅਰਜਨ ਸਿੰਘ, ਬਾਪੂ ਬਲਦੇਵ ਸਿੰਘ, ਸ.ਅਜਮੇਰ ਸਿੰਘ ਛੀਨਾ, ਸ. ਬਲਰਾਜ ਸਿੰਘ, ਸ. ਰਣਜੀਤ ਸਿੰਘ ਹੁੰਦਲ, ਸ. ਜਸਬੀਰ ਸਿੰਘ ਖਹਿਰਾ, ਸ. ਮਹਿੰਦਰ ਸਿੰਘ ਹੁੰਦਲ ਮਨਾਲਾ, ਬੀਬੀ ਇੰਦਰਜੀਤ ਕੌਰ ਖਾਲਸਾ ਮੁਖ ਪ੍ਰਬੰਧਕ ਗੁਰਦੁਆਰਾ ਖਾਲਸਾ ਨਿਵਾਸ, ਭਾਈ ਅਮਰੀਕ ਸਿੰਘ, ਸ. ਭੂਪਿੰਦਰ ਸਿੰਘ, ਸ. ਬਲਵੀਰ ਸਿੰਘ, ਸ. ਮੰਗਲ ਸਿੰਘ, ਸ. ਲਖਬੀਰ ਸਿੰਘ ਮੈਂਬਰ, ਸ. ਕੰਵਲਜੀਤ ਸਿੰਘ ਤੇ ਸਰਦਾਰਨੀ ਪ੍ਰਕਾਸ਼ ਕੌਰ, ਸ. ਯਾਦਵਿੰਦਰ ਸਿੰਘ ਤੇ ਸ. ਅਰਸ਼ਦੀਪ ਸਿੰਘ, ਡਾ: ਗੁਰਮੀਤ ਸਿੰਘ, ਸ. ਰਜਿੰਦਰ ਸਿੰਘ ਬੱਗਾ, ਸ. ਅਮਰੀਕ ਸਿੰਘ, ਸ. ਸੱਜਣ ਸਿੰਘ ਮੈਨੇਜਰ, ਗਿਆਨੀ ਪਰਮਜੀਤ ਸਿੰਘ, ਗਿਆਨੀ ਲਖਬੀਰ ਸਿੰਘ, ਸ.ਹਰਮਿੰਦਰ ਸਿੰਘ, ਸ. ਜੋਗਿੰਦਰ ਸਿੰਘ, ਸ. ਇੰਦਰਜੀਤ ਸਿੰਘ ਬਜਾਜ, ਸ. ਨਰਿੰਦਰ ਸਿੰਘ ਰਾਜਾ, ਸ. ਨਿਰਮਲ ਸਿੰਘ, ਸ. ਸਰਬਜੀਤ ਸਿੰਘ, ਸ.ਮਨਦੀਪ ਸਿੰਘ ਤਲਵਾੜ, ਰਾਜਾ ਨਰਿੰਦਰ ਸਿੰਘ, ਸ. ਰੇਸ਼ਮ ਸਿੰਘ, ਸ. ਹਰਦੀਪ ਸਿੰਘ, ਸ. ਧਰਮ ਸਿੰਘ, ਸ. ਯੁਵਰਾਜ ਸਿੰਘ, ਸ. ਇਕਬਾਲ ਸਿੰਘ, ਸ. ਰਣਜੀਤ ਸਿੰਘ ਤੇ ਸ. ਗੁਰਵਿੰਦਰ ਸਿੰਘ ਗੁਰਦੁਆਰਾ ਇੰਸਪੈਕਟਰ ਦੇ ਇਲਾਵਾ ਸ਼੍ਰੋਮਣੀ ਕਮੇਟੀ ਦਾ ਸਟਾਫ ਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। ■

## ਅੰਮ੍ਰਿਤ ਸੰਚਾਰ

*ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।*

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਸਤੰਬਰ ੨੦੧੬

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੧੨ | | ੧੪੪੭੧੨੨੫.੦੦ |
| ੨ | ਧਾਰਮਿਕ ਫੰਡ ੮੭ | ੪੪ | | ੮੦੦੦੦੦.੦੦ |
| ੩ | ਪ੍ਰਚਾਰ ਸਹਾਇਤਾ | ੭੦ | | ੧੭੮੮੧੦.੦੦ |
| ੪ | ਕਿਰਾਇਆ ਕਮਰੇ ਸ੍ਰੀ ਗੁਰੂ ਰਾਮਦਾਸ ਨਿਵਾਸ, ਕੁਰੂਕਸ਼ੇਤਰ | ੮੭ | | ੪੪੫੩੦੦.੦੦ |
| ੫ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ) | ੯੩ | ੪੯੨੧੫੫.੦੦ | |
| ੬ | ਲਿਟਰੇਚਰ ਫੁਟਕਲ | ੧੦੩ | ੪੫੯੪.੦੦ | |
| ੭ | ਧਾਰਮਿਕ ਪ੍ਰੀਖਿਆ ਵਜੀਫੇ | ੧੧੮ | ੭੮੧੮੨੧.੦੦ | ੧੭੧੬੩੦.੦੦ |
| ੮ | ਪੱਤਰ-ਵਿਹਾਰ ਕੋਰਸ ਤੇ ਖੋਜ ਕੇਂਦਰ | ੧੭੬ | ੪੮੭੩੮੧.੦੦ | ੩੦੨੦੦.੦੦ |
| ੯ | ਧਰਮ ਤੇ ਅੰਮ੍ਰਿਤ ਪ੍ਰਚਾਰ | ੧੯੯ | ੫੬੧੫੫੪.੦੦ | ੧੦੧੬੦੦.੦੦ |
| ੧੦ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੩੨ | ੧੩੩੦੪੭੧.੦੦ | ੫੭੦੦੦.੦੦ |
| ੧੧ | ਗੁਰਮਤਿ ਗਿਆਨ ਹਿੰਦੀ | ੨੭੫ | ੨੩੯੦੯੬.੦੦ | ੬੮੩੦.੦੦ |
| ੧੨ | ਤਨਖਾਹ ਸਟਾਫ ਦਫਤਰ | ੨੯੭ | ੩੬੨੮੧੭੫.੦੦ | ੨੯੬੫੨.੦੦ |
| ੧੩ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੦੬ | ੫੦੦੧੪੮.੦੦ | |
| ੧੪ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੧੫ | ੭੫੩੨੩੫.੦੦ | |
| ੧੫ | ਤਨਖਾਹ ਧਾਰਮਿਕ ਟੀਚਰ | ੩੨੨ | ੬੨੦੨੩੨.੦੦ | |
| ੧੬ | ਡਾਕ ਤੇ ਤਾਰ ਖਰਚ | ੩੨੮ | ੩੭੧੯.੦੦ | |
| ੧੭ | ਫਿਲਮਾਂ ਰਾਹੀਂ ਪ੍ਰਚਾਰ(ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੪੨ | ੨੦੬੭੯੪.੦੦ | |
| ੧੮ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੬੫ | ੧੩੦੬੩੨.੦੦ | |
| ੧੯ | ਮੁਕੱਦਮੇ | ੩੮੧ | ੪੭੨੦.੦੦ | ੬੬੦੦.੦੦ |
| ੨੦ | ਟੈਲੀਫੋਨ | ੩੮੯ | ੧੦੭੩੧.੦੦ | |
| ੨੧ | ਮੁਰੰਮਤ ਸਮਾਨ ਦਫਤਰ | ੪੦੫ | ੩੬੨੩੯.੦੦ | |
| ੨੨ | ਐਂਟਰਟੇਨਮੈਂਟ | ੪੧੬ | ੯੮੪੮.੦੦ | |

| | | | |
|---|---|---|---|
| ੨੩ ਵਰਦੀਆਂ ਮੁਲਾਜਮਾਂ | ੪੨੩ | ੫੭੮੫.੦੦ | |
| ੨੪ ਸਫਰ ਖਰਚ ਮੁਲਾਜਮਾਂ | ੪੩੭ | ੨੭੫੫੫.੦੦ | ੧੪੬੦.੦੦ |
| ੨੫ ਫੁਟਕਲ ਦਫਤਰ ਤੇ ਰੋਸ਼ਨੀ | ੪੫੩ | ੨੪੪੦੭.੦੦ | ੨੦੧.੦੦ |
| ੨੬ ਬੀਮਾ ਗੱਡੀਆਂ ਤੇ ਕੈਸ਼ | ੪੭੪ | ੨੯੨੬੭.੦੦ | ੮੪੮੪੪.੦੦ |
| ੨੭ ਸ਼ਤਾਬਦੀਆਂ ਸਮਾਰੋਹ | ੫੪੮ | ੨੩੫੭੪੦੩.੦੦ | ੧੦੦੯੮੫.੦੦ |
| ੨੮ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ | ੫੮੪ | ੭੫੭੭੪੫.੦੦ | ੨੮੭੨੮.੦੦ |
| ੨੯ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੯੯ | ੩੫੨੪੩੮.੦੦ | ੭੫੭੪.੦੦ |
| ੩੦ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੬੧੨ | ੭੯੬੭੭.੦੦ | |
| ੩੧ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੨੨ | ੧੦੨੧੮੬.੦੦ | |
| ੩੨ ਗੁਰ:ਸੰਗੀਤ ਵਿਦਿਆਲੇ: (ਬਾਦੀਆਂ, ਮੁਕਤਸਰ ਸਾਹਿਬ, ਭੂਰਾ ਕੋਹਨਾ ,ਕਾਲਾਮਾਲਾ ਸੰਗਰੂਰ) ਤਨ:, ਸ:ਖ: ਤੇ ਫੁਟ:ਆਦਿ | ੬੩੪ | ੩੮੧੩੭੧.੦੦ | |
| ੩੩ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ ,ਭਾਈ ਗੁਰਦਾਸ ਵਿਦਿ:ਆਲਮਗੀਰ) ਤਨਖਾਹਾਂ,ਸਫਰ ਖਰਚ ਤੇ ਫੁਟਕਲ ਆਦਿ | ੬੫੪ | ੪੭੬੪੮੯.੦੦ | |
| ੩੪ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੬੭੧ | ੩੭੮੬੫.੦੦ | |
| ੩੫ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖਾਹਾਂ,ਆਨਰੇਰੀਅਮ ਤੇ ਫੁਟਕਲ ਆਦਿ) | ੬੮੧ | ੫੨੪੧੮੮.੦੦ | |
| ੩੬ ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੦੪ | ੪੮੮੭੩੧੧.੦੦ | ੩੦੦੦੦.੦੦ |
| ੩੭ ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੧੯ | ੨੫੮੮੫੨.੦੦ | ੪੦੧੨.੦੦ |
| ੩੮ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੪੬ | ੫੬੩੫੦੧.੦੦ | ੧੬੧੮੨.੦੦ |
| ੩੯ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ | ੭੭੩ | ੬੯੧੪੬੧.੦੦ | ੩੩੧੮੬੨.੦੦ |

| | | | |
|---|---|---|---|
| ੪੦ ਇਮਾਰਤ ਦਫਤਰ ਧਰਮ ਪ੍ਰਚਾਰ ਕਮੇਟੀ (ਸੀਮਿੰਟ) | ੮੧੧ | ੭੫੦੦੦.੦੦ | |
| ੪੧ ਇਮਾਰਤ ਦਫਤਰ ਧਰਮ ਪ੍ਰਚਾਰ ਕਮੇਟੀ | ੮੧੯ | ੨੫੭੪੦.੦੦ | |
| ੪੨ ਇਮਾਰਤ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸਰੀਆ) | ੮੩੮ | ੮੦੩੩੮੭.੦੦ | ੪੨੪੦੮੩.੦੦ |
| ੪੩ ਇਮਾਰਤ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸੀਮਿੰਟ)) | ੮੪੦ | | ੧੦੭੭੮੮੫.੦੦ |
| ੪੪ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਠੇਕੇਦਾਰਾਂ) | ੮੪੨ | ੯੫੧੬੬੪੮.੦੦ | |
| ੪੫ ਇਮਾਰਤ ਸੰਗੀਤ ਵਿਦਿਆਲਾ ਬਗੜੀ, ਗੁ: ਜੋਯਾ ਤੇ ਸ਼ਾਹਜਹਾਂਪੁਰ (ਸਰੀਆ) | ੮੪੬ | | ੬੪੪੧੪.੦੦ |
| ੪੬ ਇਮਾਰਤ ਸੰਗੀਤ ਵਿਦਿਆਲਾ ਬਗੜੀ, ਗੁ: ਜੋਯਾ ਤੇ ਸ਼ਾਹਜਹਾਂਪੁਰ (ਸੀਮਿੰਟ) | ੮੪੭ | | ੮੪੩੭੦.੦੦ |
| ੪੭ ਇਮਾਰਤ ਸੰਗੀਤ ਵਿਦਿਆਲਾ ਬਗੜੀ, ਗੁ: ਜੋਯਾ ਤੇ ਸ਼ਾਹਜਹਾਂਪੁਰ (ਠੇਕੇਦਾਰਾਂ) | ੮੪੮ | ੧੬੨੧੦੧੨.੦੦ | ੧੪੫੩੦੧.੦੦ |
| ੪੮ ਇਮਾਰਤ ਉਤਰਾਂਚਲ ਸਿੱਖ ਮਿਸ਼ਨ (ਕਾਸ਼ੀਪੁਰ) (ਠੇਕੇਦਾਰ) | ੮੫੭ | ੨੯੧੬੫੫.੦੦ | |
| ੪੯ ਖਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ ਜੰਮੂ-ਕਸ਼ਮੀਰ (ਸੀਮਿੰਟ) | ੮੬੭ | ੧੯੮੮੬੬੦.੦੦ | |
| ੫੦ ਸਮਾਨ ਦਫਤਰ ਧਰਮ ਪ੍ਰਚਾਰ | ੮੮੭ | ੧੪੦੬੭੨.੦੦ | |
| ੫੧ ਸਮਾਨ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੮੯੫ | ੨੩੮੦੦.੦੦ | |
| ੫੨ ਸਮਾਨ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ | ੯੦੩ | ੮੭੪੦.੦੦ | |
| ੫੩ ਸਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼., ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ | ੯੦੬ | ੧੦੫੮੧.੦੦ | |
| ੫੪ ਸਮਾਨ ਗੁਰਮਤਿ ਸੰ:ਵਿਦਿਆਲਾ ਕਾਲਾਮਾਲਾ ਸੰਗਰੂਰ) | ੯੧੫ | ੫੯੬੧.੦੦ | |
| ੫੫ ਸਮਾਨ ਗੁਰ:ਵਿਦਿ: ਬਾਬਾ ਦੀਪ ਸਿੰਘ ਬਰਨਾਲਾ | ੯੧੭ | ੫੫੨੦.੦੦ | |
| ੫੬ ਕਰਜਾ ਗੋਲਡਨ ਆਫਸਟ ਪ੍ਰੈਸ ਰਾਮਸਰ | ੯੩੪ | | ੨੦੦੦੦੦.੦੦ |
| ੫੭ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੦੩ | ੩੬੯੨੩੩.੦੦ | |

| | | |
|---|---|---|
| ੫੮ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੨੦ | ੪੭੦੩੬.੦੦ |
| ੫੯ ਗੁਰ:ਵਿਦਿਆਲਾ ਸ਼ੇਖੂਪੁਰਾ ਮੰਜੂਰੀ,ਕਰਨਾਲ ਤਨ:, ਵਜੀ:,ਸ:ਖਰਚ ਤੇ ਫੁਟ: | ੧੦੩੮ | ੧੬੨੭੪੦.੦੦ |
| ੬੦ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੪੮ | ੧੦੯੯੭੨.੦੦ |
| ੬੧ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁਢਾ ਜੌਹੜ) | ੧੦੫੯ | ੫੦੭੩੭.੦੦ |
| ੬੨ ਤਨ:ਸਫਰ ਖਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੭੦ | ੧੦੦੪੪੧੧.੦੦ |
| ੬੩ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ,ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੮੦ | ੧੬੦੩੮.੦੦ |
| ੬੪ ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੬ | ੪੦੧੪੨.੦੦ |
| ੬੫ ਫੁੱਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੦੨ | ੧੮੨੧੫.੦੦ |
| ੬੬ ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ ਯੂ.ਪੀ | ੧੧੧੦ | ੧੩੫੪੪੭.੦੦ |
| ੬੭ ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੨੧ | ੬੩੮੪੫.੦੦ |
| ੬੮ ਗੁਰ: ਸਾਹਿਬਾਨ ਨੱਕਾ ਕੂਆਂ,ਸੰਤ ਸਭਾ ਨਗੀਨਾ, ਬ੍ਰਿੰਦਾਬਨ,ਗੜ੍ਹਮੁਕਤੇਸਰ ਯੂ:ਪੀ: | ੧੧੨੯ | ੩੩੨੬੪.੦੦ |
| ੬੯ ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੧੩੬ | ੫੫੧੫.੦੦ |
| ੭੦ ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧੀ ਕੋਠੀ) ਯੂ:ਪੀ: | ੧੧੪੧ | ੪੯੭.੦੦ |
| ੭੧ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ | | |

| | | | |
|---|---|---|---|
| (ਬਿੱਲ ਫੁਟਕਲ ਆਦਿ) ਅਹਿਮਦਾਬਾਦ, ਗੁਜਰਾਤ | ੧੧੫੨ | ੪੧੯੮੫.00 | |
| ੭੨ ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੬੪ | ੧੨੪੭੪੧.00 | |
| ੭੩ ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛਤੀਸਗੜ੍ਹ ਮਿਸ਼ਨ | ੧੧੭੨ | ੬੪੩੫੮.00 | |
| ੭੪ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫਖਰਚ ਅਤੇ ਬਿੱਲ ਆਦਿ) | ੧੧੭੮ | ੮੪੯੮੫.00 | |
| ੭੫ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੯੦ | ੧੪੬੭੮੮.00 | |
| ੭੬ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੨00 | ੨੪੫੯੭.00 | |
| ੭੭ ਫੁੱਟਕਲ ਦਫ਼ਤਰ ਲੰਗਰ (ਆਉ ਭਗਤ) ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੨0੫ | ੪੩੯੭.00 | |
| ੭੮ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, ਫੁਟਕਲ ਆਦਿ (ਕਾਸ਼ੀਪੁਰ) | ੧੨੧੩ | ੩0੭੯੫੫.00 | ੫੨0.00 |
| ੭੯ ਤਨਖਾਹ, ਸਫਰ ਖਰਚ ਆਦਿ ਸਿੱਖ ਮਿਸ਼ਨ ਨੇਪਾਲ | ੧੨੨੯ | ੩00੮੬.00 | ੩0000.00 |
| ੮0 ਸਹਾਇਤਾ ਭੇਟਾ ਰਹਿਤ ਪਾਵਨ ਸਰੂਪ | ੧੨੩੩ | ੧੨੮੬੫0.00 | |
| ੮੧ ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੨੩੮ | ੮੫੭੭੮.00 | |
| ੮੨ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੬0 | ੫੪੩੧00.00 | |
| ੮੩ ਸਹਾਇਤਾ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ | ੧੨੮੫ | ੬੩੮੧੪੧.00 | |
| ੮੪ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੯੮ | ੨੯000.00 | |
| ੮੫ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸਤਰ ਵਿਦਿਆ (ਗਤਕਾ) | ੧੩੧੬ | ੧੬੬੩੭੫.00 | |
| ੮੬ ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ | ੧੩੪੪ | ੨੪੪੧੫੪.00 | |
| ੮੭ ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੫੭ | ੬੧੯੧੩੮.00 | ੧੧00.00 |
| ੮੮ ਸਹਾਇਤਾ ਯਾਦਗਾਰੀ ਪ੍ਰੋਜੈਕਟ ਤੇ ਇਤਿਹਾਸਕ ਇਮਾਰਤਾਂ | ੧੩੬੮ | ੩੩੪੬੭੫੫.00 | |

| | | | |
|---|---|---|---|
| ੮੯ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਵਾਨਾ ਨੂੰ ਸਨਮਾਨਤ | ੧੩੭੫ | ੩੪੯੧੪੫.੦੦ | |
| ੯੦ ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੮੬ | ੧੨੭੧੦੦੦.੦੦ | |
| ੯੧ ਸਹਾਇਤਾ ਗੁਰਦੁਆਰਾ ਸਾਹਿਬਾਨ, ਪੀੜਤ ਪਰੀਵਾਰ, ਲਾਇਬ੍ਰੇਰੀਆਂ ਆਦਿ ਹਰਿਆਣਾ ਸਿੱਖ ਮਿਸ਼ਨ | ੧੪੦੦ | ੩੦੦੦੦੦.੦੦ | |
| ੯੨ ਸਹਾਇਤਾ ਗੁਰਦੁਆਰਾ ਸਾਹਿਬਾਨ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੪੨੩ | ੭੬੦੦.੦੦ | |
| ੯੩ ਆਮਦਨ ਕਰ | ੧੪੩੮ | ੨੨੫੫੦੦.੦੦ | ੨੩੭੧੦੦.੦੦ |
| ੯੪ ਟੀ.ਡੀ.ਐਸ. (ਅਦਾਇਗੀ ਯੋਗ) | ੧੪੫੮ | ੬੪੫੫੧.੦੦ | ੧੭੩੩੬੪.੦੦ |
| ੯੫ ਸੇਲ ਟੈਕਸ | ੧੪੭੩ | ੧੦੩੨੨੫.੦੦ | ੬੭੭੨੩੩.੦੦ |
| ੯੬ ਸਹਾਇਤਾ ਭਾਈ ਨਗਾਈਆ ਜੀ ਪਬਲਿਕ ਸਕੂਲ ਫਾਰ ਡੈੱਫ ਆਲਮਗੀਰ ਲੁਧਿਆਣਾ | ੧੪੮੨ | ੨੭੨੯੧.੦੦ | |
| ੯੭ ਸਹਾਇਤਾ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿ: ਸੰਨ ਸਾਹਿਬ ਛੇਹਰਟਾ ਰੋਡ ਸ੍ਰੀ ਅੰਮ੍ਰਿਤਸਰ | ੧੪੮੪ | ੨੫੦੦੦.੦੦ | |
| ੯੮ ਅਣਦਿੱਤੀ ਤਨਖਾਹ | ੧੫੦੬ | ੪੭੫੦.੦੦ | ੨੨੫੪੦.੦੦ |
| ੯੯ ਅਣਦਿੱਤੇ ਬਿਲਜ਼ | ੧੫੨੦ | ੭੩੭੮.੦੦ | ੩੫੨੮.੦੦ |
| ੧੦੦ ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ (ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੧੫੩੬ | | ੨੮੩੮੧੫.੦੦ |
| ੧੦੧ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੧੫੫੧ | ੮੯੪੯੬.੦੦ | ੮੯੪੯੬.੦੦ |
| ੧੦੨ ਅਮਾਨਤ ਕਿਰਾਇਆ ਗੁ:ਸ੍ਰੀ ਫਤਹਿਗੜ੍ਹ ਸਾਹਿਬ | ੧੫੭੨ | | ੧੭੦੦.੦੦ |
| ੧੦੩ ਅਮਾਨਤ ਕਿਰਾਇਆ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਬਠਿੰਡਾ | ੧੫੭੮ | | ੮੭੭੬.੦੦ |
| ੧੦੪ ਅਮਾਨਤ ਮੁਲਾਜਮਾਂ | ੧੬੦੫ | ੧੪੭੨੩੬.੦੦ | ੧੯੪੧੭੮.੦੦ |
| ੧੦੫ ਅਮਾਨਤ ਸ਼੍ਰੋਮਣੀ ਕਮੇਟੀ | ੧੬੨੮ | ੨੬੫੮੧.੦੦ | ੨੬੫੮੧.੦੦ |
| ੧੦੬ ਲੈਣ-ਦੇਣ ਸ਼੍ਰੋਮਣੀ ਕਮੇਟੀ | ੧੬੪੩ | | ੧੦੦੦੦੦੦੦.੦੦ |
| ੧੦੭ ਪੇਸ਼ਗੀ ਜਨਰਲ | ੧੬੭੬ | ੯੦੭੮੪੯੭.੦੦ | ੧੧੯੪੦੨੭੧.੦੦ |
| ੧੦੮ ਪੇਸ਼ਗੀ ਹਥਿਆਰ | ੧੭੨੨ | | ੧੪੦੦.੦੦ |

| | | | |
|---|---|---|---|
| ੧੦੯ ਪੇਸ਼ਗੀ ਤਨਖਾਹ | ੧੭੪੪ | ੮੧੧੮੦੦.੦੦ | ੩੩੧੫੦੦.੦੦ |
| ੧੧੦ ਕਿਰਾ: ਦੁਕਾਨਾਂ ਤੇ ਫਲੈਟਸ ਸਿੱਖ ਮਿਸ਼ਨ ਹਰਿਆਣਾ | ੧੭੯੧ | | ੨੫੨੩੦.੦੦ |
| ੧੧੧ ਠੇਕਾ ਜਮੀਨ ਸਿੱਖ ਮਿਸ਼ਨ ਹਰਿਆਣਾ | ੧੭੯੩ | | ੧੨੫੪੫੦.੦੦ |
| ੧੧੨ ਕਿਰਾ: ਦੁਕਾਨਾ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੯੮ | | ੧੯੭੬੬.੦੦ |
| ੧੧੩ ਅਮਾਨਤ ਠੇਕੇਦਾਰਾਂ (ਐਲੀਵੇਸ਼ਨ) | ੧੮੧੫ | | ੬੪੭੬੩.੦੦ |
| ੧੧੪ ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ (ਗੁ:ਸ੍ਰੀ ਮੋਤੀ ਬਾਗ) ਪਟਿਆਲਾ | ੧੮੨੧ | | ੧੦੮੦.੦੦ |
| ੧੧੫ ਅਮਾਨਤ ਕਿਰਾਇਆ ਤਖਤ ਸ੍ਰੀ ਕੇਸਗੜ ਸਾਹਿਬ ਸ੍ਰੀ ਅਨੰਦਪੁਰ | ੧੮੨੩ | | ੧੧੯੦.੦੦ |
| ੧੧੬ ਅਮਾਨਤ ਕਿਰਾਇਆ ਗੁ:ਸ੍ਰੀ ਲੱਧੇਵਾਲ ਸਾਹਿਬ | ੧੮੨੬ | | ੪੨੦.੦੦ |
| ੧੧੭ ਪ੍ਰੋ: ਫੰਡ ਸਟਾਫ਼ | ੨੦੧੨ | ੨੨੫੫੬੪੦.੦੦ | ੨੨੫੫੬੪੦.੦੦ |
| ੧੧੮ ਕਰਜਾ ਪ੍ਰੋ: ਫੰਡ | ੨੦੩੫ | ੧੦੯੬੯੫.੦੦ | ੧੦੯੬੯੫.੦੦ |
| ੧੧੯ ਸੇਫ਼ ਖਾਤਾ | ੨੦੪੨ | ੨੫੦੦੦੦੦.੦੦ | ੨੫੦੦੦੦੦.੦੦ |
| ੧੨੦ S.B A/c No.੬੫੦੩੮੬੦੦੪੯੦ SBP, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੦੬੩ | ੧੬੦੨੫੪੦੦.੦੦ | ੧੨੧੯੨੩੮੧.੦੦ |
| ੧੨੧ S.B A/c No.੦੦੯੭੬੦੦੦/੦੦੦੭੦੧੨੭ PNB, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੧੦੨ | | ੨੯੦੦੫੧.੦੦ |
| ੧੨੨ S.B A/c No.੭੪੭੯੦੦੦/੦੦੦੦੮੭੩੨ PNB, ਸਰਾਂਏ, ਅੰਮ੍ਰਿਤਸਰ | ੨੧੨੨ | ੧੯੪੧੫੯੯੩੯.੦੦ | ੧੭੮੮੭੨੯੦੮.੦੦ |
| ੧੨੩ S.B A/c No.੧੩੧੩੧੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ | ੨੧੪੩ | ੧੨੧੦੨੭੭੫.੦੦ | ੭੮੭੦੫੪੯.੦੦ |
| ੧੨੪ S.B A/c No.੨੪੮੦ PSB, ਸਰਾਂਏ ਅੰਮ੍ਰਿਤਸਰ | ੨੧੭੬ | ੮੯੪੨੫੩੫੯.੦੦ | ੯੪੫੮੨੮੦੦.੦੦ |
| ੧੨੫ S.B A/c No.੭੨੬੪ PSB, ਚੌਂਕ ਪ੍ਰਾਗਦਾਸ ਅੰਮ੍ਰਿਤਸਰ | ੨੧੯੬ | | ੬੫੦੮੭੬.੦੦ |
| ੧੨੬ S.B A/c No. ੦੩੪੭੪ ਕਾਰਪੋਰੇਸ਼ਨ ਬੈਂਕ ਸਿਟੀ ਸੈਂਟਰ ਅੰਮ੍ਰਿਤਸਰ | ੨੨੩੫ | ੮੫੦੦੦੫੩੫.੦੦ | ੮੫੦੦੦੦੦੦.੦੦ |
| ੧੨੭ S.B A/c No.੦੧੯੬੨੦੧੦੦੧੮੨੧੦ OBC, ਰੇਲਵੇ ਰੋਡ, ਕੁਰੂਕਸ਼ੇਤਰ। | ੨੨੪੩ | ੬੬੭੨੯੫.੦੦ | |

| | | | |
|---|---|---|---|
| ੧੨੮ S.B A/c No.੨੧੯੨੧ Induslnd Bank, ਮਾਲ ਰੋਡ, ਅੰਮ੍ਰਿਤਸਰ | ੨੨੬੩ | | ੧੮੬੫੩੩੫.੦੦ |
| ੧੨੯ S.B A/c No.੦੦੬੬੦੧੦੦੩੨੩੩ ICICI Bank, ਮਾਲ ਰੋਡ, ਅੰਮ੍ਰਿਤਸਰ | ੨੨੭੪ | | ੮੩੦੮੬੫.੦੦ |
| ੧੩੦ S.B A/c No.੯੧੧੦੧੦੦੩੦੩੭੪੬੭੨ Axis Bank, ਕੋਰਟ ਰੋਡ, ਅੰਮ੍ਰਿਤਸਰ | ੨੨੮੧ | ੨੭੯੯੧੪.੦੦ | ੪੬੮੦੧੩੮.੦੦ |
| ੧੩੧ F/D A/c ਸਟੇਟ ਬੈਂਕ ਪਟਿਆਲਾ ਗਰੰਟੀ ੫ ਸਾਲਾ | ੨੩੧੫ | ੨੮੫੦੦.੦੦ | |
| ੧੩੨ ਐਫ.ਡੀ. ਮਜੀਠ ਮੰਡੀ PNB, ਸਰਾਂਏ, ਅੰਮ੍ਰਿ: | ੨੩੧੮ | | ੧੭੦੦੦੦੦੦੦.੦੦ |
| ੧੩੩ F.D A/c ਸਰਾਂਏ ਅੰਮ੍ਰਿਤਸਰ | ੨੩੨੪ | ੮੫੦੦੦੦੦੦.੦੦ | |
| ੧੩੪ F.D A/c ਜਮਾਨਤਾਂ ਮੁਲਾਜਮਾਂ | ੨੩੫੬ | ੩੦੦੦੦.੦੦ | |
| ੧੩੫ ਸੂਦ ਬੈਂਕਾਂ | ੨੩੭੧ | | ੧੪੧੫੪੯੩੬.੦੦ |
| ੧੩੬ ਕਮਿਸ਼ਨ ਬੈਂਕਾਂ | ੨੩੮੧ | ੨੬੯੪.੦੦ | |
| ੧੩੭ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੩੯੦ | | ੭੫੪੦੮੪.੦੦ |
| ੧੩੮ ਜਮਾਨਤ ਵਿਦਿਆਰਥੀਆਂ | ੨੪੦੯ | ੮੨੦੦.੦੦ | ੯੩੪੦੦.੦੦ |
| ੧੩੯ ਜਮਾਨਤਾਂ ਮੁਲਾਜਮਾਂ | ੨੪੨੯ | ੫੬੬੮੩.੦੦ | |
| ੧੪੦ ਸਿੱਕੇ ਚਾਂਦੀ | ੨੪੫੧ | | ੩੫੬੩.੦੦ |
| ੧੪੧ F.D A/c Corporation Bank, ਲਾਰੈਂਸ ਰੋਡ | ੨੪੬੬ | ੮੫੦੦੦੦੦੦.੦੦ | |
| | **ਜੋੜ** | ੬੧੯੭੫੬੧੭੭.੦੦ | ੬੧੯੮੬੮੯੭੦.੦੦ |
| | **ਹੱਥ ਦੀ ਬਾਕੀ** | ੧੧੪੦੦੧੯.੦੦ | ੧੦੨੭੨੨੬.੦੦ |
| | **ਕੁਲ ਜੋੜ** | ੬੨੦੮੯੬੧੯੬.੦੦ | ੬੨੦੮੯੬੧੯੬.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਐਡੀ/ਸਕੱਤਰ,

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਅਕਤੂਬਰ ੨੦੧੬

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੧੪ | | ੨੮੮੮੦੦੫੦.੦੦ |
| ੨ | ਧਾਰਮਿਕ ਫੰਡ ੮੭ | ੪੫ | | ੮੧੦੬੭੩.੦੦ |
| ੩ | ਪ੍ਰਚਾਰ ਸਹਾਇਤਾ | ੭੨ | | ੨੩੩੭੨੫.੦੦ |
| ੪ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ਼੍ਰੀਦ) | ੯੪ | ੯੦੩੬੦੮.੦੦ | |
| ੫ | ਲਿਟਰੇਚਰ ਫੁਟਕਲ | ੧੦੪ | ੪੫੯੭.੦੦ | |
| ੬ | ਧਾਰਮਿਕ ਪ੍ਰੀਖਿਆ ਵਜੀਫੇ | ੧੨੩ | ੧੪੨੭੦੫੦.੦੦ | ੧੪੩੭੦੦.੦੦ |
| ੭ | ਪੱਤਰ-ਵਿਹਾਰ ਕੋਰਸ ਤੇ ਖੋਜ ਕੇਂਦਰ | ੧੭੮ | ੩੩੯੩੧੦.੦੦ | ੮੯੮੦੦.੦੦ |
| ੮ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੦੧ | ੭੧੮੩੧੪.੦੦ | ੩੮੧੦.੦੦ |
| ੯ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੩੬ | ੧੧੪੨੧੪੯.੦੦ | ੬੭੦੬੯.੦੦ |
| ੧੦ | ਗੁਰਮਤਿ ਗਿਆਨ ਹਿੰਦੀ | ੨੭੭ | ੨੩੭੯੦੭.੦੦ | ੯੭੨੦.੦੦ |
| ੧੧ | ਸਟੇਸ਼ਨਰੀ ਛਪਾਈ | ੨੯੧ | ੧੨੬੬੨.੦੦ | |
| ੧੨ | ਤਨਖਾਹ ਸਟਾਫ ਦਫਤਰ | ੨੯੭ | ੩੬੭੬੮੫੯.੦੦ | |
| ੧੩ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੦੭ | ੫੭੪੮੧੧.੦੦ | |
| ੧੪ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੧੬ | ੭੪੮੨੩੩.੦੦ | |
| ੧੫ | ਤਨਖਾਹ ਧਾਰਮਿਕ ਟੀਚਰ | ੩੨੨ | ੫੬੫੦੩੨.੦੦ | |
| ੧੬ | ਡਾਕ ਤੇ ਤਾਰ ਖਰਚ | ੩੨੯ | ੪੧੩੫.੦੦ | |
| ੧੭ | ਫਿਲਮਾਂ ਰਾਹੀਂ ਪ੍ਰਚਾਰ (ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੪੪ | ੨੧੨੯੫੦.੦੦ | |
| ੧੮ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੬੭ | ੧੫੧੩੨੮.੦੦ | |
| ੧੯ | ਟੈਲੀਫੋਨ | ੩੯੦ | ੯੩੯੩.੦੦ | |
| ੨੦ | ਮੁਰੰਮਤ ਸਮਾਨ ਦਫਤਰ | ੪੦੫ | ੧੦੪੬੯.੦੦ | |
| ੨੧ | ਐਂਟਰਟੇਨਮੈਂਟ | ੪੧੬ | ੧੦੦੦੬.੦੦ | |
| ੨੨ | ਵਰਦੀਆਂ ਮੁਲਾਜਮਾਂ | ੪੨੩ | ੬੦੨੨੪.੦੦ | |
| ੨੩ | ਸਫਰ ਖਰਚ ਮੁਲਾਜਮਾਂ | ੪੩੮ | ੧੯੮੨੬.੦੦ | |
| ੨੪ | ਫੁਟਕਲ ਦਫਤਰ ਤੇ ਰੋਸ਼ਨੀ | ੪੫੪ | ੫੯੩੩.੦੦ | |

| | | | |
|---|---|---|---|
| ੨੫ ਬੀਮਾਂ ਗੱਡੀਆਂ ਤੇ ਕੈਸ਼ | ੪੭੫ | ੫੫੯੭੪.੦੦ | |
| ੨੬ ਸ਼ਤਾਬਦੀਆਂ ਸਮਾਰੋਹ | ੫੫੦ | ੨੭੯੩੨੨.੦੦ | |
| ੨੭ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ | ੫੮੫ | ੭੨੦੮੩੩.੦੦ | ੨੭੩੮੧.੦੦ |
| ੨੮ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੯੯ | ੩੧੨੯੬੦.੦੦ | ੭੫੭੪.੦੦ |
| ੨੯ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੬੧੩ | ੭੯੯੯੨.੦੦ | |
| ੩੦ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੨੩ | ੯੫੮੩੩.੦੦ | |
| ੩੧ ਗੁਰਮਤਿ ਸੰਗੀਤ ਵਿਦਿਆਲੇ: (ਬਾਦੀਆਂ, ਮੁਕਤਸਰ ਸਾਹਿਬ, ਭੂਰਾ ਕੋਹਨਾ, ਕਾਲਾਮਾਲਾ ਸੰਗਰੂਰ) ਤਨ:,ਸ:ਖ: ਤੇ ਫੁਟ:ਆਦਿ | ੬੩੫ | ੩੯੨੦੨੨.੦੦ | |
| ੩੨ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ, ਭਾਈ ਗੁਰਦਾਸ ਵਿਦਿ:ਆਲਮਗੀਰ) ਤਨਖਾਹਾਂ,ਸਫਰ ਖਰਚ ਤੇ ਫੁਟਕਲ ਆਦਿ | ੬੫੫ | ੪੭੯੧੦੭.੦੦ | |
| ੩੩ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੬੭੨ | ੩੮੫੩੪.੦੦ | |
| ੩੪ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ) | ੬੮੩ | ੫੩੬੧੩੪.੦੦ | |
| ੩੫ ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੦੪ | ੪੮੦੫੨੬੩.੦੦ | ੨੫੯੧.੦੦ |
| ੩੬ ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੨੧ | ੨੬੮੨੬੧.੦੦ | ੩੦੨੮.੦੦ |
| ੩੭ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੪੮ | ੭੦੮੯੮੦.੦੦ | |
| ੩੮ ਫੁਟਕਲ ਖਰਚ ਪੰਜਾਬ ਪ੍ਰਚਾਰ | ੭੬੩ | ੯੫੪੮.੦੦ | |
| ੩੯ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ | ੭੭੫ | ੫੬੭੬੫੯.੦੦ | ੪੪੪੩੦੨.੦੦ |
| ੪੦ ਨਵੀਆਂ ਗੱਡੀਆਂ | ੮੦੭ | ੩੧੧੮੬.੦੦ | |
| ੪੧ ਇਮਾਰਤ ਦਫਤਰ ਧਰਮ ਪ੍ਰਚਾਰ ਕਮੇਟੀ | ੮੧੯ | ੯੩੮੮.੦੦ | |
| ੪੨ ਇਮਾਰਤ ਸ਼ਹੀਦ ਸਿੱਖ ਮਿ: ਕਾਲਜ ਅੰਮ੍ਰਿਤਸਰ | ੮੨੨ | ੬੪੯੪੦੫.੦੦ | ੬੨੪੪੦.੦੦ |

| | | | |
|---|---|---|---|
| ੪੩ ਇਮਾਰਤ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੮੨੫ | ੬੮੬੩੬.੦੦ | ੨੨੬੦.੦੦ |
| ੪੪ ਸਮਾਨ ਦਫਤਰ ਉਤਰਾਖੰਡ ਮਿਸ਼ਨ | ੮੮੦ | ੨੦੭੯.੦੦ | |
| ੪੫ ਸਮਾਨ ਦਫਤਰ ਧਰਮ ਪ੍ਰਚਾਰ | ੮੮੭ | ੩੪੭੦.੦੦ | |
| ੪੬ ਸਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼., ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ | ੯੦੭ | ੩੭੪੯੦.੦੦ | |
| ੪੭ ਸਮਾਨ ਗੁਰਮਤਿ ਵਿਦਿਆਲਾਂ ਸ਼ਾਹਜਹਾਨਪੁਰ ਯੂ.ਪੀ | ੯੧੦ | ੫੪੦੦.੦੦ | |
| ੪੮ ਸਮਾਨ ਗੁਰਮਤਿ ਸੰ: ਵਿਦਿਆਲਾ ਭੂਰਾ ਕੋਹਨਾ | ੯੨੦ | ੧੨੦੦.੦੦ | |
| ੪੯ ਕਰਜਾ ਗੋਲਡਨ ਆਫਸਟ ਪ੍ਰੈੱਸ ਰਾਮਸਰ | ੯੩੪ | | ੨੦੦੦੦੦.੦੦ |
| ੫੦ ਕਰਜਾ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਸ੍ਰੀ ਅੰਮ੍ਰਿਤਸਰ | ੯੩੭ | | ੫੦੦੦੦੦੦.੦੦ |
| ੫੧ ਸਮਾਨ ਭਾਈ ਨਗਾਈਆ ਜੀ ਪਬਲਿਕ ਸਕੂਲ ਫਾਰ ਡੈਫ ਆਲਮਗੀਰ ਲੁਧਿਆਣਾ | ੯੪੫ | ੮੨੩੦.੦੦ | |
| ੫੨ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੦੩ | ੩੮੮੧੨੪.੦੦ | |
| ੫੩ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੨੧ | ੨੬੪੨੯੮.੦੦ | |
| ੫੪ ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ,ਕਰਨਾਲ ਤਨ:, ਵਜੀ:,ਸ:ਖਰਚ ਤੇ ਫੁਟ: | ੧੦੩੮ | ੯੫੩੩੬.੦੦ | |
| ੫੫ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੪੮ | ੧੧੯੭੯੮.੦੦ | |
| ੫੬ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੌਹੜ) | ੧੦੫੯ | ੪੭੯੪੩.੦੦ | |
| ੫੭ ਤਨ:ਸਫਰ ਖਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੭੦ | ੧੦੦੪੮੮੫.੦੦ | |
| ੫੮ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ, ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੮੧ | ੫੪੦੫੬.੦੦ | |
| ੫੯ ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੬ | ੫੦੬੭੫.੦੦ | |

| | | | |
|---|---|---|---|
| ੬੦ ਫੁਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੦੨ | ੩੧੬੫.੦੦ | |
| ੬੧ ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ ਯੂ.ਪੀ | ੧੧੧੧ | ੧੩੬੪੭੫.੦੦ | |
| ੬੨ ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੨੧ | ੬੧੨੦੮.੦੦ | ੧੭੮੬੮੪.੦੦ |
| ੬੩ ਗੁਰ: ਸਾਹਿਬਾਨ ਨੱਕਾ ਕੂਆਂ,ਸੰਤ ਸਭਾ ਨਗੀਨਾ, ਬ੍ਰਿੰਦਾਬਨ,ਗੜ੍ਹਮੁਕਤੇਸਰ ਯੂ:ਪੀ: | ੧੧੨੯ | ੮੪੬੫੨.੦੦ | ੫੧੨੦੬.੦੦ |
| ੬੪ ਸੰਗੀਤ ਵਿਦਿਆਲਾ ਬਗੜੀ ਗਜਰੌਲਾ ਯੂ:ਪੀ: | ੧੧੩੬ | ੬੩੪੬.੦੦ | ੧੩੬੭੨.੦੦ |
| ੬੫ ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧੀ ਕੋਠੀ) ਯੂ:ਪੀ: | ੧੧੪੧ | | ੪੪੨੪.੦੦ |
| ੬੬ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ) ਅਹਿਮਦਾਬਾਦ, ਗੁਜਰਾਤ | ੧੧੫੩ | ੪੦੨੩੩.੦੦ | |
| ੬੭ ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੬੪ | ੧੨੬੯੨੬.੦੦ | |
| ੬੮ ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛਤੀਸਗੜ੍ਹ ਮਿਸ਼ਨ | ੧੧੭੨ | ੪੪੫੮੫.੦੦ | |
| ੬੯ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ: ਸਫਰ ਖਰਚ ਅਤੇ ਬਿੱਲ ਆਦਿ) | ੧੧੭੮ | ੭੮੫੨੦.੦੦ | |
| ੭੦ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੯੦ | ੧੨੦੬੮੮.੦੦ | |
| ੭੧ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੨੦੦ | ੫੯੪੭.੦੦ | |
| ੭੨ ਫੁਟਕਲ ਦਫ਼ਤਰ ਲੰਗਰ (ਆਉ ਭਗਤ) ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੨੦੬ | ੩੮੨੪.੦੦ | |
| ੭੩ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, ਫੁਟਕਲ ਆਦਿ (ਕਾਸ਼ੀਪੁਰ) | ੧੨੧੩ | ੩੨੭੨੩੬.੦੦ | ੫੨੦.੦੦ |
| ੭੪ ਤਨਖਾਹ, ਸਫਰ ਖਰਚ ਆਦਿ ਸਿੱਖ ਮਿਸ਼ਨ ਨੇਪਾਲ | ੧੨੨੯ | ੭੦੫੦.੦੦ | |
| ੭੫ ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੨੩੮ | ੧੧੯੧੩੦.੦੦ | |
| ੭੬ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੬੨ | ੫੮੬੩੦੦.੦੦ | |

| | | | |
|---|---|---|---|
| ੭੭ ਸਹਾਇਤਾ ਦਿੱਲੀ ਸਿੱਖ ਗੁ:ਪ੍ਰਬੰਧਕ ਕਮੇਟੀ | | | |
| ਨਵੀਂ ਦਿੱਲੀ | ੧੨੮੧ | ੨੦੦੦੦੦੦੦.੦੦ | |
| ੭੮ ਸਹਾਇਤਾ ਪੰਜਾਬ ਤੋਂ ਬਾਹਰਲੇ | | | |
| ਗੁਰਦੁਆਰਾ ਸਾਹਿਬਾਨ | ੧੨੮੫ | ੧੦੦੦੦੦.੦੦ | |
| ੭੯ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੯੮ | ੯੦੦੦.੦੦ | |
| ੮੦ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ | | | |
| ਸਿੱਖ ਸ਼ਸਤਰ ਵਿਦਿਆ (ਗਤਕਾ) | ੧੩੧੯ | ੪੬੩੭੩੧.੦੦ | |
| ੮੧ ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ | ੧੩੪੫ | ੪੬੫੦੦੦.੦੦ | |
| ੮੨ ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ | | | |
| (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੫੭ | | ੧੮੭੬.੦੦ |
| ੮੩ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, | | | |
| ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, | | | |
| ਪੰਥਕ ਵਿਦਿਵਾਨਾਂ ਨੂੰ ਸਨਮਾਨਤ | ੧੩੭੬ | ੪੮੩੫੦੦.੦੦ | |
| ੮੪ ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ | | | |
| (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੮੭ | ੪੭੪੦੦੦.੦੦ | |
| ੮੫ ਆਮਦਨ ਕਰ | ੧੪੩੯ | ੨੩੭੧੦੦.੦੦ | ੨੪੪੫੫੫.੦੦ |
| ੮੬ ਟੀ.ਡੀ.ਐਸ. (ਅਦਾਇਗੀ ਯੋਗ) | ੧੪੫੯ | ੧੭੩੩੬੪.੦੦ | ੪੮੮੪੦.੦੦ |
| ੮੭ ਸੇਲ ਟੈਕਸ | ੧੪੭੩ | ੬੭੭੨੩੩.੦੦ | ੩੬੧੭੦.੦੦ |
| ੮੮ ਸਹਾਇਤਾ ਭਾਈ ਨਗਾਈਆ ਜੀ ਪਬਲਿਕ ਸਕੂਲ | | | |
| ਫਾਰ ਡੈੱਫ ਆਲਮਗੀਰ ਲੁਧਿਆਣਾ | ੧੪੮੨ | ੭੬੯੯੪.੦੦ | |
| ੮੯ ਸਹਾਇਤਾ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿ: | | | |
| ਸੰਨ ਸਾਹਿਬ ਛੇਹਰਟਾ ਰੋਡ ਸ੍ਰੀ ਅੰਮ੍ਰਿਤਸਰ | ੧੪੮੪ | ੨੫੦੦੦.੦੦ | |
| ੯੦ ਅਣਦਿੱਤੀ ਤਨਖਾਹ | ੧੫੦੬ | | ੩੦੪੯੦.੦੦ |
| ੯੧ ਅਣਦਿੱਤੇ ਬਿਲਜ਼ | ੧੫੨੦ | ੫੪੩੨੦.੦੦ | ੫੫੮੨੦.੦੦ |
| ੯੨ ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ | | | |
| (ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੧੫੩੬ | ੭੨੮੫੪੧.੦੦ | ੧੯੮੩੦.੦੦ |
| ੯੩ ਅਮਾਨਤ ਕਿਰਾਇਆ ਤੇ ਬਿਜਲੀ | | | |
| ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੧੫੫੨ | ੬੨੯੪੦.੦੦ | ੬੨੯੪੦.੦੦ |
| ੯੪ ਅਮਾਨਤ ਕਿਰਾਇਆ ਗੁ:ਸ੍ਰੀ ਫਤਹਿਗੜ੍ਹ ਸਾਹਿਬ | ੧੫੭੨ | | ੧੭੦੦.੦੦ |
| ੯੫ ਅਮਾਨਤ ਕਿਰਾਇਆ ਤਖਤ ਸ੍ਰੀ ਦਮਦਮਾ ਸਾਹਿਬ | | | |
| ਤਲਵੰਡੀ ਸਾਬੋ, ਬਠਿੰਡਾ | ੧੫੭੮ | | ੮੭੭੬.੦੦ |

| | | | |
|---|---|---|---|
| ੯੬ ਅਮਾਨਤ ਮੁਲਾਜਮਾਂ | ੧੬੦੭ | ੧੯੮੦੬੬.੦੦ | ੧੫੧੫੭੦.੦੦ |
| ੯੭ ਅਮਾਨਤ ਸ਼੍ਰੋਮਣੀ ਕਮੇਟੀ | ੧੬੨੯ | ੨੭੧੩੧.੦੦ | ੨੭੧੩੧.੦੦ |
| ੯੮ ਲੈਣ-ਦੇਣ ਸ਼੍ਰੋਮਣੀ ਕਮੇਟੀ | ੧੬੪੩ | | ੧੦੦੦੦੦੦੦.੦੦ |
| ੯੯ ਪੇਸ਼ਗੀ ਜਨਰਲ | ੧੬੮੨ | ੬੪੨੧੯੯੨.੦੦ | ੪੭੧੭੭੫੧.੦੦ |
| ੧੦੦ ਪੇਸ਼ਗੀ ਹਥਿਆਰ | ੧੭੨੨ | | ੧੪੦੦.੦੦ |
| ੧੦੧ ਪੇਸ਼ਗੀ ਤਨਖਾਹ | ੧੭੪੮ | ੭੮੫੦੦੦.੦੦ | ੫੧੩੮੦੦.੦੦ |
| ੧੦੨ ਕਿਰਾ: ਦੁਕਾਨਾ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੯੮ | | ੭੩੯੭੬.੦੦ |
| ੧੦੩ ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ (ਗੁ: ਸ੍ਰੀ ਮੋਤੀ ਬਾਗ) ਪਟਿਆਲਾ | ੧੮੨੧ | | ੫੪੦.੦੦ |
| ੧੦੪ ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ ਸਾਹਿਬ ਸ੍ਰੀ ਅਨੰਦਪੁਰ | ੧੮੨੩ | | ੧੧੯੦.੦੦ |
| ੧੦੫ ਅਮਾਨਤ ਕਿਰਾਇਆ ਗੁ: ਸ੍ਰੀ ਲੱਧੇਵਾਲ ਸਾਹਿਬ | ੧੮੨੬ | | ੨੧੦੦.੦੦ |
| ੧੦੬ ਪ੍ਰੋ: ਫੰਡ ਸਟਾਫ਼ | ੨੦੧੪ | ੨੦੫੯੮੩੦.੦੦ | ੨੦੫੯੮੩੦.੦੦ |
| ੧੦੭ ਕਰਜਾ ਪ੍ਰੋ: ਫੰਡ | ੨੦੩੬ | ੧੩੬੬੯੫.੦੦ | ੧੩੬੬੯੫.੦੦ |
| ੧੦੮ S.B A/c No.੬੫੦੩੮੬੦੦੪੯੦ SBP, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੦੬੭ | ੧੧੮੦੯੭੬੭.੦੦ | ੧੭੭੧੩੮੯੦.੦੦ |
| ੧੦੯ F.D A/c SBP, ਬਾਗ ਜਲ੍ਹਿਆਂਵਾਲਾ,ਅੰਮ੍ਰਿਤਸਰ | ੨੧੦੦ | ੩੯੨੭੦੧੧.੦੦ | ੩੪੩੩੫੪੯.੦੦ |
| ੧੧੦ S.B A/c No.੦੦੯੭੬੦੦੦/੦੦੦੭੦੧੨੭ PNB, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੧੦੩ | ੫੨੮੮੬.੦੦ | ੪੧੦੫੧੦.੦੦ |
| ੧੧੧ S.B A/c No.੭੪੭੯੦੦੦/੦੦੦੦੮੭੩੨ PNB, ਸਰਾਂਏ, ਅੰਮ੍ਰਿਤਸਰ | ੨੧੨੩ | ੧੧੪੦੦੧੦੦.੦੦ | ੭੧੬੩੯੧੪.੦੦ |
| ੧੧੨ S.B A/c No.੧੩੧੩੧੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ | ੨੧੪੪ | ੯੦੩੩੬੦.੦੦ | ੧੭੦੯੦੦੯੩.੦੦ |
| ੧੧੩ S.B A/c No.੨੪੮੦ PSB, ਸਰਾਂਏ ਅੰਮ੍ਰਿਤਸਰ | ੨੧੭੮ | ੫੫੩੨੬੩੪.੦੦ | ੬੨੩੪੭੬੩.੦੦ |
| ੧੧੪ S.B A/c No.੭੨੬੪ PSB, ਚੌਂਕ ਪ੍ਰਾਗਦਾਸ ਅੰਮ੍ਰਿਤਸਰ | ੨੧੯੬ | | ੧੧੧੫੦੦.੦੦ |
| ੧੧੫ S.B A/c No.੨੩੩ PSB, ਗੜ੍ਹ ਰੋਡ, ਹਾਪੁੜ (ਯੂ.ਪੀ) | ੨੨੨੩ | ੩੦੨੧੯੬.੦੦ | |
| ੧੧੬ S.B A/c No.੦੧੯੬੨੦੧੦੦੧੮੨੧੦ OBC, ਰੇਲਵੇ ਰੋਡ, ਕੁਰੁਕਸ਼ੇਤਰ। | ੨੨੪੪ | | ੩੦੦੦੦੦.੦੦ |
| ੧੧੭ S.B A/c No.੨੯੪੯੫ Canara Bank, ਧਰਮ ਸਿੰਘ ਮਾਰਕੀਟ, ਅੰਮ੍ਰਿਤਸਰ | ੨੨੫੭ | | ੫੦੦੦੦.੦੦ |

| | | | |
|---|---|---|---|
| ੧੧੮ S.B A/c No.੨੧੯੨੧ Induslnd Bank, | | | |
| ਮਾਲ ਰੋਡ, ਅੰਮ੍ਰਿਤਸਰ | ੨੨੬੪ | | ੧੦੬੦੮੦੦.੦੦ |
| ੧੧੯ S.B A/c No.੦੦੬੬੦੧੦੦੩੨੩੩ | | | |
| ICICI Bank, ਮਾਲ ਰੋਡ, ਅੰਮ੍ਰਿਤਸਰ | ੨੨੭੫ | ੫੦੧੧੦੦੩.੦੦ | ੧੦੦੦੦੦੦.੦੦ |
| ੧੨੦ S.B A/c No.੯੧੧੦੧੦੦੩੦੩੭੪੬੭੨ | | | |
| Axis Bank, ਕੋਰਟ ਰੋਡ, ਅੰਮ੍ਰਿਤਸਰ | ੨੨੮੨ | ੧੦੨੨੬੧੧੧.੦੦ | ੩੦੦੪੪੪੧.੦੦ |
| ੧੨੧ S.B A/c No.੭੫੦੧੦੧੦੧੧੦੦੧੭੨੪ | | | |
| ਵਿਜੈ ਬੈਂਕ ਮਾਲਵੀਆ ਰੋਡ, ਅੰਮ੍ਰਿਤਸਰ | ੨੨੮੯ | | ੨੦੦੦੦੦.੦੦ |
| ੧੨੨ S.B A/c No.੦੮੧੧੬੫੫੬੪੨ | | | |
| ਕੋਟਿਕ ਮਹਿੰਦਰਾ ਬੈਂਕ ਮਾਲ ਰੋਡ, ਅੰਮ੍ਰਿਤਸਰ | ੨੩੦੫ | ੫੦੫੧੮੮੫.੦੦ | ੨੦੦੦੦੦.੦੦ |
| ੧੨੩ FD A/c ਚੌਂਕ ਪ੍ਰਾਗਦਾਸ ਅੰਮ੍ਰਿਤਸਰ | ੨੩੨੭ | ੭੦੮੫੨੨.੦੦ | ੬੫੫੮੫੦.੦੦ |
| ੧੨੪ ਸੂਦ ਬੈਂਕਾਂ | ੨੩੭੨ | | ੭੭੦੩੨੯.੦੦ |
| ੧੨੫ ਕਮਿਸ਼ਨ ਬੈਂਕਾਂ | ੨੩੮੨ | ੬੬੭੭.੦੦ | |
| ੧੨੬ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੩੯੧ | | ੩੫੯੦੨.੦੦ |
| ੧੨੭ ਜਮਾਨਤ ਵਿਦਿਆਰਥੀਆਂ | ੨੪੦੯ | ੪੮੦੦੦.੦੦ | ੪੨੦੦੦.੦੦ |
| ੧੨੮ ਜਮਾਨਤਾਂ ਮੁਲਾਜਮਾਂ | ੨੪੨੯ | ੭੫੦੦.੦੦ | ੭੫੦੦.੦੦ |
| ੧੨੯ ਸਕਿਉਰਟੀ ਜਨਰਲ | | | |
| (ਟੈਲੀਫੋਨ, ਗੈਸ, ਬਿਜਲੀ ਆਦਿ) | ੨੪੫੩ | ੫੦੦.੦੦ | |
| | **ਜੋੜ** | ੧੧੩੪੨੬੬੮੧.੦੦ | ੧੧੩੯੧੮੬੫੦.੦੦ |
| | **ਹੱਥ ਦੀ ਬਾਕੀ** | ੧੬੩੧੯੮੮.੦੦ | ੧੧੪੦੦੧੯.੦੦ |
| | **ਕੁਲ ਜੋੜ** | ੧੧੫੦੫੮੬੬੯.੦੦ | ੧੧੫੦੫੮੬੬੯.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਐਡੀ./ਸਕੱਤਰ,

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।